@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Sunday, 4 October 2026

Punjabi National Daily

Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 4 ਅਕਤੂਬਰ 2026, 20 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 331, qpatrika@gmail.com ਫੋਨ : 9971359517 www.qaumipatrika.org

## ’ਭਾਰਤ ਦੀਆਂ ਚਿੰਤਾਵਾਂ ਨੂੰ ਨਹੀਂ ਸਮਝਦਾ ਅਮਰੀਕਾ’, ਅੱਤਵਾਦ ’ਤੇ ਬੋਲੇ ਜੈਸ਼ੰਕਰ

ਕੌਮੀ ਪਤ੍ਰਿਕਾ
ਸਿਮੀ ਕੌਰ ਬੱਬਰ

ਨਿਊਯਾਰਕ, 3 ਅਕਤੂਬਰ। ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਅਮਰੀਕਾ ਨਾਲ ਰਿਸ਼ਤਿਆਂ ਨੂੰ ਲੈ ਕੇ ਕਿਹਾ ਕਿ ਉਹ ਅੱਤਵਾਦ ’ਤੇ ਭਾਰਤ ਦੀ ਚਿੰਤਾ ਨਹੀਂ ਸਮਝਦਾ ਹੈ। ਇਸ ਦਾ ਅਸਰ ਰਿਸ਼ਤਿਆਂ ’ਤੇ ਪੈਂਦਾ ਹੈ। ਉਨ੍ਹਾਂ ਸੋਮਵਾਰ ਨੂੰ ਨਿਊਯਾਰਕ ’ਚ ‘ਏਸ਼ੀਆ ਸੋਸਾਇਟੀ’ ਦੇ ਇਕ ਪ੍ਰੋਗਰਾਮ ’ਚ ਕਿਹਾ ਕਿ ਭਾਰਤ ਨੇ ਕਈ ਦਹਾਕਿਆਂ ਤੱਕ ਆਪਣੇ ਗੁਆਂਢੀ ਦੇਸ਼ ਵੱਲੋਂ ਅੱਤਵਾਦ ਦਾ ਸਾਹਮਣਾ ਕੀਤਾ ਹੈ। ਜੇਕਰ ਅਮਰੀਕਾ ਨੂੰ ਇਸ ਦੀ ਗੰਭੀਰਤਾ ਸਮਝ ਨਹੀਂ ਆਉਂਦੀ, ਤਾਂ ਰਿਸ਼ਤਿਆਂ ’ਤੇ ਅਸਰ ਪੈਂਦਾ ਹੈ। ਜੈਸ਼ੰਕਰ ਨੇ ਚੀਨ ਅਤੇ ਅਮਰੀਕਾ ਵਿਚਾਲੇ ਵਧ ਰਹੀ ਦੋਸਤੀ ਬਾਰੇ ਕਿਹਾ ਕਿ ਹੁਣ ਅਮਰੀਕਾ ਇਕੋ ਸਮੇਂ ਰੂਸ, ਯੂਕ੍ਰੇਨ ਅਤੇ ਚੀਨ ਵਰਗੇ ਦੇਸ਼ਾਂ ਨਾਲ ਸਬੰਧ ਸੁਧਾਰ ਰਿਹਾ ਹੈ। ਹੁਣ ਉਹ ਭਾਰਤ ਦਾ ਡਿਪਲੋਮੇਸੀ ਮਾਡਲ ਅਪਣਾ ਰਿਹਾ ਹੈ। ਪਹਿਲਾਂ ਭਾਰਤ ਦੀ



ਇਸੇ ਨੀਤੀ ਨੂੰ ਲੈ ਕੇ ਅਮਰੀਕਾ ’ਚ ਆਲੋਚਨਾ ਕੀਤੀ ਜਾਂਦੀ ਸੀ। ਵਿਦੇਸ਼ ਮੰਤਰੀ ਨੇ ਬੇਝਿਜਕ ਅਸਲ ਸਥਿਤੀ ਸਾਹਮਣੇ ਰੱਖ ਦਿੱਤੀ ਅਤੇ ਦੱਸ ਦਿੱਤਾ ਕਿ ਅਸਲ ’ਚ ਦਿੱਕਤ ਕਿੱਥੇ ਆ ਰਹੀ ਹੈ। ਉਨ੍ਹਾਂ ਨੇ ਦੋਵਾਂ ਦੇਸ਼ਾਂ ਵਿਚ ਚੱਲ ਰਹੀ ਟ?ਰੇਡ ਡੀਲ ਦੀ ਚਰਚਾ ’ਤੇ ਗੱਲ ਕੀਤੀ ਅਤੇ ਭਾਰਤੀਆਂ ਦੇ ਅਮਰੀਕਾ ਜਾਣ ਦਾ ਮੁੱਦਾ ਵੀ ਉਠਾਇਆ ਪਰ ਬਿਨਾਂ ਕਿਸੇ ਝਿਜਕ ਦੇ ਅੱਤਵਾਦ ’ਤੇ ਅਮਰੀਕਾ ਦਾ ਦੋਮੂੰਹਾ ਚਿਹਰਾ ਵੀ ਉਜਾਗਰ ਕਰ ਦਿੱਤਾ। ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਕਿਹਾ ਕਿ ਭਾਰਤ ਲਈ ਅੱਤਵਾਦ ਦਾ ਮੁੱਦਾ ਵਿਸ਼ੇਸ਼ ਤੌਰ ’ਤੇ ਮਹੱਤਵਪੂਰਨ ਹੈ। ਉਨ੍ਹਾਂ ਦੱਸਿਆ ਕਿ ਸ਼ਾਇਦ ਹੀ ਕੋਈ ਅਜਿਹਾ ਦੇਸ਼ ਹੋਵੇ, ਜਿਸ ਨੂੰ ਦਹਾਕਿਆਂ ਤੋਂ ਕਿਸੇ ਗੁਆਂਢੀ (ਪਾਕਿਸਤਾਨ) ਦੀ ਸੋਚੀ-ਸਮਝੀ ਅਤੇ ਜਾਣ-ਬੁੱਝ ਕੇ ਅਪਣਾਈ ਗਈ ਨੀਤੀ ਕਾਰਨ ਅੱਤਵਾਦ ਦਾ ਸਾਹਮਣਾ ਕਰਨਾ ਪਿਆ ਹੋਵੇ, ਜਿਵੇਂ ਅਸੀਂ ਕੀਤਾ ਹੈ। ਡਾ. ਜੈਸ਼ੰਕਰ ਨੇ ਇਸ ਦੌਰਾਨ ਕਿਹਾ, ‘ਅਮਰੀਕਾ ’ਚ ਇਕ ਸਮੇਂ ਅਜਿਹੀ ਸੋਚ ਸੀ ਕਿ ਉਨ੍ਹਾਂ ਨੂੰ ਭਾਰਤ ਦੇ ਕੋਲ ਬਹੁਤ ਸਾਰੇ ਬਦਲ ਪਸੰਦ ਨਹੀਂ ਸਨ। ਅਮਰੀਕੀ ਚਾਹੁੰਦੇ ਸਨ ਕਿ ਭਾਰਤ ਸਾਡੇ ਨਾਲ ਸਬੰਧਾਂ ’ਤੇ ਧਿਆਨ ਦੇਵੇ, ਜਦਕਿ ਅਮਰੀਕਾ ਨੇ ਖੁਦ ਆਪਣੇ ਲਈ ਬਦਲ ਖੁੱਲ੍ਹੇ ਰੱਖੇ ਸਨ। ਅੱਜ ਉਹ ਸਭ ਖਤਮ ਹੋ ਗਿਆ ਹੈ। ਹੁਣ ਦੁਨੀਆ ਦੇ ਦੇਸ਼ ਖੁੱਲ੍ਹ ਕੇ ਇਕ-ਦੂਜੇ ਨਾਲ ਗੱਲ ਕਰ ਰਹੇ ਹਨ।’ ਵਿਦੇਸ਼ ਮੰਤਰੀ ਨੇ ਇਹ ਵੀ ਕਿਹਾ ਕਿ ਅਮਰੀਕਾ ਨੇ ਵਪਾਰ ਦਾ ਇਕ ਨਵਾਂ ਤਰੀਕਾ ਅਪਣਾਇਆ ਹੈ। ਇਹ ਤਰੀਕਾ ਵਨ-ਟੂ-ਵਨ ਡੀਲ ਹੈ ਮਤਲਬ ਹਰ ਚੀਜ਼ ’ਤੇ ਫਿਰ ਤੋਂ ਗੱਲਬਾਤ। ਹਰ ਕੋਈ ਖੁੱਲ੍ਹ ਕੇ ਇਕ-ਦੂਜੇ ਨਾਲ ਡੀਲ ਕਰ ਰਿਹਾ ਹੈ। ਵਿਦੇਸ਼ ਮੰਤਰੀ ਨੇ ਇਸ ਦੌਰਾਨ ਸਾਫ਼ ਕਿਹਾ ਕਿ ਅਸੀਂ ਅੱਜ ਮਲਟੀਪੋਲੈਰਿਟੀ (ਜਿੱਥੇ ਕੋਈ ਇਕ ਦੇਸ਼ ਇਕੱਲਾ ਪੂਰੀ ਦੁਨੀਆ ’ਤੇ ਆਪਣੀ ਮਰਜ਼ੀ ਨਹੀਂ ਠੋਸ ਸਕਦਾ) ਵੱਲ ਵਧ ਰਹੇ ਹਾਂ। ਭਾਰਤ-ਅਮਰੀਕਾ ਸਬੰਧਾਂ ਅਤੇ ਟੈਰਿਫ ’ਤੇ ਮਤਭੇਦਾਂ ਵਿਚਾਲੇ ਭਾਈਵਾਲੀ ਨੂੰ ਬਿਹਤਰ ਕਰਨ ਦੇ ਤਰੀਕੇ ਬਾਰੇ ਹੋਏ ਸਵਾਲ ’ਤੇ ਜੈਸ਼ੰਕਰ ਨੇ ਕਿਹਾ ਕਿ ਇਨ੍ਹਾਂ ਰਿਸ਼ਤਿਆਂ ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ।

## ਟਰੇਨ ਹਾਦਸੇ ’ਚ ਮਾਰੇ ਗਏ ਯਾਤਰੀ ਕੋਲ ਟਿਕਟ ਨਾ ਹੋਣ ’ਤੇ ਵੀ ਮਿਲੇਗਾ ਮੁਆਵਜ਼ਾ: ਸੁਪਰੀਮ ਕੋਰਟ

ਕੌਮੀ ਪਤ੍ਰਿਕਾ

ਨਵੀਂ ਦਿੱਲੀ 3 ਅਕਤੂਬਰ। ਟ?ਰੇਨ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਯਾਤਰੀ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਇੱਕ ਅਹਿਮ ਅਤੇ ਵੱਡਾ ਫੈਸਲਾ ਸੁਣਾਇਆ ਹੈ, ਜਿਸ ਨਾਲ ਪੀੜਤ ਪਰਿਵਾਰ ਨੂੰ ਵੱਡੀ ਰਾਹਤ ਮਿਲੀ ਹੈ। ਅਦਾਲਤ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਟ?ਰੇਨ ਹਾਦਸੇ ਦੌਰਾਨ ਕਿਸੇ ਯਾਤਰੀ ਦੀ ਮੌਤ ਹੋ ਜਾਂਦੀ ਹੈ ਅਤੇ ਉਸ ਕੋਲੋਂ ਟਿਕਟ ਨਹੀਂ ਮਿਲਦੀ, ਤਾਂ ਵੀ ਉਸ ਦੇ ਪਰਿਵਾਰ ਨੂੰ ਮੁਆਵਜ਼ਾ ਦੇਣਾ ਲਾਜ਼ਮੀ ਹੋਵੇਗਾ। ਸਰਵਉੱਚ ਅਦਾਲਤ ਨੇ ਰੇਲਵੇ ਨੂੰ ਹੁਕਮ ਦਿੱਤਾ ਹੈ ਕਿ ਉਹ 30 ਦਿਨਾਂ ਦੇ ਅੰਦਰ-ਅੰਦਰ ਮ੍ਰਿਤਕ ਦੇ ਪਰਿਵਾਰ ਨੂੰ 8 ਲੱਖ ਰੁਪਏ ਦਾ ਮੁਆਵਜ਼ਾ ਮੁਹੱਈਆ ਕਰਵਾਏ। ਇਹ ਮਾਮਲਾ ਗੁਜਰਾਤ ਦੇ ਰਹਿਣ ਵਾਲੇ ਮਹੇਸ਼ਭਾਈ ਨਾਲ ਸਬੰਧਤ ਹੈ, ਜੋ 3 ਅਕਤੂਬਰ 2017 ਨੂੰ ਸੂਰਤ ਜਾਣ ਲਈ ਟ?ਰੇਨ ’ਚ ਸਫ਼ਰ ਕਰ ਰਹੇ ਸਨ। ਸਫ਼ਰ ਦੌਰਾਨ ਜ਼ੋਰਦਾਰ ਝਟਕਾ ਲੱਗਣ ਕਾਰਨ ਉਨ੍ਹਾਂ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਜਨਰਲ ਕੋਚ ਤੋਂ ਹੇਠਾਂ ਡਿੱਗ ਕੇ ਗੰਭੀਰ ਜ਼ਖ਼ਮੀ ਹੋ ਗਏ। ਲਗਭਗ ਇੱਕ ਮਹੀਨੇ ਤੱਕ ਇਲਾਜ ਅਧੀਨ ਰਹਿਣ ਤੋਂ ਬਾਅਦ 31 ਅਕਤੂਬਰ 2017 ਨੂੰ ਉਨ੍ਹਾਂ ਦੀ ਮੌਤ ਹੋ ਗਈ। ਮਹੇਸ਼ਭਾਈ ਦੇ ਮਾਤਾ-ਪਿਤਾ ਨੇ ਮੁਆਵਜ਼ੇ ਲਈ ‘ਰੇਲਵੇ ਦਾਅਵਾ ਟ੍ਰਿਬਿਊਨਲ’ ਕੋਲ ਅਰਜ਼ੀ ਦਾਇਰ ਕੀਤੀ ਸੀ। ਜਾਂਚ ਦੌਰਾਨ ਟਿਕਟ ਨਾ ਮਿਲਣ ਦਾ ਹਵਾਲਾ ਦਿੰਦਿਆਂ ਰੇਲਵੇ ਨੇ ਮੁਆਵਜ਼ਾ ਦੇਣ ਤੋਂ ਇਨਕਾਰ ਕੀਤਾ ਸੀ, ਪਰ ਟ੍ਰਿਬਿਊਨਲ ਨੇ 17 ਜੂਨ 2022 ਨੂੰ ਰੇਲਵੇ ਨੂੰ 8 ਲੱਖ ਰੁਪਏ ਮੁਆਵਜ਼ਾ ਅਤੇ ਵਿਆਜ ਦੇਣ ਦਾ ਆਦੇਸ਼ ਦਿੱਤਾ ਸੀ। ਬਾਅਦ ਵਿੱਚ ਗੁਜਰਾਤ ਹਾਈ ਕੋਰਟ ਨੇ ਟਿਕਟ ਨਾ ਹੋਣ ਨੂੰ ਮੁੱਖ ਆਧਾਰ ਮੰਨਦਿਆਂ ਟ੍ਰਿਬਿਊਨਲ



ਦੇ ਫੈਸਲੇ ਨੂੰ ਰੱਦ ਕਰ ਦਿੱਤਾ ਸੀ। ਹੁਣ ਸੁਪਰੀਮ ਕੋਰਟ ਨੇ ਇਸ ਮਾਮਲੇ ’ਤੇ ਸੁਣਵਾਈ ਕਰਦਿਆਂ ਹਾਈ ਕੋਰਟ ਦੇ ਫੈਸਲੇ ਨੂੰ ਪਲਟ ਦਿੱਤਾ ਹੈ ਅਤੇ ਟ੍ਰਿਬਿਊਨਲ ਦੇ 17 ਜੂਨ 2022 ਦੇ ਹੁਕਮ ਨੂੰ ਬਹਾਲ ਰੱਖਣ ਦਾ ਨਿਰਦੇਸ਼ ਦਿੱਤਾ ਹੈ।

## ਭਾਜਪਾ ਦੀ ਸਰਕਾਰ ਬਣਨ ’ਤੇ ਪੰਜਾਬ ’ਚੋਂ ਨਸ਼ੇ ਦੇ ਨੈੱਟਵਰਕ ਨੂੰ ਜੜ੍ਹੋਂ ਕੀਤਾ ਜਾਵੇਗਾ ਖ਼ਤਮ: ਮੁੱਖ ਮੰਤਰੀ ਪੁਸ਼ਕਰ ਧਾਮੀ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਗੜ੍ਹਦੀਵਾਲਾ 3 ਅਕਤੂਬਰ। ਭਾਜਪਾ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਅੱਜ ਗੜ੍ਹਦੀਵਾਲਾ ਪਹੁੰਚਣ ’ਤੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਦੀ ਅਗਵਾਈ ਹੇਠ ਦਸੂਆ-ਹੁਸ਼ਿਆਰਪੁਰ ਰੋਡ ’ਤੇ ਭਾਜਪਾ ਵਰਕਰਾਂ ਵੱਲੋਂ ਭਰਮਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪੁਸ਼ਕਰ ਸਿੰਘ ਧਾਮੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਸੰਕਲਪ ਲਿਆ ਹੈ, ਜਿਸ ਤਹਿਤ ਪੰਜਾਬ ਦੇ ਪੂਰੇ 117 ਵਿਧਾਨਸਭਾ ਹਲਕਿਆਂ ’ਚ 4 ਹਜ਼ਾਰ ਕਿਲੋਮੀਟਰ ਦੀ ਇਹ ਯਾਤਰਾ ਕੱਢੀ ਜਾ ਰਹੀ ਹੈ। ਉਨ੍ਹਾਂ ਕਿਹਾ ਪੰਜਾਬ ਗੁਰੂਆਂ-ਪੀਰਾਂ ਅਤੇ ਵੀਰਤਾ ਦੀ ਧਰਤੀ ਹੈ ਪਰ ਅੱਜ ਪੰਜਾਬ ਦੀ ਇਹ ਧਰਤੀ ਨਸ਼ੇ ਦੀ ਗੰਭੀਰ ਸਮੱਸਿਆ ਨਾਲ ਜੂਝ ਰਹੀ ਹੈ। ਪੰਜਾਬ ਨਸ਼ੇ ਦੀ ਅੱਗ ’ਚ ਝੁਲਸ ਰਿਹਾ ਹੈ। ਪੰਜਾਬ ਦੇ ਨੌਜਵਾਨ ਪੂਰੀ ਤਰ੍ਹਾਂ ਨਾਲ ਨਸ਼ੇ ਦੀ ਦਲਦਲ ’ਚ ਧਸਦੇ ਜਾ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ’ਚ ਡਰੱਗ ਨੈੱਟਵਰਕ ਵਿਰੁੱਧ ਸਖ਼ਤ ਕਾਰਵਾਈ



ਕਰਨ ਦੀ ਬਜਾਏ ਪੰਜਾਬ ਦੀਆਂ ਵੱਖ-ਵੱਖ ਸਰਕਾਰਾਂ ਨੇ ਜਨਤਾ ਦੇ ਹਿੱਤਾਂ ਦੀ ਬਜਾਏ ਆਪਣੇ ਹਿੱਤਾਂ ’ਤੇ ਧਿਆਨ ਕੇਂਦਰਿਤ ਕੀਤਾ ਹੈ। ਜਿਸ ਕਾਰਨ ਅੱਜ ਪੰਜਾਬ ਦੀ ਜਵਾਨੀ ਨਸ਼ੇ ਦੀ ਦਲਦਲ ਵਿੱਚ ਫਸ ਚੁੱਕੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ’ਚ ਭਾਜਪਾ ਦੀ ਸਰਕਾਰ ਬਣਨ ’ਤੇ ਸਭ ਤੋਂ ਪਹਿਲਾਂ ਨਸ਼ੇ ਦੇ ਸੌਦਾਗਰਾਂ ਦੀ ਕਮਰ ਤੋੜ ਕੇ ਪੰਜਾਬ ’ਚ ਨਸ਼ੇ ਦੇ ਨੈੱਟਵਰਕ ਨੂੰ ਜੜ੍ਹੋਂ ਖ਼ਤਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਦੀ ’ਨਸ਼ਾ ਮੁਕਤ ਪੰਜਾਬ ਯਾਤਰਾ’ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਇਕ ਸਮਾਜਿਕ ਲਹਿਰ ਹੈ ਅਤੇ ਪੰਜਾਬ ਅਤੇ ਉਸਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਦਾ ਪ੍ਰੋਗਰਾਮ ਹੈ।

## ਫਿਜੀ ਨਾਲ ਸਬੰਧ ਮਜ਼ਬੂਤ ਕਰਨ ਵੱਲ ਭਾਰਤ ਦਾ ਵੱਡਾ ਕਦਮ !

ਇੰਟਰਨੈਸ਼ਨਲ ਡੈਸਕ 3 ਅਕਤੂਬਰ। ਭਾਰਤ ਨੇ ਪ੍ਰਸ਼ਾਂਤ ਮਹਾਸਾਗਰ ਦੇ ਦੇਸ਼ ਫ਼?ਜੀ ਨਾਲ ਆਪਣੇ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਦੇ ਹੋਏ ਖੇਤੀਬਾੜੀ, ਸਿਹਤ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਵੱਡੀ ਮਦਦ ਦਾ ਐਲਾਨ ਕੀਤਾ ਹੈ। ਭਾਰਤ ਸਰਕਾਰ ਵੱਲੋਂ ਫ਼?ਜੀ ਦੇ ਖੇਤੀਬਾੜੀ ਸੈਕਟਰ ਨੂੰ ਆਧੁਨਿਕ ਬਣਾਉਣ ਅਤੇ ਸਿਹਤ ਸੇਵਾਵਾਂ ਦੇ ਸੁਧਾਰ ਲਈ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਭਾਰਤ ਨੇ ਫ਼?ਜੀ ਦੇ ਖੇਤੀਬਾੜੀ ਮੰਤਰਾਲੇ ਨੂੰ ਆਧੁਨਿਕ ਖੇਤੀਬਾੜੀ ਡਰੋਨ ਸੌਂਪੇ ਹਨ। ਇਹ ਡਰੋਨ ਫ਼ਸਲਾਂ ਦੀ ਨਿਗਰਾਨੀ, ਕੀਟਨਾਸ਼ਕਾਂ ਦੇ ਛਿੜਕਾਅ ਅਤੇ ਮਿੱਟੀ ਦੀ ਜਾਂਚ ਲਈ ਵਰਤੇ ਜਾਣਗੇ, ਜਿਸ ਨਾਲ ਖੇਤੀ ਉਤਪਾਦਕਤਾ ਵਿੱਚ ਵਾਧਾ ਹੋਵੇਗਾ। ਇਸ ਤੋਂ ਇਲਾਵਾ ਭਾਰਤੀ ਮਾਹਿਰਾਂ ਦੀ ਟੀਮ ਫ਼?ਜੀ ਦੇ ਸਥਾਨਕ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ, ਜੈਵਿਕ ਖੇਤੀ ਅਤੇ ਡਰੋਨ ਚਲਾਉਣ ਦੀ ਟ?ਰੇਨਿੰਗ ਦੇਵੇਗੀ। ਭਾਰਤ ਨੇ ਫ਼?ਜੀ ਵਿੱਚ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਦਵਾਈਆਂ, ਮੈਡੀਕਲ ਉਪਕਰਨ ਅਤੇ ਤਕਨੀਕੀ ਸਹਾਇਤਾ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਹੈ। ਇਸ ਤੋਂ ਇਲਾਵਾ, ਦੋਵੇਂ ਦੇਸ਼ ਟੈਲੀ-ਮੈਡੀਸਨ ਅਤੇ ਕੈਂਸਰ ਦੇ ਇਲਾਜ ਲਈ ਸਾਂਝੇ ਯਤਨਾਂ ਨੂੰ ਵੀ ਅੱਗੇ ਵਧਾ ਰਹੇ ਹਨ। ਇਹ ਪਹਿਲਕਦਮੀ ਭਾਰਤ ਦੀ ‘ਐਕਟ ਈਸਟ’ ਨੀਤੀ ਅਤੇ ’ਇੰਡੋ-ਪੈਸੀਫਿਕ’ ਖੇਤਰ ’ਚ ਪ੍ਰਸ਼ਾਂਤ ਟਾਪੂ ਦੇਸ਼ਾਂ ਨਾਲ ਭਾਈਵਾਲੀ ਨੂੰ ਮਜ਼ਬੂਤ ਕਰਨ ਦੇ ਵਿਜ਼ਨ ਦਾ ਹਿੱਸਾ ਹੈ।

## ਤਾਮਿਲਨਾਡੂ ’ਚ ਯੂ-ਟਿਊਬਰ ਦੇ ਘਰ ਡਾਕਾ ! 148 ਤੋਲੇ ਸੋਨੇ ਦੀ ਚੋਰੀ

ਨੈਸ਼ਨਲ ਡੈਸਕ 3 ਅਕਤੂਬਰ। ਤਾਮਿਲਨਾਡੂ ਦੇ ਨਾਗਰਕੋਇਲ ਨੇੜੇ ਇਕ ਯੂ-ਟਿਊਬਰ ਦੇ ਘਰ ਵਿਚ ਵੱਡੀ ਚੋਰੀ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਮੁਤਾਬਕ ਉਸ ਦੇ ਘਰੋਂ 220 ਸੌਵਰੇਨ (148 ਤੋਲੇ) ਸੋਨੇ ਦੇ ਗਹਿਣੇ ਚੋਰੀ ਹੋਏ ਹਨ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਘਰ ਦਾ ਮਾਲਕ ਵਿਨੋਦ ਕੁਮਾਰ ਆਪਣੇ ਪਰਿਵਾਰ ਨਾਲ ਬੱਚੇ ਦੇ ਜਨਮ ਦਿਨ ਲਈ ਕੱਪੜੇ ਖਰੀਦਣ ਤਿਰੂਨੇਲਵੇਲੀ ਗਿਆ ਹੋਇਆ ਸੀ। ਪਰਿਵਾਰ ਵੀਰਵਾਰ ਨੂੰ ਘਰੋਂ ਨਿਕਲਿਆ ਸੀ ਅਤੇ ਦੇਰ ਰਾਤ ਵਾਪਸ ਆਇਆ। ਘਰ ਪਹੁੰਚਣ ’ਤੇ ਉਨ੍ਹਾਂ ਨੂੰ ਪਿਛਲਾ ਦਰਵਾਜ਼ਾ ਟੁੱਟਿਆ ਹੋਇਆ ਮਿਲਿਆ। ਇਸ ਤੋਂ ਬਾਅਦ ਜਦੋਂ ਉਨ੍ਹਾਂ ਪਹਿਲੀ ਮੰਜ਼ਿਲ ਦੇ ਬੈੱਡਰੂਮ ’ਚ ਦੇਖਿਆ ਤਾਂ ਉੱਥੇ ਰੱਖੀ ਅਲਮਾਰੀ ਵੀ ਟੁੱਟੀ ਹੋਈ ਮਿਲੀ, ਜਿਸ ਵਿਚੋਂ ਸੋਨੇ ਦੇ ਗਹਿਣੇ ਗਾਇਬ ਸਨ। ਪੁਲਸ ਦੀ ਮੁੱਢਲੀ ਜਾਂਚ ਵਿਚ ਚੋਰੀ ਕਰਨ ਦੇ ਤਰੀਕੇ ਦਾ ਵੀ ਪਤਾ ਲੱਗਾ ਹੈ। ਜਾਂਚ ਮੁਤਾਬਕ ਬਦਮਾਸ਼ਾਂ ਨੇ ਘਰ ਦੇ ਪਿੱਛੇ ਲੱਗੇ ਦਰਵਾਜ਼ੇ ਦੇ ਫ?ਰੇਮ ਨੂੰ ਗੈਸ ਕਟਰ ਨਾਲ ਕੱਟਿਆ ਅਤੇ ਇਸੇ ਰਸਤਿਓਂ ਘਰ ਵਿਚ ਦਾਖਲ ਹੋਏ। ਸ਼ਿਕਾਇਤ ਮਿਲਣ ਤੋਂ ਬਾਅਦ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਕੁਆਂਟਮ ਤਕਨੀਕ ਲਈ ਡੀਆਰਡੀਓ ਦਾ ਸਟਾਰਟਅੱਪ ਨਾਲ ਪਹਿਲਾ ਵੱਡਾ ਸਮਝੌਤਾ

ਨਵੀਂ ਦਿੱਲੀ 3 ਅਕਤੂਬਰ। ਰੱਖਿਆ ਖੋਜ ਅਤੇ ਵਿਕਾਸ ਸੰਗਠਨ (ਡੀਆਰਡੀਓ) ਨੇ ਤਕਨਾਲੋਜੀ ਵਿਕਾਸ ਫੰਡ ਯੋਜਨਾ ਦੇ ਅਧੀਨ 20 ਮਿਲੀਕੇਲਵਿਨ ਡਾਈਲਿਊਸ਼ਨ ਰੈਫ੍ਰਿਜਰੇਟਰ ਦੇ ਸਵਦੇਸ਼ੀ ਵਿਕਾਸ ਲਈ ਰਾਜਸਥਾਨ ਦੇ ਅਲਵਰ ’ਚ ਸਥਿਤ ਇਕ ਸਟਾਰਟਅੱਪ ਜ਼ੀਰੋ ਐੱਮਕੇ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਸਮਝੌਤਾ ਕੀਤਾ ਹੈ। ਰੱਖਿਆ ਮੰਤਰਾਲੇ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਯੋਜਨਾ ਦੇ ਤਹਿਤ ਇਕ ਡੀਪ-ਟੈਕ ਪ੍ਰਾਜੈਕਟ ਲਈ ਇਹ ਪਹਿਲਾ ਵੱਡਾ ਸਮਝੌਤਾ ਹੈ। ਵਿਕਾਸ ਫੰਡ ਦੇ ਡਾਇਰੈਕਟਰ ਅਤੇ ਕੰਪਨੀ ਵਿਚਕਾਰ ਵੀਰਵਾਰ ਨੂੰ ਇਹ ਸਮਝੌਤਾ ਹੋਇਆ। ਇਹ 500 ਕਰੋੜ ਰੁਪਏ ਦੇ ਉਸ ਫੰਡ ਦੇ ਅਧੀਨ ਪਹਿਲਾ ਵੱਡਾ ਸਮਝੌਤਾ ਹੈ, ਜਿਸ ਨੂੰ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਡੀਪ-ਟੈਕ ਅਤੇ ਅਤਿ-ਆਧੁਨਿਕ ਪ੍ਰਾਜੈਕਟਾਂ ਲਈ ਮਨਜ਼ੂਰ ਕੀਤਾ ਸੀ। ਡਾਇਲਿਊਸ਼ਨ ਰੈਫ੍ਰਿਜਰੇਟਰ ਵਿਸ਼ੇਸ਼ ਕ੍ਰਾਇਓਜੇਨਿਕ ਪ੍ਰਣਾਲੀਆਂ ਹਨ ਜੋ ਤਾਪਮਾਨ ਨੂੰ ਮਿਲਕੇਲਵਿਨ ਪੱਧਰ ਤੱਕ ਬੇਹੱਦ ਘੱਟ ਕਰ ਸਕਦੇ ਹਨ। ਅਜਿਹਾ ਬੇਹੱਦ ਘੱਟ ਤਾਪਮਾਨ ਕੁਆਂਟਮ ਕੰਪਿਊਟਿੰਗ ਦੇ ਕਈ ਪਲੇਟਫਾਰਮਾਂ ਅਤੇ ਸੰਬੰਧਿਤ ਕੁਆਂਟਮ ਤਕਨਾਲੋਜੀਆਂ ਦੇ ਸੰਚਾਲਨ ਅਤੇ ਜਾਂਚ ਲਈ ਜ਼ਰੂਰੀ ਹੈ। 20 ਮਿਲੀਕੇਲਵਿਨ ਡਾਇਲਿਊਸ਼ਨ ਰੈਫ੍ਰਿਜਰੇਟਰ ਦਾ ਸਵਦੇਸ਼ੀ ਵਿਕਾਸ ਰਾਸ਼ਟਰੀ ਕੁਆਂਟਮ ਮਿਸ਼ਨ ਦੇ ਅਨੁਸਾਰ ਹੈ। ਇਹ ਕੁਆਂਟਮ ਤਕਨਾਲੋਜੀ, ਉੱਨਤ ਕ੍ਰਾਇਓਜੇਨਿਕਸ ਅਤੇ ਰਣਨੀਤਕ ਤਕਨਾਲੋਜੀਆਂ ’ਚ ਭਾਰਤ ਦੀਆਂ ਸਮਰੱਥਾਵਾਂ ਨੂੰ ਮਜ਼ਬੂਤ ??ਕਰੇਗਾ। ਇਹ ਆਯਾਤ ਕੀਤੇ ਕ੍ਰਾਇਓਜੇਨਿਕ ਬੁਨਿਆਦੀ ਢਾਂਚੇ ’ਤੇ ਨਿਰਭਰਤਾ ਘਟਾਉਣ ਅਤੇ ਘਰੇਲੂ ਕੁਆਂਟਮ ਤਕਨਾਲੋਜੀ ਖੇਤਰ ਨੂੰ ਮਜ਼ਬੂਤ ??ਕਰਨ ’ਚ ਵੀ ਮਦਦ ਕਰੇਗਾ। ਰੱਖਿਆ ਮੰਤਰੀ ਨੇ ਡੀਆਰਡੀਓ, ਉਦਯੋਗ ਅਤੇ ਇਸ ਪ੍ਰਾਜੈਕਟ ’ਚ ਸ਼ਾਮਲ ਸਾਰੇ ਹੋਰ ਹਿੱਸੇਦਾਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਭਾਈਵਾਲੀ ਡੀਆਰਡੀਓ ਅਤੇ ਉਦਯੋਗ ਵਿਚਕਾਰ ਉੱਭਰਦੀਆਂ ਤਕਨਾਲੋਜੀਆਂ ’ਚ ਭਵਿੱਖ ਦੇ ਸਹਿਯੋਗ ਲਈ ਇਕ ਮਹੱਤਵਪੂਰਨ ਉਦਾਹਰਣ ਕਾਇਮ ਬਣੇਗੀ।

## ਸੁਖਜਿੰਦਰ ਰੰਧਾਵਾ ਵਲੋਂ ਵਿਕਾਸ ਤਾਲਮੇਲ ਤੇ ਨਿਗਰਾਨ ਕਮੇਟੀ ਦੀ ਮੀਟਿੰਗ ’ਚ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ

ਕੌਮੀ ਪਤ੍ਰਿਕਾ

ਗੁਰਦਾਸਪੁਰ 3 ਅਕਤੂਬਰ। ਜ਼ਿਲ੍ਹਾ ਗੁਰਦਾਸਪੁਰ ’ਚ ਚੱਲ ਰਹੀਆਂ ਕੇਂਦਰੀ ਸਕੀਮਾਂ ਦਾ ਜਾਇਜ਼ਾ ਲੈਣ ਲਈ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਮੋਨੀਟਰਿੰਗ (ਦਿਸ਼ਾ) ਕਮੇਟੀ ਦੀ ਮੀਟਿੰਗ ਅੱਜ ਸਥਾਨਕ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਹੋਈ। ’ਦਿਸ਼ਾ’ ਕਮੇਟੀ ਦੀ ਮੀਟਿੰਗ ਵਿੱਚ ਕਾਦੀਆਂ ਦੇ ਵਿਧਾਇਕ ਪ੍ਰਤਾਪ ਸਿੰਘ ਬਾਜਵਾ, ਫ਼ਤਹਿਗੜ੍ਹ ਚੂੜੀਆਂ ਦੇ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਗੁਰਦਾਸਪੁਰ ਦੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ, ਬਟਾਲਾ ਤੋਂ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਡੇਰਾ ਬਾਬਾ ਨਾਨਕ ਤੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਅਤੇ ਦਿਸ਼ਾ ਕਮੇਟੀ ਦੇ ਮੈਂਬਰ ਅਸ਼ੋਕ ਚੌਧਰੀ, ਰਾਜੇਸ਼ ਕਵਾਤਰਾ, ਹਰਵਿੰਦਰ ਸਿੰਘ ਅਤੇ ਅਨੀਤਾ ਕੁਮਾਰੀ ਵੀ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ। ਇਸ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਸਹਾਇਕ ਕਮਿਸ਼ਨਰ (ਜ) ਕੁਲਦੀਪ ਚੰਦ, ਐੱਸ.ਪੀ (ਡੀ) ਗੁਰਦਾਸਪੁਰ ਮਨੋਜ ਕੁਮਾਰ ਠਾਕੁਰ, ਡੀ ਐੱਸ ਪੀ ਸਮੀਰ ਸਿੰਘ ਤੋਂ ਇਲਾਵਾ ਸਮੂਹ ਐੱਸ.ਡੀ.ਐੱਮਜ਼ ਅਤੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ। ਰੰਧਾਵਾ ਵਲੋਂ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨ ਕਮੇਟੀ ਦੀ ਮੀਟਿੰਗ ਦੌਰਾਨ ਐਮ.ਪੀ ਲੈਡ ਸਮੇਤ ਭਾਰਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਕੇਂਦਰੀ ਪ੍ਰਾਯੋਜਿਤ ਯੋਜਨਾਵਾਂ ਦੀ ਪ੍ਰਗਤੀ ਅਤੇ ਲਾਗੂਕਰਨ ਦੀ ਸਮੀਖਿਆ ਕੀਤੀ ਗਈ ਅਤੇ ਵੱਖ-ਵੱਖ ਯੋਜਨਾਵਾਂ ਤਹਿਤ ਚੱਲ ਰਹੇ ਵਿਕਾਸ ਕਾਰਜਾਂ ਦੀ ਜ਼ਮੀਨੀ ਸਥਿਤੀ, ਲੰਬਿਤ ਮਾਮਲਿਆਂ ਅਤੇ ਲੋਕਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਸਮੇਂ ਸਿਰ ਪਹੁੰਚਾਉਣ ਸਬੰਧੀ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ- ਵਟਾਂਦਰਾ ਕੀਤਾ ਗਿਆ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਰੰਧਾਵਾ ਵੱਲੋਂ ਐੱਮ.ਪੀ ਲੈਡ ਸਕੀਮ, ਪ੍ਰਧਾਨ ਮੰਤਰੀ ਸਵੈ-ਨਿਧੀ ਯੋਜਨਾ, ਮਿਸ਼ਨ ਅੰਮ੍ਰਿਤ ਸਰੋਵਰ, ਮਗਨਰੇਗਾ, ਸਾਂਸਦ ਅਦਰਸ਼ ਗ੍ਰਾਮ ਯੋਜਨਾ, ਪ੍ਰਧਾਨ ਮੰਤਰੀ ਅਵਾਸ ਯੋਜਨਾ (ਪੇਂਡੂ ਤੇ ਸ਼ਹਿਰੀ), ਨੈਸ਼ਨਲ ਹੈਲਥ ਮਿਸ਼ਨ, ਇਨਟੈਗਰੇਟਿਡ ਚਾਈਲਡ



ਡਿਵੈਲਪਮੈਂਟ ਸਕੀਮ, ਬੇਟੀ ਬਚਾਓ, ਬੇਟੀ ਪੜ੍ਹਾਓ, ਸਮੱਗਰਾ ਸਿੱਖਿਆ ਅਭਿਆਨ, ਮਿਡ ਡੇਅ ਮੀਲ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਰਾਸ਼ਟਰੀਯ ਬੁਢਾਪਾ ਪੈਨਸ਼ਨ ਸਕੀਮ, ਰਾਸ਼ਟਰੀਯ ਵਿਧਵਾ ਪੈਨਸ਼ਨ ਸਕੀਮ, ਰਾਸ਼ਟਰੀਯ ਡਿਸਏਬਲਡ ਪੈਨਸ਼ਨ ਸਕੀਮ, ਪ੍ਰਧਾਨ ਮੰਤਰੀ ਉਜਵਲਾ ਯੋਜਨਾ, ਸ਼ਿਆਮਾ ਪ੍ਰਸ਼ਾਦ ਮੁਖਰਜੀ ਅਰਬਨ ਮਿਸ਼ਨ, ਦੀਨ ਦਿਆਲ ਉਪਾਧਿਆਇ ਗ੍ਰਾਮੀਨ ਕੌਸ਼ਲਿਆ ਯੋਜਨਾ, ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ, ਸਵੱਛ ਭਾਰਤ ਮਿਸ਼ਨ, ਜਲ ਸਪਲਾਈ ਅਤੇ ਸੈਨੀਟੇਸ਼ਨ ਦੀਆਂ ਸਕੀਮਾਂ ਅਤੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਹੋਰ ਵਿਕਾਸ ਯੋਜਨਾਵਾਂ ਦੀ ਪ੍ਰਗਤੀ ਦਾ ਵਿਸਥਾਰ ਵਿੱਚ ਜਾਇਜ਼ਾ ਲਿਆ ਗਿਆ। ਰੰਧਾਵਾ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਲਾਭ ਜ਼ਿਲ੍ਹੇ ਦੇ ਹਰੇਕ ਲੋੜਵੰਦ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਚੱਲ ਰਹੇ ਵਿਕਾਸ ਕਾਰਜਾਂ ਦਾ ਖ਼ੁਦ ਮੌਕੇ ’ਤੇ ਜਾ ਕੇ ਮੁਆਇਨਾ ਕਰਨ, ਕੰਮ ਦੀ ਗੁਣਵੱਤਾ ਦਾ ਖ਼ਾਸ ਖ਼?ਆਲ ਰੱਖਿਆ ਜਾਵੇ ਅਤੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਕਿਸੇ ਵੀ ਭਲਾਈ ਯੋਜਨਾ ਨੂੰ ਲਾਗੂ ਕਰਨ ਵਿੱਚ ਜਾਂ ਕਿਸੇ ਵਿਕਾਸ ਕਾਰਜ ਵਿੱਚ ਢਿੱਲ-ਮੱਠ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨੈਸ਼ਨਲ ਹਾਈਵੇ ਦੇ ਵੱਖ ਵੱਖ ਕੰਮਾਂ ਅਤੇ ਬਟਾਲਾ-ਕਾਦੀਆਂ ਰੇਲਵੇ ਲਾਈਨ ਬਾਰੇ ਵੀ ਸਬੰਧਤ ਅਧਿਕਾਰੀਆਂ ਕੋਲੋਂ ਜਾਣਕਾਰੀ ਲਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ ਨੇ ਲੋਕ ਸਭਾ ਮੈਂਬਰ ਗੁਰਦਾਸਪੁਰ ਨੂੰ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਦੀਆਂ ਭਲਾਈ ਸਕੀਮਾਂ ਨੂੰ ਹਰ ਲੋੜਵੰਦ ਤੱਕ ਪਹੁੰਚਾਉਣ ਲਈ ਪੂਰੀ ਸੁਹਿਰਦਤਾ ਨਾਲ ਹੋਰ ਯਤਨ ਕੀਤੇ ਜਾਣਗੇ ਅਤੇ ਵਿਕਾਸ ਕਾਰਜਾਂ ਨੂੰ ਨਿਸ਼ਚਿਤ ਸਮੇਂ ਅੰਦਰ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਵਿਧਾਇਕ ਪ੍ਰਤਾਪ ਸਿੰਘ ਬਾਜਵਾ, ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ, ਵਿਧਾਇਕ ਸ਼ੈਰੀ ਕਲਸੀ, ਵਿਧਾਇਕ ਗੁਰਦੀਪ ਸਿੰਘ ਰੰਧਾਵਾ ਤੇ ਦਿਸ਼ਾ ਕਮੇਟੀ ਦੇ ਮੈਂਬਰਾਂ ਨੇ ਆਪਣੇ ਵਿਚਾਰ ਰੱਖੇ।

## ਸੁਪਰੀਮ ਕੋਰਟ ਨੂੰ ਤੁਰੰਤ ਨੋਟਿਸ ਲੈ ਕੇ ਚੋਣ ਕਮਿਸ਼ਨਰ ਗਿਆਨੇਸ਼ ਨੂੰ ਜਵਾਬਦੇਹ ਬਣਾਉਣਾ ਚਾਹੀਦੈ : ਕਾਂਗਰਸ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 3 ਅਕਤੂਬਰ। ਚੋਣ ਕਮਿਸ਼ਨ ਦੇ ਕੰਮਕਾਜ ਨਾਲ ਜੁੜੇ ਵਿਵਾਦ ਦੇ ਵਿਚਕਾਰ ਕਾਂਗਰਸ ਪਾਰਟੀ ਨੇ ਕਿਹਾ ਕਿ ਸੁਪਰੀਮ ਕੋਰਟ ਨੂੰ ਇਸ ਮਾਮਲੇ ਦਾ ਤੁਰੰਤ ਨੋਟਿਸ ਲੈਣਾ ਚਾਹੀਦਾ ਹੈ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਜਵਾਬਦੇਹ ਬਣਾਉਣਾ ਚਾਹੀਦਾ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ X ’ਤੇ ਇੱਕ ਪੋਸਟ ਵਿੱਚ ਦਾਅਵਾ ਕੀਤਾ ਕਿ ਚੋਣ ਕਮਿਸ਼ਨ ਨੇ ਅਧਿਕਾਰੀਆਂ ਨੂੰ ਨੌਜਵਾਨ ਵੋਟਰਾਂ ਲਈ ਵਿਸ਼ੇਸ਼ ਨਾਮਾਂਕਣ ਕੈਂਪ ਲਗਾਉਣ ਅਤੇ ਸੋਸ਼ਲ ਮੀਡੀਆ ਰਾਹੀਂ ਇਸਦਾ ਵਿਆਪਕ ਪ੍ਰਚਾਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਰਮੇਸ਼ ਨੇ ਦੋਸ਼ ਲਗਾਇਆ ਕਿ ਫਾਰਮ 6 ਵਿੱਚ ਕੀਤੀਆਂ ਗਈਆਂ ਤਬਦੀਲੀਆਂ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹਨ ਅਤੇ ਚੋਣ ਕਮਿਸ਼ਨ ਕੋਲ ਇਸ ਵਿੱਚ ਇੱਕਪਾਸੜ ਸੋਧ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜੁਲਾਈ 2026 ਦੇ ਸ਼ੁਰੂ ਵਿੱਚ ਆਨਲਾਈਨ ਫਾਰਮ ਨੂੰ ਬਿਨਾਂ ਕਿਸੇ ਅਧਿਕਾਰਤ ਸੂਚਨਾ ਦੇ ਬਦਲਾਅ ਕੀਤਾ



ਅਤੇ ਇੱਕ ਨਵੀਂ ਧਾਰਾ ਜੋੜੀ, ਜਿਸ ਵਿੱਚ ਬਿਨੈਕਾਰਾਂ ਨੂੰ ਇਹ ਜਾਣਕਾਰੀ ਪ੍ਰਦਾਨ ਕਰਨ ਦੀ ਲੋੜ ਸੀ ਕਿ ਕੀ ਉਨ੍ਹਾਂ ਦੇ ਮਾਤਾ-ਪਿਤਾ ਜਾਂ ਦਾਦਾ-ਦਾਦੀ ਪਿਛਲੀ ਵਿਸ਼ੇਸ਼ ਤੀਬਰ ਸੋਧ ਵਿੱਚ ਸ਼ਾਮਲ ਸਨ। ਕਾਂਗਰਸ ਨੇਤਾ ਨੇ ਕਿਹਾ ਕਿ ਇਹ ਵਿਵਸਥਾ ਖਾਸ ਕਰਕੇ ਉਨ੍ਹਾਂ ਨੌਜਵਾਨਾਂ ਲਈ ਰੁਕਾਵਟਾਂ ਪੈਦਾ ਕਰਦੀ ਹੈ ਜੋ ਪਹਿਲੀ ਵਾਰ ਵੋਟਰ ਬਣ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਫਾਰਮ-6 ਵਿੱਚ ਸੋਧ ਕਰਨ ਦੀ ਸ਼ਕਤੀ ਕੇਂਦਰ ਸਰਕਾਰ ਕੋਲ ਹੈ, ਚੋਣ ਕਮਿਸ਼ਨ ਕੋਲ ਨਹੀਂ ਅਤੇ ਅਜਿਹੀ ਤਬਦੀਲੀ ਸਬੰਧਤ ਨਿਯਮਾਂ ਵਿੱਚ ਸੋਧ ਕੀਤੇ ਬਿਨਾਂ ਨਹੀਂ ਕੀਤੀ ਜਾ ਸਕਦੀ। ਰਮੇਸ਼ ਨੇ ’ਚੋਣਕਾਰਾਂ ਦੀ ਰਜਿਸਟ?ਰੇਸ਼ਨ ਨਿਯਮ, 1960’ ਦਾ ਹਵਾਲਾ ਦਿੰਦੇ ਦਾਅਵਾ ਕੀਤਾ ਕਿ ਫਾਰਮ ਵਿੱਚ ਬਦਲਾਅ ਲਈ ਨਿਯਮਾਂ ਵਿੱਚ ਜ਼ਰੂਰੀ ਸੋਧ ਅਤੇ ਸੰਸਦ ਨੂੰ ਸੂਚਿਤ ਕਰਨ ਦੀ ਲੋੜ ਸੀ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਦੋਵਾਂ ਚੋਣ ਕਮਿਸ਼ਨਰਾਂ ਨੇ ਇਸ ਬਦਲਾਅ ਨੂੰ ਗੈਰ-ਕਾਨੂੰਨੀ ਅਤੇ ਅਣਅਧਿਕਾਰਤ ਕਿਹਾ ਸੀ ਅਤੇ ਇਸਨੂੰ ਰੱਦ ਕਰਨ ਦੀ ਮੰਗ ਕੀਤੀ ਸੀ ਤਾਂ ਜੋ ਨੌਜਵਾਨ ਅਤੇ ਪਹਿਲੀ ਵਾਰ ਵੋਟਰ ਬਿਨਾਂ ਕਿਸੇ ਪਰੇਸ਼ਾਨੀ ਦੇ ਰਜਿਸਟਰ ਕਰ ਸਕਣ। ਰਮੇਸ਼ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ’ਤੇ ਨਿਸ਼ਾਨਾ ਸਾਧਦੇ ਦੋਸ਼ ਲਗਾਇਆ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਸੰਸਦ ਦੁਆਰਾ ਬਣਾਏ ਗਏ ਸੰਵਿਧਾਨਕ ਪਰੰਪਰਾਵਾਂ ਅਤੇ ਕਾਨੂੰਨਾਂ ਦੀ ਉਲੰਘਣਾ ਕੀਤੀ ਗਈ।

## ਮਿਡ-ਡੇ ਮੀਲ ਤੇ ਖੇਡ ਫੰਡਾਂ ਨੂੰ ਲੈ ਕੇ ਸਰਕਾਰ ਖ਼?ਲਾਫ਼ ਅਧਿਆਪਕਾਂ ਦਾ ਮੋਰਚਾ, 1 ਅਕਤੂਬਰ ਤੋਂ ਚੁੱਲ੍ਹੇ ਠੰਡੇ ਕਰਨ ਦਾ ਐਲਾਨ

ਕੌਮੀ ਪਤ੍ਰਿਕਾ

ਸੁਲਤਾਨਪੁਰ ਲੋਧੀ 3 ਅਕਤੂਬਰ। ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੀ ਹੋਈ ਆਨਲਾਈਨ ਅਤੇ ਆਫਲਾਈਨ ਮੀਟਿੰਗ ਦੌਰਾਨ ਸਕੂਲਾਂ ’ਚ ਮਿਡ ਡੇ ਮੀਲ ਅਤੇ ਪ੍ਰਾਇਮਰੀ ਸਕੂਲ ਖੇਡਾਂ ਸਬੰਧੀ ਅਹਿਮ ਫੈਸਲੇ ਲਏ ਗਏ। ਅਧਿਆਪਕ ਆਗੂਆਂ ਨੇ ਸਪੱਸ਼ਟ ਐਲਾਨ ਕੀਤਾ ਕਿ ਜੇਕਰ ਮਿਡ ਡੇ ਮੀਲ ਦੀ ਰਾਸ਼ੀ ਐਡਵਾਂਸ ’ਚ ਜਾਰੀ ਨਾ ਕੀਤੀ ਗਈ ਤਾਂ 1 ਅਕਤੂਬਰ ਤੋਂ ਮਿਡ ਡੇ ਮੀਲ ਬੰਦ ਕਰ ਦਿੱਤਾ ਜਾਵੇਗਾ। ਇਸੇ ਤਰ੍ਹਾਂ ਪ੍ਰਾਇਮਰੀ ਸਕੂਲ ਖੇਡਾਂ ਲਈ ਫੰਡ ਜਾਰੀ ਨਾ ਹੋਣ ਦੀ ਸੂਰਤ ’ਚ ਅਧਿਆਪਕ ਆਪਣੀ ਜੇਬ ’ਚੋਂ ਪੈਸੇ ਖਰਚ ਕਰ ਕੇ ਖੇਡਾਂ ਨਹੀਂ ਕਰਵਾਉਣਗੇ। ਮੀਟਿੰਗ ’ਚ ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾਈ ਆਗੂ ਰਸ਼ਪਾਲ ਸਿੰਘ ਵੜੈਚ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਕਪੂਰਥਲਾ ਦੇ ਜ਼ਿਲਾ ਪ੍ਰਧਾਨ ਹਰਵਿੰਦਰ ਸਿੰਘ ਅੱਲੂਵਾਲ, ਜੀ. ਟੀ. ਯੂ. ਦੇ ਜ਼ਿਲਾ ਪ੍ਰਧਾਨ ਸੁਖਚੈਨ ਸਿੰਘ ਬੱਧਣ, ਗੁਰਮੇਜ ਸਿੰਘ ਤਲਵੰਡੀ ਚੌਧਰੀਆਂ, ਅਧਿਆਪਕ ਦਲ ਕਪੂਰਥਲਾ ਦੇ ਜ਼ਿਲਾ ਪ੍ਰਧਾਨ ਸੁਖਦਿਆਲ ਸਿੰਘ ਝੰਡ, ਡੀ. ਟੀ. ਐੱਫ. ਆਗੂ ਜੈਮਲ ਸਿੰਘ, ਮਾਸਟਰ ਕਾਡਰ ਯੂਨੀਅਨ ਕਪੂਰਥਲਾ ਦੇ ਨਰੇਸ਼ ਕੋਹਲੀ ਅਤੇ ਤਰਵਿੰਦਰ ਸਿੰਘ ਮੱਲ੍ਹੀ ਸਮੇਤ ਹੋਰ ਆਗੂਆਂ ਨੇ ਸ਼ਮੂਲੀਅਤ ਕੀਤੀ। ਅਧਿਆਪਕ ਆਗੂਆਂ ਨੇ ਦੱਸਿਆ ਕਿ ਅਪ੍ਰੈਲ ਮਹੀਨੇ ਤੋਂ ਲੈ ਕੇ ਹੁਣ ਤੱਕ ਮਿਡ ਡੇ ਮੀਲ ਦਾ ਖਰਚਾ ਅਧਿਆਪਕਾਂ ਨੂੰ ਆਪਣੀ ਜੇਬ ’ਚੋਂ ਕਰਨਾ ਪੈ ਰਿਹਾ ਹੈ। ਵਿਭਾਗ ਵੱਲੋਂ ਮਿਡ ਡੇ ਮੀਲ ਦੀ ਰਾਸ਼ੀ ਨਵੇਂ ‘ਸਪਰਸ਼ ਪੋਰਟਲ’ ਰਾਹੀਂ ਭੇਜਣ ਦੀ ਪ੍ਰਕਿਰਿਆ ਅਪਣਾਈ ਜਾ ਰਹੀ ਹੈ, ਜੋ ਕਾਫੀ ਗੁੰਝਲਦਾਰ ਹੋਣ ਕਾਰਨ ਪ੍ਰੇਸ਼ਾਨੀ ਦਾ ਕਾਰਨ ਬਣ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਪ੍ਰਕਿਰਿਆ ਨੂੰ ਸਰਲ ਕੀਤਾ ਜਾਵੇ ਅਤੇ ਲੋੜੀਂਦੀ ਰਾਸ਼ੀ ਸਮੇਂ ਸਿਰ ਐਡਵਾਂਸ ’ਚ ਮੁਹੱਈਆ ਕਰਵਾਈ ਜਾਵੇ। ਆਗੂਆਂ ਨੇ ਕਿਹਾ ਕਿ ਲਗਾਤਾਰ ਪੱਲਿਓਂ ਖਰਚਾ ਕਰਵਾਉਣਾ ਵਾਜਬ ਨਹੀਂ ਹੈ, ਇਸ ਲਈ ਜਦੋਂ ਤੱਕ ਰਾਸ਼ੀ ਐਡਵਾਂਸ ਨਹੀਂ ਆਉਂਦੀ, 1 ਅਕਤੂਬਰ ਤੋਂ ਮਿਡ ਡੇ ਮੀਲ ਚਲਾਉਣ ਦੀ ਜ਼ਿੰਮੇਵਾਰੀ ਅਧਿਆਪਕ ਨਹੀਂ ਨਿਭਾਉਣਗੇ। ਮੀਟਿੰਗ ਦੌਰਾਨ ਪ੍ਰਾਇਮਰੀ ਸਕੂਲ ਖੇਡਾਂ ਨੂੰ ਲੈ ਕੇ ਵੀ ਸਖਤ ਰੁਖ ਅਪਣਾਉਂਦਿਆਂ ਫੈਸਲਾ ਕੀਤਾ ਗਿਆ ਕਿ ਜੇਕਰ ਸਰਕਾਰ ਜਾਂ ਵਿਭਾਗ ਵੱਲੋਂ ਲੋੜੀਂਦੇ ਫੰਡ ਜਾਰੀ ਨਹੀਂ ਹੁੰਦੇ ਤਾਂ ਅਧਿਆਪਕ ਆਪਣੀ ਜੇਬ ’ਚੋਂ ਖਰਚਾ ਕਰ ਕੇ ਖੇਡਾਂ ਨਹੀਂ ਕਰਵਾਉਣਗੇ। ਉਨ੍ਹਾਂ ਕਿਹਾ ਕਿ ਖੇਡਾਂ ਕਰਵਾਉਣੀਆਂ ਸਰਕਾਰ ਅਤੇ ਵਿਭਾਗ ਦੀ ਜ਼ਿੰਮੇਵਾਰੀ ਹੈ, ਇਸ ਦਾ ਵਿੱਤੀ ਬੋਝ ਅਧਿਆਪਕਾਂ ’ਤੇ ਨਹੀਂ ਪਾਇਆ ਜਾ ਸਕਦਾ। ਅਧਿਆਪਕ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਅਫਸਰ ਜਾਂ ਅਧਿਆਪਕ ਵੱਲੋਂ ਖੇਡਾਂ ਲਈ ਪੈਸੇ ਇਕੱਠੇ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਸਾਰੀਆਂ ਜਥੇਬੰਦੀਆਂ ਇਕਜੁੱਟ ਹੋ ਕੇ ਸਬੰਧਤ ਦਫਤਰ ਜਾਂ ਸਕੂਲ ਦਾ ਘਿਰਾਓ ਕਰਨਗੀਆਂ। ਉਨ੍ਹਾਂ ਕਿਹਾ ਕਿ ਅਧਿਆਪਕ ਪਹਿਲਾਂ ਹੀ ਗੈਰ-ਅਧਿਆਪਨ ਜ਼ਿੰਮੇਵਾਰੀਆਂ ਅਤੇ ਵਿੱਤੀ ਬੋਝ ਦਾ ਸਾਹਮਣਾ ਕਰ ਰਹੇ ਹਨ, ਇਸ ਲਈ ਹੋਰ ਵਿੱਤੀ ਬੋਝ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਅਸ਼ਵਨੀ ਕੁਮਾਰ, ਪ੍ਰਦੀਪ ਸਿੰਘ ਟੋਨੀ, ਅੰਮ੍ਰਿਤਪਾਲ ਸਿੰਘ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

# ਅੰਮ੍ਰਿਤਸਰ ’ਚ ਵਿਸਫੋਟਕ ਤਸਕਰੀ ਦੀ ਕੋਸ਼ਿਸ਼ ਨਾਕਾਮ, 2 ਹੈਂਡ ਗ੍ਰਨੇਡ ਸਮੇਤ ਇਕ ਮੁਲਜ਼ਮ ਗ੍ਰਿਫ਼ਤਾਰ

ਕੌਮੀ ਪਤ੍ਰਿਕਾ

ਅੰਮ੍ਰਿਤਸਰ 3 ਅਕਤੂਬਰ। ਅੰਮ੍ਰਿਤਸਰ ਦਿਹਾਤੀ ਪੁਲਸ ਅਤੇ ਕੇਂਦਰੀ ਏਜੰਸੀਆਂ ਵੱਲੋਂ ਸਾਂਝੇ ਤੌਰ ’ਤੇ ਕੀਤੀ ਗਈ ਕਾਰਵਾਈ ਦੌਰਾਨ ਸਰਹੱਦ ਪਾਰੋਂ ਭਾਰਤ ਅੰਦਰ ਵਿਸਫੋਟਕ ਸਮੱਗਰੀ ਦੀ ਤਸਕਰੀ ਕਰਨ ਦੀ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ



ਹੈ। ਇਸ ਕਾਰਵਾਈ ਦੌਰਾਨ ਦੋ ਹੈਂਡ ਗ੍ਰਨੇਡ ਬਰਾਮਦ ਕਰਕੇ ਇੱਕ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਅੰਮ੍ਰਿਤਸਰ ਬਾਰਡਰ ਰੇਂਜ ਦੇ ਡੀਆਈਜੀ ਸੰਦੀਪ ਗੋਇਲ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਿਤੀ 8 ਫਰਵਰੀ 2026 ਨੂੰ ਅੰਮ੍ਰਿਤਸਰ ਦਿਹਾਤੀ ਪੁਲਸ ਨੂੰ ਗੁਪਤ ਸੂਚਨਾ ਪ੍ਰਾਪਤ ਹੋਈ ਸੀ। ਇਸ ਸੂਚਨਾ ਦੇ ਆਧਾਰ ’ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਨੇ ਸੁਖਮਨਪ੍ਰੀਤ ਸਿੰਘ ਪੁੱਤਰ ਹਰਜੀਤ ਸਿੰਘ, ਵਾਸੀ ਪਿੰਡ ਚੱਕ ਮਿਸਰੀ ਖਾਨੀ, ਨੂੰ ਕਾਬੂ ਕੀਤਾ। ਉਨ੍ਹਾਂ ਦੱਸਿਆ ਕਿ ਕਾਨੂੰਨੀ ਤਰੀਕੇ ਨਾਲ ਕੀਤੀ ਗਈ ਤਲਾਸ਼ੀ ਦੌਰਾਨ ਦੋਸ਼ੀ ਦੇ ਕਬਜ਼ੇ ਵਿੱਚੋਂ ਦੋ ਹੈਂਡ ਗ੍ਰਨੇਡ ਬਰਾਮਦ ਹੋਏ ਹਨ, ਜੋ ਕਿਸੇ ਵੱਡੀ ਅੱਤਵਾਦੀ ਸਾਜ਼ਿਸ਼ ਵੱਲ ਇਸ਼ਾਰਾ ਕਰਦੇ ਹਨ। ਇਸ ਸਬੰਧ ਵਿੱਚ ਥਾਣਾ ਲੋਪੋਕੇ ਵਿਖੇ ਐਫਆਈਆਰ ਨੰਬਰ 33 ਮਿਤੀ 08.02.2026 ਨੂੰ ਵਿਸਫੋਟਕ ਪਦਾਰਥ ਐਕਟ ਦੀਆਂ ਸੰਬੰਧਤ ਧਾਰਾਵਾਂ ਹੇਠ ਦਰਜ ਕੀਤੀ ਗਈ ਹੈ। ਡੀਆਈਜੀ ਸੰਦੀਪ ਗੋਇਲ ਨੇ ਦੱਸਿਆ ਕਿ ਪ੍ਰਾਰੰਭਿਕ ਜਾਂਚ, ਟੈਕਨੀਕਲ ਵਿਸ਼ਲੇਸ਼ਣ ਅਤੇ ਮੈਦਾਨੀ ਖੁਫੀਆ ਜਾਣਕਾਰੀ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਬਰਾਮਦ ਕੀਤੀ ਗਈ ਵਿਸਫੋਟਕ ਸਮੱਗਰੀ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਗਈ ਸੀ। ਉਨ੍ਹਾਂ ਮੁਤਾਬਕ ਇਸ ਤਸਕਰੀ ਦੇ ਤਾਰ ਪਾਕਿਸਤਾਨ ਅਧਾਰਿਤ ਹੈਂਡਲਰਾਂ ਨਾਲ ਜੁੜੇ ਹੋਏ ਹਨ, ਜਿਨ੍ਹਾਂ ਦੇ ਇਰਾਦੇ ਭਾਰਤ ਦੀ ਅਮਨ-ਸ਼ਾਂਤੀ ਅਤੇ ਸੁਰੱਖਿਆ ਨੂੰ ਭੰਗ ਕਰਨ ਵਾਲੇ ਸਨ। ਉਨ੍ਹਾਂ ਕਿਹਾ ਕਿ ਹਿਰਾਸਤੀ ਪੁੱਛਗਿੱਛ ਦੌਰਾਨ ਹੋਰ ਕਈ ਸਾਜ਼ਿਸ਼ਕਰਤਾਵਾਂ ਦੀ ਭੂਮਿਕਾ ਵੀ ਸਾਹਮਣੇ ਆਈ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਹੋਰ ਸ਼ਾਮਲ ਵਿਅਕਤੀਆਂ ਦੀ ਗ੍ਰਿਫ਼ਤਾਰੀ ਲਈ ਵਿਸ਼ੇਸ਼ ਪੁਲਸ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਲਗਾਤਾਰ ਛਾਪੇਮਾਰੀ ਕਰ ਰਹੀਆਂ ਹਨ। ਜਾਂਚ ਅੱਗੇ ਵੱਧਣ ਨਾਲ ਹੋਰ ਗ੍ਰਿਫ਼ਤਾਰੀਆਂ ਅਤੇ ਅਹਿਮ ਖੁਲਾਸਿਆਂ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਪੁਲਸ ਅਤੇ ਕੇਂਦਰੀ ਏਜੰਸੀਆਂ ਵੱਲੋਂ ਸਰਹੱਦੀ ਇਲਾਕਿਆਂ ਵਿੱਚ ਅਮਨ-ਕਾਨੂੰਨ ਅਤੇ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਚੌਕਸੀ ਬਣਾਈ ਹੋਈ ਹੈ।

## ਕੋਲਕਾਤਾ ਦੇ ਮੂਚੀਬਾਜ਼ਾਰ ਇਲਾਕੇ ’ਚ ਕੂੜੇ ਦੇ ਡੰਪ ਨੂੰ ਲੱਗੀ ਭਿਆਨਕ ਅੱਗ

ਕੋਲਕਾਤਾ 3 ਅਕਤੂਬਰ। ਕੋਲਕਾਤਾ ਦੇ ਉਲਟਾਡਾਂਗਾ ਸਥਿਤ ਮੁਚੀਬਾਜ਼ਾਰ ਇਲਾਕੇ ਵਿੱਚ ਵੀਰਵਾਰ ਸ਼ਾਮ ਨੂੰ ਇੱਕ ਕੂੜੇ ਦੇ ਡੰਪ ਵਿੱਚ ਅਚਾਨਕ ਅੱਗ ਲੱਗਣ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਅਧਿਕਾਰੀਆਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ, ਇਹ ਅੱਗ ਸ਼ਾਮ ਲਗਭਗ ਪੰਜ ਵਜੇ ਇੱਕ ਭੀੜ-ਭੜੱਕੇ ਵਾਲੇ ਇਲਾਕੇ ਵਿੱਚ ਸਥਿਤ ਇੱਕ ਗੋਦਾਮ ਦੇ ਕੋਲ ਲੱਗੀ ਸੀ। ਫਾਇਰ ਬ੍ਰਿਗੇਡ ਵਿਭਾਗ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦੇ ਹੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਸੀ ਅਤੇ ਇੱਕ ਘੰਟੇ ਦੇ ਅੰਦਰ-ਅੰਦਰ ਅੱਗ ’ਤੇ ਕਾਬੂ ਪਾ ਲਿਆ ਗਿਆ। ਰਾਹਤ ਦੀ ਗੱਲ ਇਹ ਰਹੀ ਕਿ ਇਸ ਹਾਦਸੇ ਵਿੱਚ ਕਿਸੇ ਦੇ ਵੀ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਹੈ। ਹਾਲਾਂਕਿ, ਅੱਗ ਲੱਗਣ ਦੇ ਅਸਲ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਪੰਜਾਬ ਪੁਲਸ ਦੀ ਮੁਲਾਜ਼ਮ ਅਤੇ ਮਾਂ ਦਾ ਕਤਲ; ਹੋਇਆ ਸਨਸਨੀਖੇਜ਼ ਖ਼ੁਲਾਸਾ

ਕੌਮੀ ਪਤ੍ਰਿਕਾ

ਸੰਗਰੂਰ 3 ਅਕਤੂਬਰ। ਪੰਜਾਬ ਪੁਲਸ ਦੀ ਮੁਲਾਜ਼ਮ ਸਰਬਜੀਤ ਕੌਰ ਅਤੇ ਉਸ ਦੀ ਮਾਤਾ ਦੀ ਮੌਤ ਦੇ ਮਾਮਲੇ ਵਿਚ ਸਨਸਨੀਖੇਜ਼ ਖ਼ੁਲਾਸਾ ਹੋਇਆ ਹੈ। ਉਨ੍ਹਾਂ ਦੀ ਮੌਤ ਕਿਸੇ ਸੜਕ ਹਾਦਸੇ ਵਿਚ ਨਹੀਂ ਸੀ ਹੋਈ, ਸਗੋਂ ਸਰਬਜੀਤ ਦੇ ਭਰਾ ਨੇ ਹੀ ਉਨ੍ਹਾਂ ਦੋਹਾਂ ਨੂੰ ਮੌਤ ਦੇ ਘਾਟ ਉਤਾਰਿਆ ਸੀ ਤੇ ਫ਼?ਰ ਇਸ ਨੂੰ ਹਾਦਸੇ ਦਾ ਰੂਪ ਦੇਣ ਦੀ ਕੋਸ਼ਿਸ਼ ਕੀਤੀ ਸੀ। ਪੁਲਸ ਵੱਲੋਂ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।





ਪੁਲਸ ਅਨੁਸਾਰ 17 ਜਨਵਰੀ ਨੂੰ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਸਰਬਜੀਤ ਕੌਰ ਵਾਸੀ ਮੌੜਾਂ, ਜੋ ਪੰਜਾਬ ਪੁਲਸ ’ਚ ਸੀ. ਆਈ. ਡੀ. ਯੂਨਿਟ ਦਿੜ੍ਹਬਾ ਵਿਖੇ ਡਿਊਟੀ ਕਰਦੀ ਸੀ, ਆਪਣੀ ਮਾਤਾ ਇੰਦਰਜੀਤ ਕੌਰਨੂੰ ਰਿਸ਼ਤੇਦਾਰੀ ’ਚ ਪਿੰਡ ਭਾਈ ਕੀ ਪਿਸ਼ੌਰ ਛੱਡਣ ਲਈ ਕਾਰ ’ਤੇ ਸਵਾਰ ਹੋ ਕੇ ਜਾ ਰਹੀ ਸੀ। ਰਸਤੇ ’ਚ ਸੂਲਰ ਘਰਾਟ ਤੋਂ ਪਿੰਡ ਛਾਹੜ ਨੂੰ ਜਾਂਦੀ ਸੜਕ ਉੱਤੇ ਉਸ ਦੀ ਗੱਡੀ ਦਾ ਐਕਸੀਡੈਂਟ ਹੋਣ ਕਾਰਨ ਕਾਰ ਨੂੰ ਅੱਗ ਲੱਗਣ ਕਾਰਨ ਦੋਵੇਂ ਮਾਵਾਂ ਧੀਆਂ ਦੀ ਮੌਤ ਹੋ ਗਈ ਸੀ, ਜਿਨ੍ਹਾਂ ਦੇ ਕੰਕਾਲ ਕਾਰ ’ਚ ਹੀ ਪਏ ਸਨ। ਪੁਲਸ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਤਾਂ ਤਫਤੀਸ਼ ਦੌਰਾਨ ਗੁਰਪ੍ਰੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਮੌੜਾਂ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਤੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਗਈ। ਪੁੱਛ-ਗਿੱਛ ਦੌਰਾਨ ਦੋਸ਼ੀ ਨੇ ਮੰਨਿਆ ਕਿ ਉਸ ਨੇ ਹੀ ਆਪਣੀ ਭੈਣ ਸਰਬਜੀਤ ਕੌਰ ਅਤੇ ਮਾਤਾ ਇੰਦਰਜੀਤ ਕੌਰ ਨੂੰ ਮਾਰ ਕੇ ਕਾਰ ’ਚ ਲਾਸ਼ਾਂ ਰੱਖ ਕੇ, ਐਕਸੀਡੈਂਟ ਦਾ ਰੂਪ ਦੇ ਕੇ ਕਾਰ ਉੱਪਰ ਪੈਟਰੋਲ ਛਿੜਕ ਕੇ ਅੱਗ ਲਗਾਈ ਸੀ ਤੇ ਮੌਕੇ ਉਤੋਂ ਭੱਜ ਗਿਆ ਸੀ। ਹੁਣ ਪੁਲਸ ਨੇ ਦੱਸਿਆ ਕਿ ਦੋਸ਼ੀ ਦਾ ਰਿਮਾਂਡ ਹਾਸਲ ਕਰਕੇ ਹੋਰ ਪੁੱਛ-ਗਿੱਛ ਕੀਤੀ ਜਾ ਰਹੀ ਹੈ।

## ਵੱਡੀ ਵਾਰਦਾਤ ਦੀ ਤਿਆਰੀ ’ਚ ਬੈਠੇ 5 ਸ਼ਾਤਰ ਲੁਟੇਰੇ ਕਾਬੂ, ਖਿਡੌਣਾ ਪਿਸਤੌਲ ਅਤੇ ਦਾਤ ਦਿਖਾ ਕੇ ਕਰਦੇ ਸੀ ਵਾਰਦਾਤਾਂ

ਲੁਧਿਆਣਾ 3 ਅਕਤੂਬਰ। ਥਾਣਾ ਟਿੱਬਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਇਕ ਗੁਪਤ ਸੂਚਨਾ ਦੇ ਆਧਾਰ ’ਤੇ ਲੁੱਟ-ਖੋਹ ਦੀ ਯੋਜਨਾ ਬਣਾ ਰਹੇ 5 ਖ਼ਤਰਨਾਕ ਲੁਟੇਰਿਆਂ ਨੂੰ ਹਥਿਆਰਾਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਜਾਣਕਾਰੀ ਮੁਤਾਬਕ ਏ.ਐਸ.ਆਈ ਪ੍ਰਦੀਪ ਆਪਣੀ ਪੁਲਸ ਪਾਰਟੀ ਸਮੇਤ ਇਲਾਕੇ ਵਿਚ ਗਸ਼ਤ ’ਤੇ ਸਨ। ਇਸ ਦੌਰਾਨ ਸੂਚਨਾ ਮਿਲੀ ਕਿ ਮੁਹੱਲਾ ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ ਸਥਿਤ ਫੈਕਟਰੀ ਦੇ ਸਾਹਮਣੇ ਇਕ ਖਾਲੀ ਪਲਾਟ ਵਿਚ ਕੁਝ ਨੌਜਵਾਨ ਕੰਧ ਨਾਲ ਛਿਪ ਕੇ ਬੈਠੇ ਹਨ। ਇਹ ਮੁਲਜ਼ਮ ਰਾਹਗੀਰਾਂ ਨੂੰ ਲੁੱਟਣ ਅਤੇ ਕਿਸੇ




ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਖ਼ਤਰਨਾਕ ਪਲਾਨਿੰਗ ਕਰ ਰਹੇ ਸਨ। ਸੂਚਨਾ ਮਿਲਦੇ ਹੀ ਪੁਲਸ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਮੌਕੇ ’ਤੇ ਰੇਡ ਕੀਤੀ। ਪੁਲਸ ਨੂੰ ਦੇਖਦੇ ਹੀ ਲੁਟੇਰਿਆਂ ਨੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਚੌਕਸ ਪੁਲਸ ਪਾਰਟੀ ਨੇ ਘੇਰਾਬੰਦੀ ਕਰਕੇ ਪੰਜਾਂ ਨੂੰ ਮੌਕੇ ’ਤੇ ਹੀ ਦਬੋਚ ਲਿਆ। ਤਲਾਸ਼ੀ ਦੌਰਾਨ ਮੁਲਜ਼ਮਾਂ ਦੇ ਕਬਜ਼ੇ ਵਿਚੋਂ 2 ਲੋਹੇ ਦੇ ਦਾਤ, 01 ਖਿਡੌਣਾ ਪਿਸਤੌਲ ਅਤੇ 2 ਲੋਹੇ ਦੀਆਂ ਰਾਡਾਂ ਬਰਾਮਦ ਹੋਈਆਂ ਹਨ। ਮੁਲਜ਼ਮਾਂ ਦੀ ਪਛਾਣ ਲੁਧਿਆਣਾ ਦੇ ਵੱਖ-ਵੱਖ ਇਲਾਕਿਆਂ ਦੇ ਰਹਿਣ ਵਾਲੇ ਰੋਹਿਤ ਪੁੱਤਰ ਮੰਗਤ ਸਿੰਘ (ਸਲੇਮ ਟਾਬਰੀ), ਚੈਤੰਨਿਆ ਪੁੱਤਰ ਮੰਗਤ ਸੈਨ (ਖਵਾਜਾ ਕੋਠੀ ਚੌਕ), ਨੀਰਜ ਕੁਮਾਰ ਪੁੱਤਰ ਬਾਬੂ ਲਾਲ (ਨਿਊ ਮਾਧੋਪੁਰੀ), ਰਮੇਸ਼ ਪਾਸਵਾਨ ਪੁੱਤਰ ਉਦੇਸ਼ ਪਾਸਵਾਨ (ਪੁਨੀਤ ਨਗਰ, ਟਿੱਬਾ ਰੋਡ) ਅਤੇ ਬਲਵਿੰਦਰ ਭਾਰਦਵਾਜ ਪੁੱਤਰ ਗਿਰਜਾ ਭਾਰਦਵਾਜ (ਤਾਜਪੁਰ ਰੋਡ) ਵਜੋਂ ਹੋਈ ਹੈ। ਪੁਲਸ ਹੁਣ ਇਨ੍ਹਾਂ ਮੁਲਜ਼ਮਾਂ ਤੋਂ ਸਖ਼ਤੀ ਨਾਲ ਪੁੱਛਗਿੱਛ ਕਰ ਰਹੀ ਹੈ ਤਾਂ ਜੋ ਇਨ੍ਹਾਂ ਤੋਂ ਸ਼ਹਿਰ ਵਿਚ ਹੋਈਆਂ ਪੁਰਾਣੀਆਂ ਲੁੱਟਾਂ ਦੀਆਂ ਗੁੱਥੀਆਂ ਨੂੰ ਸੁਲਝਾਇਆ ਜਾ ਸਕੇ।

## ਪੁਰਨੀਆ ‘ਚ ਸੜਕ ਹਾਦਸੇ ਦੌਰਾਨ ਇਕੋ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ

ਵੈੱਬ ਡੈਸਕ 3 ਅਕਤੂਬਰ। ਬਿਹਾਰ ਦੇ ਪੂਰਨੀਆ ਜ਼?ਲ੍ਹੇ ਤੋਂ ਇੱਕ ਮੰਦਭਾਗੀ ਖਬਰ ਸਾਹਮਣੇ ਆਈ ਹੈ, ਜਿੱਥੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕੋ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ ਹੋ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਹਾਦਸਾ ਉਦੋਂ ਵਾਪਰਿਆ ਜਦੋਂ ਇੱਕ ਤੇਜ ਰਫਤਾਰ ਟਰੱਕ ਨੇ ਇੱਕ ਈ-ਰਿਕਸਾ ਨੂੰ ਜੋਰਦਾਰ ਟੱਕਰ ਮਾਰ ਦਿੱਤੀ। ਇਹ ਦਰਦਨਾਕ ਘਟਨਾ ਸੁੱਕਰਵਾਰ ਰਾਤ ਕਰੀਬ 8:30 ਵਜੇ ਫੋਰਬਸਗੰਜ-ਕੁਰਸੇਲਾ ਰੋਡ ‘ਤੇ ਸਥਿਤ ਕਚਹਿਰੀ ਬਲੂਆ ਪਿੰਡ ਨੇੜੇ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਪਰਿਵਾਰ ਦੇ ਸੱਤ ਮੈਂਬਰ ਇੱਕ ਧਾਰਮਿਕ ਰਸਮ ਵਿੱਚ ਸਾਮਲ ਹੋਣ ਤੋਂ ਬਾਅਦ ਈ-ਰਿਕਸਾ ‘ਤੇ ਸਵਾਰ ਹੋ ਕੇ ਵਾਪਸ ਪਰਤ ਰਹੇ ਸਨ। ਜਿਵੇਂ ਹੀ ਉਹ ਸੜਕ ਦੇ ਇੱਕ ਮੋੜ ਕੋਲ ਪਹੁੰਚੇ ਤਾਂ ਸਾਹਮਣੇ ਤੋਂ ਆ ਰਹੇ ‘ਤੇ ਸਥਿਤ ਕਚਹਿਰੀ ਬਲੂਆ ਪਿੰਡ ਨੇੜੇ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਪਰਿਵਾਰ ਦੇ ਸੱਤ ਮੈਂਬਰ ਇੱਕ ਧਾਰਮਿਕ ਰਸਮ ਵਿੱਚ ਟਰੱਕ ਨੇ ਉਨ੍ਹਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਹਾਦਸੇ ‘ਚ ਮਾਰੇ ਗਏ ਵਿਅਕਤੀਆਂ ਦੀ ਪਛਾਣ ਕੰਚਨ ਦੇਵੀ, ਜਾਗੋ ਰਿਸੀ ਅਤੇ ਕ੍ਰਿਸਨਾ ਕੁਮਾਰ ਵਜੋਂ ਹੋਈ ਹੈ। ਇਸ ਤੋਂ ਇਲਾਵਾ, ਈ-ਰਿਕਸਾ ਵਿੱਚ ਸਵਾਰ ਹੋਰ ਲੋਕਾਂ ਵਿੱਚੋਂ ਦੋ ਵਿਅਕਤੀਆਂ ਦੀ ਹਾਲਤ ਬੇਹੱਦ ਗੰਭੀਰ ਦੱਸੀ ਜਾ ਰਹੀ ਹੈ, ਜਿਨ੍ਹਾਂ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਐੱਸ.ਡੀ.ਪੀ.ਓ. (ਬਨਮਨਖੀ) ਸੈਲੇਸ ਪ੍ਰੀਤਮ ਨੇ ਦੱਸਿਆ ਕਿ ਹਾਦਸੇ ਤੋਂ ਤੁਰੰਤ ਬਾਅਦ ਟਰੱਕ ਡਰਾਈਵਰ ਵਾਹਨ ਸਮੇਤ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਤੇ ਫਰਾਰ ਡਰਾਈਵਰ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਲੁਧਿਆਣਾ ’ਚ ਕੁੜੀ ਨਾਲ ਜਬਰ-ਜ਼ਿਨਾਹ, 10 ਸਾਲਾਂ ਬਾਅਦ ਸ਼ੁਰੂ ਹੋਈ ਜਾਂਚ

ਲੁਧਿਆਣਾ 3 ਅਕਤੂਬਰ। ਰਿਸ਼ਤਿਆਂ ਅਤੇ ਇਨਸਾਨੀਅਤ ਨੂੰ ਸ਼ਰਮਸਾਰ ਕਰਨ ਵਾਲਾ ਇਕ ਬੇਹੱਦ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਜਿਸ ਵਿਚ ਇਕ ਬਲਾਤਕਾਰ ਦੇ ਕੇਸ ਵਿਚ ਔਰਤ ਦੀ ਸ਼ਿਕਾਇਤ ’ਤੇ ਦਿੱਲੀ ਪੁਲਸ ਵੱਲੋਂ ਭੇਜੀ ਗਈ ਜ਼ੀਰੋ ਐੱਫ.ਆਈ.ਆਰ. (ਨੰਬਰ 002, ਮਿਤੀ 19-09-2025) ਦੇ ਆਧਾਰ ’ਤੇ ਲੁਧਿਆਣਾ ਦੇ ਥਾਣਾ ਫੋਕਲ ਪੁਆਇੰਟ ਦੀ ਪੁਲਸ ਨੇ ਧਾਰਾ 376 ਆਈ.ਪੀ.ਸੀ. ਤਹਿਤ ਮਾਮਲਾ ਦਰਜ ਕਰਕੇ ਜਾਂਚ ਦੀ ਕਮਾਨ ਸੰਭਾਲ ਲਈ ਹੈ। ਸ਼ਿਕਾਇਤਕਰਤਾ ਮੁਟਿਆਰ ਨੇ ਪੁਲਸ ਨੂੰ ਦੱਸਿਆ ਕਿ ਇਹ ਪੂਰਾ ਮਾਮਲਾ ਸਾਲ 2016 ਦਾ ਹੈ। ਉਸ ਦੌਰਾਨ ਉਹ ਪ੍ਰੇਮ ਨਗਰ, ਢੰਡਾਰੀ ਖੁਰਦ ਸਥਿਤ ਇਕ ਕਿਰਾਏ ਦੇ ਮਕਾਨ ਵਿਚ ਰਹਿੰਦੀ ਸੀ। ਪੀੜਤ ਅਨੁਸਾਰ, ਇਕ ਦਿਨ ਜਦੋਂ ਉਹ ਆਪਣੇ ਕਮਰੇ ਵਿਚ ਬਿਲਕੁਲ ਇਕੱਲੀ ਸੀ, ਤਾਂ ਮੁਲਜ਼ਮ ਨੇ ਉਸ ਦੀ ਮਜਬੂਰੀ ਅਤੇ ਇਕੱਲੇਪਣ ਦਾ ਕਮਾਨ ਸੰਭਾਲ ਲਈ ਹੈ। ਸ਼ਿਕਾਇਤਕਰਤਾ ਮੁਟਿਆਰ ਨੇ ਪੁਲਸ ਨੂੰ ਦੱਸਿਆ ਕਿ ਇਹ ਪੂਰਾ ਮਾਮਲਾ ਸਾਲ 2016 ਦਾ ਹੈ। ਉਸ ਦੌਰਾਨ ਉਹ ਪ੍ਰੇਮ ਫਾਇਦਾ ਉਠਾਇਆ। ਮੁਲਜ਼ਮ ਜ਼ਬਰਦਸਤੀ ਉਸ ਦੇ ਕਮਰੇ ਵਿਚ ਦਾਖ਼ਲ ਹੋਇਆ ਅਤੇ ਉਸ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਏ। ਲੁਧਿਆਣਾ ਤੋਂ ਪੀੜਤ ਦਿੱਲੀ ਚਲੀ ਗਈ, ਜਿੱਥੇ ਉਸ ਨੇ ਮੁਲਜ਼ਮ ਖਿਲਾਫ ਸ਼ਿਕਾਇਤ ਦਿੱਤੀ ਸੀ। ਉਕਤ ਮਾਮਲੇ ਵਿਚ ਪਹਾੜਗੰਜ ਥਾਣਾ (ਜ਼ਿਲ੍ਹਾ ਸੈਂਟਰਲ, ਨਵੀਂ ਦਿੱਲੀ) ਵਿਚ ਦਰਜ ਹੋਈ ਇਸ ਜ਼ੀਰੋ ਐੱਫ.ਆਈ.ਆਰ. ਦੇ ਲੁਧਿਆਣਾ ਪਹੁੰਚਣ ਤੋਂ ਬਾਅਦ ਥਾਣਾ ਫੋਕਲ ਪੁਆਇੰਟ ਦੀ ਪੁਲਸ ਹਰਕਤ ਵਿਚ ਆ ਗਈ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲਾ ਕਾਫੀ ਪੁਰਾਣਾ ਹੈ, ਪਰ ਔਰਤ ਨਾਲ ਹੋਈ ਇਸ ਦਰਿੰਦਗੀ ਦੇ ਦੋਸ਼ਾਂ ਦੀ ਗੰਭੀਰਤਾ ਨੂੰ ਦੇਖਦੇ ਹੋਏ ਦੋਸ਼ਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਯੂਨੀਵਰਸਿਟੀ ’ਚ ਵਿਦਿਆਰਥਣ ਨਾਲ ਵਾਪਰੀ ਅਣਹੋਣੀ, ਛੱਤ ਤੋਂ ਡਿੱਗਣ ਕਾਰਨ ਹੋਈ ਮੌਤ

ਚੌਂਕੀਮਾਨ 3 ਅਕਤੂਬਰ। ਚੌਂਕੀਮਾਨ ਨੇੜੇ ਸਥਿਤ ਸੀ.ਟੀ. ਯੂਨੀਵਰਸਿਟੀ ਜਗਰਾਉਂ ਵਿਖੇ ਇਕ ਦੁੱਖਦਾਈ ਘਟਨਾ ਵਾਪਰੀ। ਬੀ.ਬੀ.ਏ. ਦੀ ਪੜ੍ਹਾਈ ਕਰ ਰਹੀ ਇਕ ਵਿਦਿਆਰਥਣ ਦੀ ਯੂਨੀਵਰਸਿਟੀ ਦੀ ਦੂਜੀ ਮੰਜ਼ਿਲ ਤੋਂ ਅਚਾਨਕ ਫਿਸਲ ਕੇ ਥੱਲੇ ਡਿੱਗਣ ਨਾਲ ਮੌਕੇ ‘ਤੇ ਹੀ ਮੌਤ ਹੋ ਗਈ। ਮ੍ਰਿਤਕ ਵਿਦਿਆਰਥਣ ਲੁਧਿਆਣਾ ਦੀ ਰਹਿਣ ਵਾਲੀ ਦੱਸੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਮੌਕੇ ‘ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਹਰ ਪੱਖ ਤੋਂ ਤਫਤੀਸ਼ ਕੀਤੀ ਜਾ ਰਹੀ ਹੈ ਤਾਂ ਜੋ ਘਟਨਾ ਦੇ ਅਸਲ ਕਾਰਨਾਂ ਦਾ ਪਤਾ ਲੱਗ ਸਕੇ। ਇਸ ਦਰਦਨਾਕ ਹਾਦਸੇ ਨਾਲ ਯੂਨੀਵਰਸਿਟੀ ਕੈਂਪਸ ਵਿਚ ਸੋਗ ਦਾ ਮਾਹੌਲ ਬਣ ਗਿਆ ਹੈ।

## ਬਠਿੰਡਾ ’ਚ ਸਿੱਖ ਪ੍ਰਚਾਰਕ ’ਤੇ ਹਮਲਾ, ਦਾੜ੍ਹੀ ਤੇ ਕੇਸ ਕੀਤੇ ਕਤਲ

ਬਠਿੰਡਾ 3 ਅਕਤੂਬਰ। ਬਠਿੰਡਾ ਵਿਚ ਸਿੱਖ ਪ੍ਰਚਾਰਕ ਦੀ ਦਾੜ੍ਹੀ ਅਤੇ ਸਿਰ ਦੇ ਕੇਸ ਕਤਲ ਕਰਨ ਦਾ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਇਹ ਘਟਨਾ ਬਠਿੰਡਾ ਦੇ ਖਿਆਲੀਵਾਲਾ ਪਿੰਡ ਦੀ ਹੈ। ਇਸ ਘਟਨਾ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਪੁਲਸ ਨੇ ਇਕ ਵਿਅਕਤੀ ’ਤੇ ਧਾਰਾ 295 ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਿਸ ਅੰਮ੍ਰਿਤਧਾਰੀ ਸਿੱਖ ਪ੍ਰਚਾਰਕ ਦੇ ਕੇਸ ਕਤਲ ਕੀਤੇ ਉਸਨੇ ਦੱਸਿਆ ਕਿ ਉਸ ਦੀ ਕਿਸੇ ਨਾਲ ਕੋਈ ਦੁਸ਼ਮਣੀ ਜਾਂ ਰੰਜਿਸ਼ ਨਹੀਂ ਹੈ। ਉਕਤ ਨੇ ਦੱਸਿਆ ਕਿ ਘਰ ਵਿਚ ਮਿਸਤਰੀਆਂ ਦਾ ਕੰਮ ਚੱਲ ਰਿਹਾ। ਇਸ ਦੌਰਾਨ ਦੋ ਵਿਅਕਤੀ ਆਏ ਅਤੇ ਉਸ ਨੂੰ ਪਿੱਛੋਂ ਆ ਕੇ ਫੜ ਲਿਆ। ਇਸ ਦੌਰਾਨ ਇਕ ਵਿਅਕਤੀ ਨੇ ਕੈਂਚੀ ਨਾਲ ਉਸ ਦੀ ਦਾੜ੍ਹੀ ਅਤੇ ਸਿਰ ਦੇ ਕੇਸ ਕਤਲ ਕਰ ਦਿੱਤੇ। ਇਸ ਖਿੱਚ ਧੂਹ ਵਿਚ ਉਹ ਜ਼ਖਮੀ ਵੀ ਹੋਇਆ ਹੈ। ਫਿਲਹਾਲ ਪੁਲਸ ਵੱਲੋਂ ਸਾਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੇ ਜਾਣ ਦੀ ਗੱਲ ਆਖੀ ਜਾ ਰਹੀ ਹੈ।

# ਮੇਅਰ ਦੀ ਵਾਰਡ ’ਚ ਹੀ ‘ਸਫਾਈ ਵਿਵਸਥਾ’ ਫੇਲ, ਰਾਮਲੀਲਾ ਪਾਰਕ ਬਣਿਆ ਕੂੜੇ ਦਾ ਡੰਪ

ਕੌਮੀ ਪਤ੍ਰਿਕਾ

ਅੰਮ੍ਰਿਤਸਰ 3 ਅਕਤੂਬਰ। ਅੰਮ੍ਰਿਤਸਰ ਨਗਰ ਨਿਗਮ ਦੀ ਲਾਪ੍ਰਵਾਹੀ ਇਕ ਵਾਰ ਫਿਰ ਤੋਂ ਸਾਹਮਣੇ ਆਈ ਹੈ। ਸ਼ਹਿਰ ਦੇ ਮੇਅਰ ਦੀ ਵਾਰਡ ਨੰਬਰ-26 ਦੇ ਸ਼ਿਵਾਲਾ ਕਾਲੋਨੀ ’ਚ ਸਥਿਤ ਰਾਮ ਲੀਲਾ ਪਾਰਕ ਦੀ ਸਥਿਤੀ ਬਹੁਤ ਚਿੰਤਾਜਨਕ ਬਣੀ ਹੋਈ ਹੈ। ਪਾਰਕ ’ਚ ਲਗਭਗ ਦੋ ਹਫ਼ਤੇ ਪਹਿਲਾਂ ਦਰੱਖਤ ਕੱਟੇ ਗਏ ਸਨ ਪਰ ਮਲਬਾ ਟੁੱਟੀਆਂ ਟਾਹਣੀਆਂ ਅਤੇ ਉਥੇ ਪਿਆ ਕੂੜਾ ਅਜੇ ਤੱਕ ਨਹੀਂ ਹਟਾਇਆ ਗਿਆ ਹੈ। ਇਸ ਗੰਦਗੀ ਕਾਰਨ ਪਾਰਕ ’ਚ ਬਦਬੂ ਆ ਰਹੀ ਹੈ ਅਤੇ ਮੱਛਰਾਂ ਅਤੇ ਕੀੜਿਆਂ ਦਾ ਕਹਿਰ ਵਧਿਆ ਹੈ, ਜਿਸ ਕਾਰਨ ਆਲੇ-ਦੁਆਲੇ ਦੇ ਖੇਤਰ ’ਚ ਬੀਮਾਰੀਆਂ ਦਾ ਸਿਲਸਿਲਾ ਲਗਾਤਾਰ ਵਧ ਰਿਹਾ ਹੈ। ਇਹੀ ਸਾਰੀ ਜਾਣਕਾਰੀ ਪੈਦਾ ਹੋਈ ਸਥਿਤੀ ਬਾਰੇ ਭਾਜਪਾ ਯੁਵਾ ਮੋਰਚਾ ਦੇ ਉਪ ਪ੍ਰਧਾਨ ਸਾਈਂ ਅੰਸ਼ ਸੂਰੀ ਨੇ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਛੋਟੇ ਬੱਚੇ, ਬਜ਼ੁਰਗ ਅਤੇ ਔਰਤਾਂ ਸਭ ਤੋਂ ਵੱਧ ਪ੍ਰਭਾਵਿਤ ਹਨ ਫਿਰ ਵੀ ਨਾ ਤਾਂ ਨਗਰ ਨਿਗਮ ਨੇ ਕੋਈ ਕਾਰਵਾਈ ਕੀਤੀ ਹੈ ਅਤੇ ਨਾ ਹੀ



ਮੇਅਰ ਨੇ ਕਾਰਵਾਈ ਕਰਨ ਦੀ ਜ਼ਰੂਰਤ ਮਹਿਸੂਸ ਕੀਤੀ ਹੈ। ਉਨ੍ਹਾਂ ਕਿਹਾ ਕਿ ਪੈਦਾ ਹੋਈ ਸਥਿਤੀ ਤੋਂ ਅਜਿਹਾ ਲੱਗਦਾ ਹੈ ਕਿ ਮੇਅਰ ਕੁੰਭਕਰਨੀ ਨੀਂਦ ’ਚ ਹਨ। ਨਾ ਤਾਂ ਨਿਗਮ ਅਧਿਕਾਰੀ ਜ਼ਮੀਨੀ ਹਕੀਕਤ ਦਾ ਦੌਰਾ ਕਰ ਰਹੇ ਹਨ ਅਤੇ ਨਾ ਹੀ ਲੋਕ ਪ੍ਰਤੀਨਿਧੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਅ ਰਹੇ ਹਨ। ਇਹ ਸ਼ਰਮਨਾਕ ਹੈ ਕਿ ਜੇਕਰ ਮੇਅਰ ਦੀ ਆਪਣੀ ਵਾਰਡ ’ਚ ਇਹ ਸਥਿਤੀ ਹੈ ਤਾਂ ਸ਼ਹਿਰ ਦੀਆਂ ਬਾਕੀ ਵਾਰਡਾਂ ਦਾ ਕੀ ਹਾਲ ਹੋਵੇਗਾ। ਸਾਈਂ ਅੰਸ਼ ਸੂਰੀ ਨੇ ਕਿਹਾ ਕਿ ਉਹ ਮੰਗ ਕਰਦੇ ਹਨ ਕਿ ਨਗਰ ਨਿਗਮ ਅਤੇ ਮੇਅਰ ਤੁਰੰਤ ਰਾਮ ਲੀਲਾ ਪਾਰਕ ਦੀ ਸਫਾਈ ਕਰਵਾਉਣ, ਕੂੜੇ ਦਾ ਨਿਪਟਾਰਾ ਕਰਨ ਅਤੇ ਭਵਿੱਖ ’ਚ ਅਜਿਹੀ ਲਾਪ੍ਰਵਾਹੀ ਨੂੰ ਰੋਕਣ ਲਈ ਠੋਸ ਪ੍ਰਬੰਧ ਚੁੱਕੇ ਜਾਣਨ। ਜੇਕਰ ਤੁਰੰਤ ਕਾਰਵਾਈ ਨਹੀਂ ਕੀਤੀ ਗਈ ਤਾਂ ਉਹ ਸਥਾਨਕ ਆਬਾਦੀ ਦੇ ਸਹਿਯੋਗ ਨਾਲ ਇਸ ਮਾਮਲੇ ਨੂੰ ਲੈ ਕੇ ਸੰਘਰਸ਼ ਕਰਨ ਲਈ ਮਜ਼ਬੂਰ ਹੋਣਗੇ। ਜਨਤਾ ਹੁਣ ਹੋਰ ਲਾਪ੍ਰਵਾਹੀ ਬਰਦਾਸ਼ਤ ਨਹੀਂ ਕਰੇਗੀ।

## ਫੌਜ ਦੇ ਟਰੱਕ ਨੇ ਦੋ ਘਰਾਂ ’ਚ ਵਿਛਾਏ ਸੱਥਰ, 12ਵੀਂ ਦੇ ਵਿਦਿਆਰਥੀਆਂ ਦੀ ਦਰਦਨਾਕ ਮੌਤ

ਫਰੀਦਕੋਟ 3 ਅਕਤੂਬਰ। ਫਰੀਦਕੋਟ-ਸਾਦਿਕ ਰੋਡ ’ਤੇ ਵਾਪਰੇ ਇਕ ਦਰਦਨਾਕ ਸੜਕ ਹਾਦਸੇ ਦੌਰਾਨ ਦੋ ਵਿਦਿਆਰਥੀਆਂ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਮੁਤਾਬਕ ਪਿੰਡ ਝੋਟੀਵਾਲਾ ਦੇ ਰਹਿਣ ਵਾਲੇ ਦੋ ਨੌਜਵਾਨ ਜੋ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸਨ, ਸ਼ਾਮ ਨੂੰ ਫਰੀਦਕੋਟ ਤੋਂ ਟਿਊਸ਼ਨ ਪੜ੍ਹ ਕੇ ਬਾਈਕ ’ਤੇ ਆਪਣੇ ਪਿੰਡ ਵਾਪਸ ਜਾ ਰਹੇ ਸਨ। ਇਸ ਦੌਰਾਨ ਜਦੋਂ ਉਹ ਛਾਉਣੀ ਨੇੜੇ ਪਹੁੰਚੇ ਤਾਂ ਸਾਹਮਣੇ ਤੋਂ ਆ ਰਿਹਾ ਇਕ ਫੌਜੀ ਟਰੱਕ ਅਚਾਨਕ ਛਾਉਣੀ ਦੇ ਗੇਟ ਵੱਲ ਮੁੜ ਗਿਆ। ਇਸ ਦੌਰਾਨ ਦੋਵਾਂ ਮੁੰਡਿਆਂ ਦੀ ਬਾਈਕ ਟਰੱਕ ਦੀ ਲਪੇਟ ’ਚ ਆ ਗਈ ਅਤੇ ਦੋਵੇਂ ਵਿਦਿਆਰਥੀ ਟਰੱਕ ਹੇਠਾਂ ਦਰੜੇ ਗਏ, ਜਿਸ ਕਾਰਨ ਮੌਕੇ ’ਤੇ ਹੀ ਉਨ੍ਹਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਹਰਸਾਂਝ ਸਿੰਘ ਅਤੇ ਧੀਰਜ ਵਜੋਂ ਹੋਈ ਹੈ, ਜੋ ਪਿੰਡ ਝੋਟੀਵਾਲਾ ਦੇ ਵਸਨੀਕ ਸਨ। ਫਿਲਹਾਲ ਪੁਲਸ ਵੱਲੋਂ ਦੋਵਾਂ ਦੇ ਪੋਸਟਮਾਰਟਮ ਦੀ ਕਾਰਵਾਈ ਕਰਵਾਈ ਜਾ ਰਹੀ ਹੈ ਅਤੇ ਫੌਜੀ ਟਰੱਕ ਨੂੰ ਕਬਜ਼ੇ ’ਚ ਲੈ ਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੁੱਖਦਾਈ ਘਟਨਾ ਤੋਂ ਬਾਅਦ ਪੂਰੇ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ ਹੈ।

## ਕਈ ਸਾਲ ਆਪਣੀ ਧੀ ਦੀ ਪੱਤ ਰੋਲਦਾ ਰਿਹਾ ਕਲਯੁੱਗੀ ਪਿਓ ! ਅਦਾਲਤ ਨੇ ਸੁਣਾਈ 20 ਸਾਲ ਦੀ ਸਖਤ ਕੈਦ

ਮੋਗਾ 3 ਅਕਤੂਬਰ। ਮਾਣਯੋਗ ਜ਼ਿਲ੍ਹਾ ਅਤੇ ਵਧੀਕ ਸੈਸ਼ਨ ਜੱਜ ਬਿਸ਼ਨ ਸਰੂਪ ਦੀ ਅਦਾਲਤ ਨੇ ਸਬੂਤਾਂ ਅਤੇ ਗਵਾਹਾਂ ਦੇ ਆਧਾਰ ’ਤੇ ਇਕ ਦੁਸ਼ਟ ਪਿਤਾ, ਜਿਸਨੂੰ ਨਿਹਾਲ ਸਿੰਘ ਵਾਲਾ ਪੁਲਸ ਸਟੇਸ਼ਨ ਨੇ ਲਗਭਗ ਡੇਢ ਸਾਲ ਪਹਿਲਾਂ ਆਪਣੀ ਹੀ ਧੀ ਨਾਲ ਜਬਰ-ਜ਼ਨਾਹ ਕਰਨ ਦੇ ਦੋਸ਼ ਵਿਚ ਨਾਮਜ਼ਦ ਕੀਤਾ ਸੀ, ਨੂੰ ਦੋਸ਼ੀ ਠਹਿਰਾਇਆ ਹੈ। ਜਾਣਕਾਰੀ ਮੁਤਾਬਕ ਕਲਯੁੱਗੀ ਪਿਓ ਕਈ ਸਾਲਾਂ ਤੋਂ ਆਪਣੀ ਧੀ ਦਾ ਸ਼ੋਸ਼ਣ ਕਰ ਰਿਹਾ ਸੀ।ਮਾਣਯੋਗ ਅਦਾਲਤ ਨੇ ਦੋਸ਼ੀ ਨੂੰ 20 ਸਾਲ ਦੀ ਸਖਤ ਕੈਦ ਅਤੇ 60,000 ਰੁਪਏ ਜੁਰਮਾਨੇ ਦੀ ਸਜ਼ਾ ਦਾ ਹੁਕਮ ਦਿੱਤਾ ਹੈ। ਇਸ ਤੋਂ ਇਲਾਵਾ ਮਾਣਯੋਗ ਅਦਾਲਤ ਨੇ ਦੋਸ਼ੀ ਨੂੰ ਜੁਰਮਾਨਾ ਨਾ ਭਰਨ ’ਤੇ ਇਕ ਸਾਲ ਅਤੇ ਤਿੰਨ ਮਹੀਨੇ ਦੀ ਵਾਧੂ ਕੈਦ ਦੀ ਸਜ਼ਾ ਦਾ ਹੁਕਮ ਦਿੱਤਾ ਹੈ। ਇਸ ਮਾਮਲੇ ਵਿਚ 6 ਸਤੰਬਰ, 2024 ਨੂੰ ਪੀੜਤਾ ਦੇ ਬਿਆਨ ਦੇ ਆਧਾਰ ’ਤੇ, ਨਿਹਾਲ ਸਿੰਘ ਵਾਲਾ ਪੁਲਸ ਸਟੇਸ਼ਨ ਨੇ ਦੋਸ਼ੀ ਪਿਤਾ ਜਸਵੀਰ ਸਿੰਘ, ਪੁੱਤਰ ਨਿਰਮਲ ਸਿੰਘ ਖਿਲਾਫ ਧਾਰਾ 376, 506 ਆਈਪੀਸੀ (ਧਾਰਾ 6) ਅਤੇ ਪੋਕਸੋ ਐਕਟ (ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ) ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਸੀ।

# ਵੱਡੀ ਵਾਰਦਾਤ ਨਾਲ ਕੰਬਿਆ ਪੰਜਾਬ ਦਾ ਇਹ ਇਲਾਕਾ ! ਦਿਨ-ਦਿਹਾੜੇ ਮਜ਼ਦੂਰਾਂ ’ਤੇ ਚਲਾ ਦਿੱਤੀਆਂ ਗੋਲੀਆਂ

ਕੌਮੀ ਪਤ੍ਰਿਕਾ

ਮੋਗਾ 3 ਅਕਤੂਬਰ। ਮੋਗਾ ਵਿਚ ਵੱਡੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਮਿਲੀ ਜਾਣਕਾਰੀ ਮੁਤਾਬਕ ਮੋਗਾ ਦੇ ਜ਼ੀਰਾ ਰੋਡ ’ਤੇ ਤਾਬੜਤੋੜ ਗੋਲ?ੀਆਂ ਚੱਲੀਆਂ ਹਨ। 3 ਬਾਈਕ ਸਵਾਰ ਬਦਮਾਸ਼ਾਂ ਨੇ ਇਕ ਸ਼ਖ਼ਸ ਨੂੰ ਨਿਸ਼ਾਨਾ ਬਣਾਉਂਦੇ ਹੋਏ ਅੰਨ੍ਹੇਵਾਹ ਗੋਲ?ੀਆਂ ਚਲਾਈਆਂ। ਇਸ ਘਟਨਾ ਵਿਚ ਦੋ ਮਜ਼ਦੂਰਾਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਮਿਲੀ ਹੈ। 2 ਮਜ਼ਦੂਰਾਂ ਦੇ ਪੈਰਾਂ ਵਿਚ ਗੋਲ?ੀਆਂ ਲੱਗੀਆਂ ਹਨ। ਦੱਸਿਆ ਜਾ ਰਿਹਾ ਹੈ ਜ਼ਖ਼ਮੀ ਮਜ਼ਦੂਰ ਬਿਹਾਰ ਦੇ ਰਹਿਣ ਵਾਲੇ ਹਨ, ਜੋਕਿ ਮੋਗਾ ਦੀ ਫੈਕਟਰੀ ਵਿਚ ਕੰਮ ਕਰਦੇ ਹਨ। ਜ਼ਖ਼ਮੀਆਂ ਨੂੰ ਨੇੜਲੇ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਪੱਲੇਦਾਰੀ ਦਾ ਕੰਮ ਕਰਨ ਵਾਲੇ ਕੁਝ ਮਜ਼ਦੂਰ ਰੋਟੀ ਖਾਣ ਤੋਂ ਬਾਅਦ ਆਪਣੇ ਘਰਾਂ ਵੱਲ ਜਾ ਰਹੇ ਸਨ ਕਿ ਅਚਾਨਕ ਤਿੰਨ ਬਾਈਕ ਸਵਾਰ ਨੌਜਵਾਨ ਉੱਥੇ ਆ ਪਹੁੰਚੇ ਅਤੇ ਬਿਨ੍ਹਾਂ ਕਿਸੇ ਚਿਤਾਵਨੀ ਦੇ ਉਨ੍ਹਾਂ ਵੱਲੋਂ ਮਜ਼ਦੂਰਾਂ ’ਤੇ ਗੋਲ?ੀਆਂ ਚਲਾਈਆਂ




ਗਈਆਂ। ਇਸ ਫਾਇਰਿੰਗ ਦੌਰਾਨ ਦੋ ਵਿਅਕਤੀਆਂ ਦੇ ਪੈਰਾਂ ਵਿੱਚ ਗੋਲ?ੀਆਂ ਲੱਗੀਆਂ, ਜਿਸ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਦੀ ਪਛਾਣ ਅਸ਼ੋਕ ਕੁਮਾਰ ਅਤੇ ਸਬੋਧ ਵਜੋਂ ਹੋਈ ਹੈ। ਮੌਕੇ ‘ਤੇ ਮੌਜੂਦ ਦੁਕਾਨਦਾਰਾਂ ਨੇ ਦੱਸਿਆ ਕਿ ਹਮਲਾਵਰਾਂ ਵੱਲੋਂ ਚਾਰ ਹਵਾਈ ਫਾਇਰ ਵੀ ਕੀਤੇ ਗਏ, ਜਿਸ ਨਾਲ ਇਲਾਕੇ ਵਿੱਚ ਹਫੜਾ-ਦਫੜੀ ਮਚ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ ‘ਤੇ ਪਹੁੰਚੀ ਅਤੇ ਜ਼ਖ਼ਮੀਆਂ ਨੂੰ ਤੁਰੰਤ ਇਲਾਜ ਲਈ ਨਜ਼ਦੀਕੀ ਹਸਪਤਾਲ ਭੇਜਿਆ ਗਿਆ। ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਆਸ-ਪਾਸ ਦੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਹਮਲਾਵਰਾਂ ਦੀ ਪਛਾਣ ਅਤੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

## ਪਾਣੀ ਵਾਲੀ ਟੈਂਕੀ ਉੱਪਰ ਚੜ੍ਹ ਆ ਪਿੰਡ ਕਿਰਪਾਲ ਸਿੰਘ ਵਾਲਾ ਦਾ ਵਿਅਕਤੀ

ਮਹਿਲ ਕਲਾਂ 3 ਅਕਤੂਬਰ। ਮਹਿਲ ਕਲਾਂ ਤੋਂ ਕੁਝ ਦੂਰੀ ’ਤੇ ਪੈਂਦੇ ਪਿੰਡ ਕਿਰਪਾਲ ਸਿੰਘ ਵਾਲਾ ਵਿਚ ਇਕ ਮੰਗਤ ਸਿੰਘ, ਵਿਅਕਤੀ ਟੈਂਕੀ ਉੱਪਰ ਚੜ ਗਿਆ ਹੈ ਜਿਸ ਨੇ ਟੈਂਕੀ ਉੱਪਰ ਚੜਨ ਦਾ ਕਾਰਨ ਦੱਸਿਆ ਕਿ ਉਸ ਦੀ ਜਗ?ਹਾ ਉੱਪਰ ਉਸ ਦੇ ਗੁਆਂਢੀਆਂ ਵੱਲੋਂ ਧੱਕੇ ਨਾਲ ਮਕਾਨ ਦੀ ਉਸਾਰੀ ਕੀਤੀ ਜਾ ਰਹੀ ਹੈ, ਜਦੋਂ ਕਿ ਸਾਡਾ ਅਦਾਲਤ ਵਿਚ ਕੇਸ ਚੱਲ ਰਿਹਾ ਹੈ। ਉਸ ਨੇ ਕਿਹਾ ਕਿ ਅਦਾਲਤੀ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ ਅਤੇ ਕੁਝ ਦਿਨ ਪਹਿਲਾਂ ਡੀ.ਐੱਸ.ਪੀ. ਦਫਤਰ ਮਹਿਲ ਕਲਾਂ ਵਿਚ ਫ਼ੈਸਲਾ ਹੋਇਆ ਸੀ ਕਿ ਜਗ?ਹਾ ਵਿਚ ਕੋਈ ਕੰਮ ਨਹੀਂ ਚਲਾਇਆ ਜਾਵੇਗਾ, ਪਰ ਉਸ ਤੋਂ ਬਾਅਦ ਵੀ ਮਕਾਨ ਦੀ ਉਸਾਰੀ ਕੀਤੀ ਜਾ ਰਹੀ ਹੈ। ਇਸ ਮਾਮਲੇ ਦੀ ਪੁਲਸ ਨੂੰ ਜਾਣਕਾਰੀ ਮਿਲਦੇ ਹੀ ਮੌਕੇ ’ਤੇ ਪਹੁੰਚ ਕੇ ਉਸਾਰੀ ਦਾ ਕੰਮ ਨੂੰ ਰੋਕ ਕੇ ਵਿਆਕਤੀ ਨੂੰ ਟੈਂਕੀ ਤੇ ਥੱਲੇ ਉਤਾਰ ਲਿਆ ਗਿਆ ਅਤੇ ਦੋਸ਼ੀਆਂ ਖ਼?ਲਾਫ਼ ਕਾਰਵਾਈ ਕਰਨ ਬਾਰੇ ਕਿਹਾ ਗਿਆ। ਇਸ ਸਬੰਧੀ ਡੀ.ਐੱਸ.ਪੀ. ਮਹਿਲ ਕਲਾਂ ਜਸਪਾਲ ਸਿੰਘ ਧਾਲੀਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿਚ ਹੈ। ਇਸ ਮਸਲੇ ਸਬੰਧੀ ਮੰਗਤ ਸਿੰਘ ਪੁੱਤਰ ਦਲੀਪ



ਸਿੰਘ ਵੱਲੋਂ 7 ਕਨਾਲ 10 ਮਰਲੇ ਦੀ ਜ਼ਮੀਨ ਨੂੰ ਲੈ ਕੇ ਕੋਰਟ ਕੇਸ ਦਾਇਰ ਕੀਤਾ ਗਿਆ ਸੀ ਜਿਸ ਦਾ ਕਿ ਕੋਰਟ ਵੱਲੋਂ 5-12-25 ਨੂੰ ਮੰਗਤ ਸਿੰਘ ਅਤੇ ਉਸ ਦੇ ਗੁਆਂਢੀ ਦੋਵਾਂ ਨੂੰ, ਕਿਸੇ ਵੀ ਤਰ੍ਹਾਂ ਦੀ ਉਸਾਰੀ ਦਾ ਕੰਮ, ਨਾ ਕਰਨ ਤੇ ਰੋਕ ਲਾ ਦਿੱਤੀ ਗਈ ਸੀ। ਪਰ ਅੱਜ ਮੰਗਤ ਸਿੰਘ ਦੇ ਗੁਆਂਢੀ ਸ਼ਿੰਦਰ ਸਿੰਘ ਵੱਲੋਂ ਕੋਰਟ ਦੇ ਹੁਕਮਾਂ ਦੀ ਉਲੰਘਣਾ ਕੀਤੀ ਗਈ ਹੈ

# ਪੰਜਾਬ ਦੇ ਸਕੂਲਾਂ ’ਚ ਨਹੀਂ ਮਿਲੇਗਾ ਮਿਡ-ਡੇਅ-ਮੀਲ ! ਯੂਨੀਅਨ ਨੇ ਕਰ ’ਤਾ ਵੱਡਾ ਐਲਾਨ

ਕੌਮੀ ਪਤ੍ਰਿਕਾ

ਅਬੋਹਰ 3 ਅਕਤੂਬਰ। ਮਿਡ-ਡੇਅ ਮੀਲ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਲਟਕਦੀਆਂ ਮੰਗਾਂ ਨੂੰ ਲੈ ਕੇ 20 ਫਰਵਰੀ ਨੂੰ ਰਾਜ ਪੱਧਰੀ ਕੰਮ ਛੱਡੋ ਹੜਤਾਲ ਕੀ ਜਾ ਰਹੀ ਹੈ। ਇਸ ਹੜਤਾਲ ਕਾਰਨ ਉਸ ਦਿਨ ਸੂਬੇ ਭਰ ਦੇ ਸਾਰੇ ਸਰਕਾਰੀ ਸਕੂਲਾਂ ’ਚ ਵਿਦਿਆਰਥੀਆਂ ਨੂੰ ਮਿਡ-ਡੇਅ ਮੀਲ ਨਹੀਂ ਦਿੱਤਾ ਜਾਵੇਗਾ। ਇਸ ਜਾਣਕਾਰੀ ਦਾ ਖ਼ੁਲਾਸਾ ਕਰਦੇ ਹੋਏ ਯੂਨੀਅਨ ਦੀ ਪੰਜਾਬ ਪ੍ਰਧਾਨ ਬਿਮਲਾ ਦੇਵੀ ਅਤੇ ਜਨਰਲ ਸਕੱਤਰ ਕਮਲਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਦਾ ਸੰਗਠਨ ਪਿਛਲੇ 25 ਸਾਲਾਂ ਤੋਂ ਸੂਬੇ ’ਚ ਕੰਮ ਕਰ ਰਹੇ ਲਗਭਗ 77,000 ਮਿਡ-ਡੇਅ ਮੀਲ ਵਰਕਰਾਂ ਦੀਆਂ ਜਾਇਜ਼ ਮੰਗਾਂ ਲਈ ਲੜ ਰਿਹਾ ਹੈ। ਹਾਲਾਂਕਿ ਕਿਸੇ ਵੀ ਸਰਕਾਰ ਨੇ ਇਨ੍ਹਾਂ ਮੰਗਾਂ ਵੱਲ ਗੰਭੀਰਤਾ ਨਾਲ



ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਮਹਿੰਗਾਈ ਦੇ ਇਸ ਯੁੱਗ ’ਚ ਮਿਡ-ਡੇਅ ਮੀਲ ਵਰਕਰ ਸਿਰਫ਼ 100 ਦੀ ਨਿਗੂਣੀ ਰੋਜ਼ਾਨਾ ਉਜਰਤ ’ਤੇ ਕੰਮ ਕਰਨ ਲਈ ਮਜਬੂਰ ਹਨ, ਜੋ ਕਿ ਕਿਸੇ ਵੀ ਤਰ੍ਹਾਂ ਸਨਮਾਨਜਨਕ ਤਨਖ਼ਾਹ ਨਹੀਂ ਹੈ। ਯੂਨੀਅਨ ਮੰਗ ਕਰਦੀ ਹੈ ਕਿ ਮਿਡ-ਡੇਅ ਮੀਲ ਵਰਕਰਾਂ ਦੀ ਮਾਸਿਕ ਤਨਖ਼ਾਹ ਹਰਿਆਣਾ ਪੈਟਰਨ ਅਨੁਸਾਰ ਵਧਾ ਕੇ 7,500 ਕੀਤੀ ਜਾਵੇ। ਯੂਨੀਅਨ ਆਗੂਆਂ ਨੇ ਕਿਹਾ ਕਿ ਉਨ੍ਹਾਂ ਦੀਆਂ ਹੋਰ ਮੁੱਖ ਮੰਗਾਂ ’ਚ ਗਰਮੀਆਂ ਅਤੇ ਸਰਦੀਆਂ ਦੀਆਂ ਵਰਦੀਆਂ, ਕੈਜ਼ੁਅਲ ਲੀਵ, ਮੈਡੀਕਲ, ਮੈਟਰਨਿਟੀ ਅਤੇ ਅਰਨਡ ਲੀਵ, ਪ੍ਰੀ ਨਰਸਰੀ ਦੇ ਬੱਚਿਆਂ ਦੀ ਗਿਣਤੀ ਪ੍ਰਾਥਮਿਕ ਸਕੂਲਾਂ ’ਚ ਸ਼ਾਮਲ ਕਰਨਾ, ਹਰੇਕ ਸਕੂਲ ’ਚ ਘੱਟੋ-ਘੱਟ ਦੋ ਮਿਡ-ਡੇਅ ਮੀਲ ਵਰਕਰ ਨਿਯੁਕਤ ਕਰਨਾ, ਸਰਵਿਸ ਬੁੱਕ ਜਾਰੀ ਕਰ ਸੀ. ਪੀ. ਐੱਫ. ਕਟੌਤੀ, ਹਰੇਕ ਵਰਕਰ ਲਈ 5 ਲੱਖ ਰੁਪਏ ਦਾ ਮੁਫ਼ਤ ਬੀਮਾ ਅਤੇ ਵਰਕਰ ਦੀ ਮੌਤ ਹੋਣ ਦੀ ਸੂਰਤ ’ਚ ਪਰਿਵਾਰ ਦੇ ਇੱਕ ਮੈਂਬਰ ਨੂੰ ਰੁਜ਼ਗਾਰ ਦੇਣਾ ਸ਼ਾਮਲ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਮੰਗਾਂ ਪੂਰੀਆਂ ਨਾ ਹੋਣ ਦੇ ਵਿਰੋਧ ’ਚ 20 ਫਰਵਰੀ ਨੂੰ ਆਲ ਇੰਡੀਆ ਪੱਧਰ ’ਤੇ ਕੰਮ ਛੱਡੋ ਹੜਤਾਲ ਕੀਤੀ ਜਾਵੇਗੀ। ਇਸ ਤਹਿਤ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ’ਚ ਬੱਚਿਆਂ ਨੂੰ ਮਿਡ-ਡੇਅ ਮੀਲ ਨਹੀਂ ਦਿੱਤਾ ਜਾਵੇਗਾ।

## ਅਟਲ ਅਪਾਰਟਮੈਂਟ ’ਚ ਫਲੈਟ ਖ਼ਰੀਦਣ ਵਾਲਿਆਂ ਨੂੰ ਝਟਕਾ

ਲੁਧਿਆਣਾ 3 ਅਕਤੂਬਰ। ਅਟਲ ਅਪਾਰਟਮੈਂਟ ਵਿਚ ਫਲੈਟ ਖਰੀਦਣ ਵਾਲਿਆਂ ਨੂੰ ਇੰਪਰੂਵਮੈਂਟ ਟਰੱਸਟ ਨੇ ਵੱਡਾ ਝਟਕਾ ਦਿੱਤਾ ਹੈ ਜਿਸ ਤਹਿਤ ਉਨ੍ਹਾਂ ਲੋਕਾਂ ਨੂੰ 3 ਸਾਲ ਦੀ ਬਜਾਏ ਹੁਣ 4.5 ਮਹੀਨਿਆਂ ਵਿਚ ਸਾਰੀ ਪੇਮੈਂਟ ਦੇਣੀ ਹੋਵੇਗੀ। ਜ਼ਿਕਰਯੋਗ ਹੋਵੇਗਾ ਕਿ ਇੰਪਰੂਵਮੈਂਟ ਟਰੱਸਟ ਵੱਲੋਂ ਅਟਲ ਅਪਾਰਟਮੈਂਟ ਦੇ ਬਕਾਇਆ ਫਲੈਟ ਅਲਾਟ ਕਰਨ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ। ਭਾਵੇਂ ਕਿ ਨਿਯਮਾਂ ਦੇ ਪ੍ਰਵਧਾਨ ਹੋਣ ਦੇ ਬਾਵਜੂਦ ਸਰਕਾਰ ਦੇ ਫੈਸਲੇ ਦਾ ਹਵਾਲਾ ਦਿੰਦੇ ਪਹਿਲਾ ਦੇ ਮੁਕਾਬਲੇ ਰਿਜ਼ਰਵ ਪ੍ਰਾਈਜ ਵਿਚ ਇਜ਼ਾਫਾ ਨਹੀਂ ਕੀਤਾ ਗਿਆ ਹੈ

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਪਹਿਲਾਂ ਮਾਂ, ਫਿਰ ਢਾਈ ਸਾਲ ਦੀ ਧੀ ਦੀ ਵੀ ਮੌਤ, ਭਰਾ ਦਾ ਦੋਸ਼- 'ਦਾਜ ਲਈ ਸਾਜ਼ਿਸ਼ ਰਚ ਕੇ ਜ਼ਿੰਦਾ ਸਾੜਿਆ'

ਕੌਮੀ ਪਤ੍ਰਿਕਾ

ਸਿਰਸਾ 3 ਅਕਤੂਬਰ। ਨਾਥੂਸਰੀ ਚੌਪਟਾ ਖੇਤਰ ਦੇ ਸ਼ੱਕਰਮੰਦੋਰੀ ਪਿੰਡ 'ਚ ਐਤਵਾਰ ਨੂੰ ਕਮਰੇ 'ਚ ਅੱਗ ਲੱਗਣ ਕਾਰਨ ਵਿਆਹੁਤਾ ਕਵਿਤਾ ਦੀ ਮੌਤ ਤੋਂ ਬਾਅਦ ਸੋਮਵਾਰ ਨੂੰ ਹਿਸਾਰ ਦੇ ਇੱਕ ਨਿੱਜੀ ਹਸਪਤਾਲ 'ਚ ਇਲਾਜ ਅਧੀਨ ਢਾਈ ਸਾਲ ਦੀ ਬੱਚੀ ਸਾਨਵੀ ਦੀ ਵੀ ਮੌਤ ਹੋ ਗਈ। ਬੱਚੀ 50 ਫੀਸਦੀ ਝੁਲਸ ਗਈ ਸੀ, ਜਿਸ ਨੂੰ ਐਤਵਾਰ ਨੂੰ ਗੰਭੀਰ ਹਾਲਤ 'ਚ ਹਿਸਾਰ ਰੈਫਰ ਕੀਤਾ ਗਿਆ ਸੀ। ਇਸ ਮਾਮਲੇ 'ਚ ਹਿਸਾਰ ਦੇ ਪਿੰਡ ਲਾਲਵਾਸ ਵਾਸੀ ਮ੍ਰਿਤਕਾ ਦੇ ਭਰਾ ਸਤੀਸ਼ ਦੀ ਸ਼ਿਕਾਇਤ 'ਤੇ ਪੁਲਿਸ ਨੇ ਕਵਿਤਾ ਦੇ ਪਤੀ ਸੰਦੀਪ, ਸੱਸ ਸ਼ਾਂਤੀ, ਸਹੁਰਾ ਓਮ ਪ੍ਰਕਾਸ਼ ਤੇ ਨਨਾਣ ਜੋਤੀ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਹੈ ਕਿ ਉਸ ਦੀ ਭੈਣ ਨੂੰ ਦਾਜ ਲਈ ਤੰਗ-ਪ੍ਰੇਸ਼ਾਨ ਕੀਤਾ ਜਾਂਦਾ ਸੀ ਤੇ ਸਾਜ਼ਿਸ਼ ਦੇ ਤਹਿਤ ਉਸ ਨੂੰ ਸਾੜ ਕੇ ਮਾਰ ਦਿੱਤਾ ਗਿਆ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਮ੍ਰਿਤਕਾ ਮਹਿਲਾ ਤੇ ਬੱਚੀ ਦੀਆਂ ਲਾਸ਼ਾਂ ਦਾ ਸੋਮਵਾਰ ਨੂੰ ਪੋਸਟਮਾਰਟਮ ਕਰਵਾਇਆ ਜਾਵੇਗਾ। ਜਾਣਕਾਰੀ ਮੁਤਾਬਕ ਐਤਵਾਰ ਦੁਪਹਿਰ ਕਰੀਬ ਢਾਈ ਵਜੇ ਕਵਿਤਾ ਆਪਣੀ ਢਾਈ ਸਾਲ ਦੀ ਧੀ ਸਾਨਵੀ ਨਾਲ ਘਰ 'ਚ ਸੀ। ਉਸ ਦਾ ਪਤੀ ਸੰਦੀਪ ਆਪਣੇ ਮਾਤਾ-ਪਿਤਾ ਨਾਲ ਖੇਤ 'ਚ ਗਿਆ ਹੋਇਆ ਸੀ। ਇਸੇ ਦੌਰਾਨ ਗੁਆਂਢੀਆਂ ਨੇ ਘਰ 'ਚੋਂ ਧੂੰਆਂ ਨਿਕਲਦਾ ਦੇਖਿਆ ਤੇ ਮਾਂ-ਧੀ ਦੇ



ਚੀਕਣ ਦੀ ਆਵਾਜ਼ ਸੁਣੀ। ਪਿੰਡ ਵਾਸੀ ਮੌਕੇ 'ਤੇ ਪਹੁੰਚੇ ਤਾਂ ਘਰ ਦਾ ਮੁੱਖ ਗੇਟ ਬੰਦ ਸੀ ਤੇ ਅੰਦਰ ਇੱਕ ਕਮਰੇ 'ਚ ਅੱਗ ਲੱਗੀ ਹੋਈ ਸੀ। ਪਿੰਡ ਵਾਸੀਆਂ ਨੇ ਪਾਣੀ ਤੇ ਮਿੱਟੀ ਪਾ ਕੇ ਅੱਗ ਬੁਝਾਈ। ਅੱਗ ਬੁਝਣ ਤੱਕ ਕਵਿਤਾ ਗੰਭੀਰ ਤੌਰ 'ਤੇ ਝੁਲਸ ਚੁੱਕੀ ਸੀ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬੱਚੀ ਸਾਨਵੀ ਵੀ ਕਰੀਬ 50 ਫੀਸਦੀ ਝੁਲਸ ਗਈ ਸੀ। ਪਿੰਡ ਵਾਸੀਆਂ ਮੁਤਾਬਕ ਅੱਗ 'ਚ ਕਮਰੇ 'ਚ ਰੱਖਿਆ ਸੋਫਾ, ਮੰਜਾ ਤੇ ਹੋਰ ਘਰੇਲੂ ਸਾਮਾਨ ਸੜ ਕੇ ਸੁਆਹ ਹੋ ਗਿਆ।

ਘਟਨਾ ਦੀ ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਤੇ ਘਟਨਾ ਸਥਾਨ ਦੀ ਜਾਂਚ ਕੀਤੀ। ਹਾਲਾਂਕਿ ਕਮਰੇ 'ਚ ਸਿਲੰਡਰ ਜਾਂ ਕੋਈ ਹੋਰ ਜਲਣਸ਼ੀਲ ਪਦਾਰਥ ਹੋਣ ਦੀ ਪੁਸ਼ਟੀ ਨਹੀਂ ਹੋਈ ਹੈ। ਪੁਲਿਸ ਅੱਗ ਲੱਗਣ ਦੇ ਅਸਲ ਕਾਰਨਾਂ ਤੇ ਘਟਨਾ ਦੀਆਂ ਸਥਿਤੀਆਂ ਦੀ ਜਾਂਚ ਕਰ ਰਹੀ ਹੈ। ਮ੍ਰਿਤਕਾ ਦੇ ਭਰਾ ਸਤੀਸ਼ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਇਆ ਕਿ ਉਸ ਦੀ ਭੈਣ ਨੂੰ ਸਹੁਰੇ ਪੱਖ ਦੇ ਲੋਕ ਦਾਜ ਲਈ ਤੰਗ-ਪ੍ਰੇਸ਼ਾਨ ਕਰਦੇ ਸਨ। ਸ਼ਿਕਾਇਤ 'ਚ ਪਤੀ, ਸੱਸ, ਸਹੁਰੇ ਤੇ ਨਨਾਣ 'ਤੇ ਸਾਜ਼ਿਸ਼ ਦੇ ਤਹਿਤ ਕਵਿਤਾ ਨੂੰ ਸਾੜ ਕੇ ਮਾਰਨ ਦਾ ਦੋਸ਼ ਲਗਾਇਆ ਗਿਆ ਹੈ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਚਾਰਾਂ ਖ਼?ਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਪੋਸਟਮਾਰਟਮ ਰਿਪੋਰਟ ਤੇ ਘਟਨਾ ਸਥਾਨ ਤੋਂ ਇਕੱਠੇ ਕੀਤੇ ਜਾਣ ਵਾਲੇ ਸਬੂਤਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕਰਨ 'ਚ ਜੁਟੀ ਹੋਈ ਹੈ।

## ਗੈਂਗਸਟਰ ਭਿਖਾਰੀਵਾਲ ਨੂੰ ਗੁਰਦਾਸਪੁਰ ਦੀ ਅਦਾਲਤ 'ਚ ਕੀਤਾ ਪੇਸ਼, ਨਾਮੀ ਪ੍ਰਾਪਰਟੀ ਡੀਲਰ ਕੋਲੋਂ ਮੰਗੀ ਸੀ ਫਿਰੌਤੀ

ਗੁਰਦਾਸਪੁਰ, 3 ਅਕਤੂਬਰ। ਗੈਂਗਸਟਰ ਸੁੱਖ ਭਿਖਾਰੀਵਾਲ ਜੋ ਹੁਣ ਬਠਿੰਡਾ ਦੀ ਹਾਈ ਸਕਿਉਰਟੀ ਜੇਲ ਵਿੱਚ ਬੰਦ ਹੈ, ਜਿਸਨੂੰ ਅੱਜ ਗੁਰਦਾਸਪੁਰ ਦੀ ਇੱਕ ਅਦਾਲਤ ਵਿੱਚ ਇਥੇ ਪੇਸ਼ ਕੀਤਾ ਗਿਆ। ਮਾਮਲਾ ਗੁਰਦਾਸਪੁਰ ਸ਼ਹਿਰ ਦੇ ਇੱਕ ਨਾਮੀ ਪ੍ਰਾਪਰਟੀ ਡੀਲਰ ਨੂੰ ਡੇਢ ਕਰੋੜ ਦੀ ਫਿਰੌਤੀ ਲਈ ਮਿਲੀ ਧਮਕੀ ਦਾ ਹੈ। ਜਿਸ ਦੀ ਐੱਫਆਈਆਰ ਸਾਲ 2022 ਵਿੱਚ ਥਾਣਾ ਸਿਟੀ ਗੁਰਦਾਸਪੁਰ ਵਿੱਚ ਦਰਜ ਕੀਤੀ ਗਈ ਸੀ। ਮੁਦਈ ਵੱਲੋਂ ਮਾਮਲੇ ਦੇ ਇੱਕ ਹੋਰ ਦੋਸ਼ੀ ਨੂੰ ਬੇਕਸੂਰ ਮੰਨ ਕੇ ਐੱਫ.ਆਈ. ਆਰ ਵਿੱਚੋਂ ਕੱਢਣ ਦੇ ਖਿਲਾਫ ਲਗਾਈ ਗਈ ਇੱਕ ਐਪਲੀਕੇਸ਼ਨ ਦੇ ਮਾਮਲੇ ਵਿੱਚ ਸੁੱਖ ਭਿਖਾਰੀਵਾਲ ਨੂੰ ਅਦਾਲਤ ਵੱਲੋਂ ਤਲਬ ਕੀਤਾ ਗਿਆ ਸੀ । ਭਾਰੀ ਸੁਰੱਖਿਆ ਦੇ ਵਿੱਚ ਸੁੱਖ ਭਿਖਾਰੀਵਾਲ ਨੂੰ ਬੁਲਟ ਪਰੂਫ ਗੱਡੀ ਤੇ ਅਦਾਲਤ ਕੰਪਲੈਕਸ ਵਿੱਚ ਲਿਆਂਦਾ ਗਿਆ ਤੇ ਅਦਾਲਤ ਵਿੱਚ ਪੇਸ਼ ਕੀਤਾ ਗਿਆ । ਭਿਖਾਰੀਵਾਲ ਦੇ ਵਕੀਲ ਕਰਨਜੀਤ ਸਿੰਘ ਨੇ ਦੱਸਿਆ ਕਿ ਭਿਖਾਰੀਵਾਲ ਤੇ ਕੁੱਲ ਪੰਜ ਮਾਮਲੇ ਹੋਰ ਦਰਜ ਹਨ ਜਦਕਿ ਦੋ ਹੋਰ ਮਾਮਲਿਆਂ ਵਿੱਚ ਉਹ ਬਰੀ ਵੀ ਹੋ ਚੁੱਕਿਆ ਹੈ। ਜਦੋਂ ਇਹ ਫਿਰੌਤੀ ਵਾਲੀ ਵਾਰਦਾਤ ਵਾਪਰੀ ਸੀ ਉਸ ਵੇਲੇ ਵੀ ਉਹ ਜੇਲ ਵਿੱਚ ਬੰਦ ਸੀ ਅਤੇ ਹਾਈ ਸਿਕਿਉਰਟੀ ਜੇਲ ਵਿੱਚੋਂ ਕਿਵੇਂ ਕਿਸੇ ਨੂੰ ਧਮਕੀ ਦੇ ਸਕਦਾ ਹੈ। ਉਨ੍ਹਾਂ ਦੱਸਿਆ ਕਿ ਅਦਾਲਤ ਨੇ ਅਗਲੀ ਤਰੀਕ 12 ਅਕਤੂਬਰ ਦਿੱਤੀ ਹੈ ਅਤੇ ਇਸ ਤਰੀਕ ਤੇ ਉਨ੍ਹਾਂ ਵੱਲੋਂ ਆਪਣਾ ਜਵਾਬ ਅਦਾਲਤ ਵਿੱਚ ਦਿੱਤਾ ਜਾਵੇਗਾ।

## ਪੰਜਾਬ ਦੇ ਇਨ੍ਹਾਂ ਪਿੰਡਾਂ ਲਈ ਰਾਹਤ ਭਰੀ ਖ਼ਬਰ, ਦਹਾਕਿਆਂ ਪੁਰਾਣੀ ਮੰਗ ਹੋਣ ਜਾ ਰਹੀ ਪੂਰੀ

ਗੁਰਦਾਸਪੁਰ 3 ਅਕਤੂਬਰ। ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਮਕੌੜਾ ਪੱਤਣ 'ਤੇ ਰਾਵੀ ਦਰਿਆ ਦੇ ਪਾਰਲੇ ਪਿੰਡਾਂ ਲਈ ਰਾਹਤ ਭਰੀ ਖ਼ਬਰ ਹੈ, ਜੋ ਮਾਨਸੂਨ ਦੇ ਮੌਸਮ ਦੌਰਾਨ ਦੇਸ਼ ਤੋਂ ਪੂਰੀ ਤਰ੍ਹਾਂ ਕੱਟੇ ਜਾਂਦੇ ਸਨ। ਸਥਾਨਕ ਕਾਂਗਰਸ ਪਾਰਟੀ ਦੀ ਵਿਧਾਇਕਾ ਅਰੁਣਾ ਚੌਧਰੀ ਦੇ ਯਤਨਾਂ ਸਦਕਾ ਰਾਵੀ ਦਰਿਆ 'ਤੇ ਮਕੌੜਾ ਪੱਤਣ 'ਤੇ ਇਕ ਸਥਾਈ ਪੁਲ ਦਾ ਨਿਰਮਾਣ ਜਲਦ ਸ਼ੁਰੂ ਹੋਣ ਜਾ ਰਿਹਾ ਹੈ। ਇਸ ਨਾਲ ਉਨ੍ਹਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ, ਜੋ ਬਰਸਾਤਾਂ 'ਚ ਦਰਿਆ ਦਾ ਜਲ ਪੱਧਰ ਵਧਣ ਕਾਰਨ ਨੌਕਰੀਆਂ, ਸਿੱਖਿਆ, ਸਿਹਤ ਸੰਭਾਲ ਅਤੇ ਹੋਰ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਰਹਿ ਜਾਂਦੇ ਸਨ। ਆਜ਼ਾਦੀ ਤੋਂ ਬਾਅਦ ਹੀ ਰਾਵੀ ਦਰਿਆ ਦੇ ਪਾਰ ਦੇ ਪਿੰਡਾਂ ਦੇ ਲੋਕਾਂ ਵੱਲੋਂ ਇੱਥੇ ਸਥਾਈ ਪੁਲ ਦੀ ਮੰਗ ਕੀਤੀ ਜਾ ਰਹੀ ਸੀ। ਦਹਾਕਿਆਂ ਤੋਂ ਲੋਕ ਨਿਰਮਾਣ ਵਿਭਾਗ ਰਾਵੀ ਦਰਿਆ ਪਾਰ ਰਹਿੰਦੇ ਲਗਭਗ 3,000 ਲੋਕਾਂ ਦੀ ਆਵਾਜਾਈ ਲਈ ਕੁਝ ਮਹੀਨਿਆਂ ਵਾਸਤੇ ਪਲਟੂਨ ਪੁਲ ਬਣਾਉਂਦਾ ਆ ਰਿਹਾ ਹੈ। ਜੁਲਾਈ 'ਚ ਬਰਸਾਤ ਸ਼ੁਰੂ ਹੁੰਦਿਆਂ ਹੀ ਵਿਭਾਗ ਇਸ ਪੁਲ ਨੂੰ ਹਟਾ ਕੇ ਕਿਸ਼ਤੀ ਸੇਵਾ ਸ਼ੁਰੂ ਕਰਦਾ ਹੈ ਪਰ ਪਾਣੀ ਦਾ ਪੱਧਰ ਜ਼ਿਆਦਾ ਵਧਣ 'ਤੇ ਕਿਸ਼ਤੀ ਵੀ ਬੰਦ ਕਰਨੀ ਪੈਂਦੀ ਹੈ। ਤਿੰਨ ਪਾਸਿਆਂ ਤੋਂ ਪਾਕਿਸਤਾਨ ਨਾਲ ਘਿਰੇ ਇਸ ਭਰਿਆਲ ਟਾਪੂ ਦੇ ਲੋਕਾਂ ਨੂੰ ਮਾਨਸੂਨ ਦੌਰਾਨ ਸੰਪਰਕ ਟੁੱਟਣ ਅਤੇ ਸਰਹੱਦ ਪਾਰ ਘੁਸਪੈਠ ਦੀ ਦੋਹਰੀ ਚੁਣੌਤੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪੁਲ ਦੀ ਮੰਗ ਲਈ ਖੇਤਰ ਦੇ ਲੋਕ ਵਾਰ-ਵਾਰ ਵਿਰੋਧ ਪ੍ਰਦਰਸ਼ਨ ਅਤੇ ਦੋ ਵਾਰ ਵਿਧਾਨ ਸਭਾ ਚੋਣਾਂ ਦਾ ਬਾਈਕਾਟ ਵੀ ਕਰ ਚੁੱਕੇ ਹਨ ਪਰ ਹੁਣ ਉਨ੍ਹਾਂ ਦੀ ਮੰਗ ਜਲਦੀ ਹੀ ਪੂਰੀ ਹੋਣ ਜਾ ਰਹੀ ਹੈ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHOUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of No-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, Deep Ranjan Kumar S/o Shyam Nandan Singh Army No. 4285135Y, Rank - CHM Posted at 29 Bihar BN NCC, Patna Rajendra Nagar Pin - 800016 & Permanently Residing at Belaur Urf Baikurthpur Ragho, Vaishali, State - Bihar, Pin - 844111 have changed my Son's name from Dipansu Kumar to Deepanshu for all future purposes. My Son's Aadhar No. 846684947811. Vide Affidavit No. 656 Dated 16/09/2026 before The Notary Public at Patna Sadar (Patna) in presence of Advocate D. B. Kumar.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

## ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਸੰਖਿਆ: 30-ਕ.ਵਿ.-ਨਵੀਂ ਦਿੱਲੀ-2026-27 ਮਿਤੀ : 01.10.2026

ਸੀਨੀਅਰ ਮੰਡਲ ਵਿ. ਇੰਜੀ./ਕ.ਵਿ.ਡੀ.ਆਰ ਐਮ. ਆਫਿਸ, ਸਟੇਟ ਐਂਟਰੀ ਰੋਡ, ਨਵੀਂ ਦਿੱਲੀ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮ ਲਈ ਖੁਲ੍ਹੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ:-

| | | |
|---|---|---|
| 1 | ਕੰਮ ਦਾ ਨਾਮ ਤੇ ਸਥਾਨ | ਭਾਗ-ਬੀ: DLI ਡਵੀਜਨ ਦੇ KHV/TSS ਦੀ ਵਧਦੀਆਂ ਲੋਡ ਜਰੂਰਤਾਂ ਨੂੰ ਪੂਰਾ ਕਰਨ ਦੇ ਲਈ ਮੌਜੂਦਾ OHE ਸਮਰਥਾ ਨੂੰ ਵਧਾਉਣ ਲਈ ਫੀਡਰ ਵਾਇਰ ਦਾ ਪ੍ਰਬੰਧ। |
| 2 | ਅੰਦਾਜਨ ਲਾਗਤ | Rs. 15,31,65,385.89/- |
| 3 | ਬਿਆਨਾ ਰਾਸ਼ੀ | Rs. 30,63,300/- |
| 4 | ਪ੍ਰੀ-ਬਿਡ ਮੀਟਿੰਗ ਦੀ ਮਿਤੀ ਅਤੇ ਸਮਾਂ | 07.10.2026 (11.00 hrs.) |
| 5 | ਈ-ਨਿਵਿਦਾ ਆਨਲਾਈਨ ਜਮ੍ਹਾ ਕਰਨ ਦਾ ਸਮਾਂ | 13.10.2026 (00:00 ਵਜੇ) ਤੋਂ 27.10.2026 (15:00 ਵਜੇ ਤਕ) |
| 6 | ਈ-ਨਿਵਿਦਾ ਸਮਾਪਤੀ ਦੀ ਅੰਤਮ ਅਤੇ ਈ-ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | 27.10.2026 (15:00 ਵਜੇ) |
| 7 | ਵੈਬਸਾਈਟ ਵੇਰਵਾ ਜਿਥੋਂ ਨਿਵਿਦਾ ਦਸਤਾਵੇਜਾਂ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ। | www.ireps.gov.in |

3424/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਨੇਤਾਜੀ ਸੁਭਾਸ਼ ਪ੍ਰੋਦਿਉਗਿਕੀ ਵਿਸ਼ਵਵਿਦਿਆਲਾ
ਸੇਕਟਰ -3, ਦਵਾਰਕਾ, ਨਵੀਂ ਦਿੱਲੀ- 110078
(ਪੂਰਵ ਨੇਤਾਜੀ ਸੁਭਾਸ਼ ਪ੍ਰੋਦਿਉਗਿਕੀ ਸੰਸਥਾਨ)
(ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਸਰਕਾਰ)

ਪੀਐਚਡੀ ਪ੍ਰੇਸ਼ (ਸਮੇ ਸੇਮੇਸਟਰ) 2026-27 ਦੇ ਲਈ ਸੂਚਨਾ

| ਡਿਗ੍ਰੀ ਪ੍ਰੋਗਰਾਮ | ਪ੍ਰਵੇਸ਼ ਦਾ ਮਾਨਦੰਡ | ਵਧੇਰੇ ਜਾਣਕਾਰੀ ਦੇ ਲਈ ਲਿੰਕ |
|---|---|---|
| ਪੀਐਚਡੀ (ਈਸੀਈ/ਆਈਸੀਈ/ਈਈ/ਐਮਸ/ਸੀਐਸਈ/ਆਈਟੀ/ਸਿਵਿਲ/ਜਿਉਇੰਫਾਰਮੇਟਿਕਸ/ਡਿਜ਼ਾਈਨ/ਆਦਿ) | ਐਨਐਸਯੂਟੀ ਵੱਲੋਂ ਲਿਖਿਤ ਪ੍ਰੀਖਿਆ ਆਯੋਜਿਤ ਕੀਤੀ ਗਈ | http://www.nsut.ac.in https://www.imsnsit.org/imsnsit/elearn_phdregistration.php |
| ਪੀਐਚਡੀ (ਭੌਤਿਕੀ, ਰਾਸਇਨ ਵਿਗਿਆਨ, ਗਣਿਤ, ਅੰਗ੍ਰੇਜ਼ੀ ਅਤੇ ਜੈਵਿਕ ਵਿਗਿਆਨ ਅਤੇ ਇੰਜੀਨਿਅਰਿੰਗ ਅਤੇ ਪ੍ਰਬੰਧਨ) | ਨੇਟ ਸਕੋਰ/ ਐਨਐਸਯੂਟੀ ਵੱਲੋਂ ਲਿਖਿਤ ਪ੍ਰੀਖਿਆ ਆਯੋਜਿਤ ਕੀਤੀ ਗਈ | http://www.nsut.ac.in https://www.imsnsit.org/imsnsit/elearn_phdregistration.php ਵਧੇਰੇ ਜਾਣਕਾਰੀ ਪੀਐਚਡੀ ਬ੍ਰੋਚਰ 'ਚ ਹੈ। |

ਔਨਲਾਈਨ ਆਵੇਦਨ ਜਮ੍ਹਾਂ ਕਰਨ ਦੀ ਮਿਤੀ 05.10.2026 ਤੋਂ 30.10.2026 (ਸ਼ਾਮ 05:00 ਵਜੇ)

ਉਨ੍ਹਾਂ ਉਮੀਦਵਾਰਾਂ ਦੇ ਆਵੇਦਨ ਵੀ ਸਵੀਕਾਰ ਕੀਤੇ ਜਾਣਗੇ, ਜਿਨ੍ਹਾਂ ਦੀ ਯੋਗਤਾ ਪ੍ਰੀਖਿਆ ਦੇ ਪਰਿਣਾਮ ਸੂਚਨਾ ਵਿਵਰਣਿਕਾ 'ਚ ਦਿੱਤੀ ਗਈ ਅੰਤਿਮ ਮਿਤੀ ਨੂੰ ਜਾਂ ਉਸ ਤੋਂ ਪਹਿਲਾਂ ਘੋਸ਼ਿਤ ਹੋਣ ਦੀ ਸੰਭਾਵਨਾ ਹੈ। ਪ੍ਰਵੇਸ਼ ਦੀ ਸ਼੍ਰੇਣੀਆਂ ਹੇਠਅਨੁਸਾਰ ਦਿੱਤੀ ਗਈ ਹੈ
ਟੀਚਿੰਗ cum ਰਿਸਰਚ ਫੇਲੋਸ਼ਿਪ (ਟੀ ਆਰ ਐਫ)
ਰਿਸਰਚ ਸਕੱਲਰਸ ਵਿਥ ਯੂਨੀਵਰਸਿਟੀ ਰਿਸਰਚ ਫੇਲੋ (ਯੂਆਰਐਫ)
ਰਿਸਰਚ ਸਕੱਲਰਸ ਵਿਥ ਫੇਲੋਸ਼ਿਪ ਫਰੌਮ ਸਪੋਂਸਿੰਗ ਏਜੰਸੀਜ (ਯੂਜੀਸੀ/ਡੀਐਸਟੀ/ਸੀਐਸਆਈਆਰ/ਡੀਬੀਟੀ/ਆਈਸੀਐਮਆਰ ਆਦਿ)
ਰਿਸਰਚ ਸਕੱਲਰਸ ਵਿਦਾਉਟ ਹੋਰ ਫੇਲੋਸ਼ਿਪ (ਸੇਲਫ ਫਾਈਨੇਸਿੰਗ ਮੋਡ)

ਆਵੇਦਨ ਪ੍ਰੰਸਸਕਰਣ ਸ਼ੁਲਕ (ਗੈਰ-ਵਾਪਸੀ ਯੋਗ): ਰੁ. 1000/- (ਰੁ. ਇਕ ਹਜ਼ਾਰ ਮਾਤਰ)। ਵਧੇਰੇ ਜਾਣਕਾਰੀ ਦੇ ਲਈ, ਵਿਸ਼ਵਿਦਿਆਲਾ ਦੀ ਵੇਬਸਾਈਟ 'ਤੇ ਪੀਐਚਡੀ ਪ੍ਰਵੇਸ਼ ਵਿਵਰਣਿਕਾ 2026-27 (ਸਮ ਸੇਮੇਸਟਰ) ਦੇਖੋ। ਵਿਸ਼ਵਿਦਿਆਲਾ ਦੀ ਵੇਬਸਾਈਟ ਯਾਨੀ http://www.nsut.ac.in, https://www.imsnsit.org./ imsnsit/ elearn phdregistration.php

DIP/Shabdarth/Classified/0239/26-27

# ਨਾਟਕ ਜਿਸ ਲਾਹੌਰ ਨਹੀਂ ਵੇਖਿਆ ਓ ਜੰਮਿਆ ਨਹੀਂ ਦੇ ਮੰਚਨ ਦੌਰਾਨ ਹਰਪਾਲ ਟਿਵਾਣਾ ਦੀ ਵਿਰਾਸਤ ਮੁੜ ਸੁਰਜੀਤ ਹੋਈ

**➢ ਦਰਸ਼ਕਾਂ ਨੂੰ ਭਾਵੁਕ ਕਰ ਗਿਆ 'ਮਾਈ' (ਨਿਰਮਲ ਰਿਸ਼ੀ) ਵੱਲੋਂ ਲਾਹੌਰ ਛੱਡਣ ਲਈ ਆਪਣਾ ਸਮਾਨ ਚੁੱਕ ਕੇ ਜਾਣ ਦਾ ਸੀਨ ➢ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਦਮਸ਼੍ਰੀ ਨਿਰਮਲ ਰਿਸ਼ੀ ਤੇ ਹੋਰ ਕਲਾਕਾਰਾਂ ਦਾ ਸਨਮਾਨ ਕੀਤਾ**

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ 'ਹਰਪਾਲ ਟਿਵਾਣਾ ਸੈਂਟਰ ਆਫ਼ ਪਰਫਾਰਮਿੰਗ ਆਰਟਸ' ਵਿਖੇ ਨਾਟਕ ਜਿਸ ਲਾਹੌਰ ਨਹੀਂ ਵੇਖਿਆ ਓ ਜੰਮਿਆ ਨਹੀਂ ਦਾ ਮੰਚਨ ਦੌਰਾਨ ਮਰਹੂਮ ਨਾਟਕਕਾਰ ਹਰਪਾਲ ਟਿਵਾਣਾ ਦੀ ਵਿਰਾਸਤ ਮੁੜ ਸੁਰਜੀਤ ਹੋ ਉੱਠੀ ਕਿਉਂਕਿ ਪਰਿਵਾਰ ਦੀ ਤੀਜੀ ਪੀੜ੍ਹੀ ਨੇ ਇਸ ਜ਼ਿੰਮੇਵਾਰੀ ਨੂੰ ਅੱਗੇ ਵਧਾਇਆ। ਇਸ ਮੌਕੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਦਮਸ਼੍ਰੀ ਨਿਰਮਲ ਰਿਸ਼ੀ ਤੇ ਹੋਰ ਕਲਾਕਾਰਾਂ ਦਾ ਸਨਮਾਨ ਕੀਤਾ। ਨਾਟਕ ਦੀ ਕਹਾਣੀ 1947 ਦੀ ਵੰਡ ਤੋਂ ਬਾਅਦ ਲਾਹੌਰ ਵਿੱਚ ਰਹਿ ਗਈ ਇੱਕ ਹਿੰਦੂ ਔਰਤ ਦੁਆਲੇ ਘੁੰਮਦੀ ਹੈ। ਲਖਨਊ ਤੋਂ ਆ ਕੇ ਉਸ ਦੇ ਘਰ ਵਿੱਚ ਰਹਿਣ ਵਾਲਾ ਇੱਕ ਮੁਸਲਿਮ ਪਰਿਵਾਰ ਸ਼ੁਰੂ ਵਿੱਚ ਉਸਨੂੰ ਘਰ ਵਿੱਚ ਰੱਖਣ ਤੋਂ ਝਿਜਕਦਾ ਹੈ ਅਤੇ ਚਾਹੁੰਦਾ ਹੈ ਕਿ ਉਹ ਚਲੀ ਜਾਵੇ, ਪਰ ਹੌਲੀ-



ਹੌਲੀ ਉਹ ਪਰਿਵਾਰ ਦਾ ਹਿੱਸਾ ਬਣ ਜਾਂਦੀ ਹੈ ਅਤੇ ਉਹ ਸਾਰੇ ਤਿਉਹਾਰ, ਇੱਥੋਂ ਤੱਕ ਕਿ ਦੀਵਾਲੀ ਵੀ, ਇਕੱਠੇ ਮਨਾਉਂਦੇ ਹਨ। ਕਹਾਣੀ ਇਹ ਵੀ ਦਿਖਾਉਂਦੀ ਹੈ ਕਿ ਕਿਵੇਂ ਕੁਝ ਕੱਟੜਪੰਥੀ ਲੋਕ ਇਸ ਨੂੰ ਬਰਦਾਸ਼ਤ ਨਹੀਂ ਕਰ ਸਕਦੇ ਅਤੇ ਅੰਤ ਵਿੱਚ ਉਸ ਮੌਲਵੀ ਨੂੰ ਮਾਰ ਕੇ ਸਕਾਰਾਤਮਕ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਦੇ ਹਨ।

ਇਹ ਨਾਟਕ ਉਸ ਵੇਲੇ ਦਰਸ਼ਕਾਂ ਨੂੰ ਭਾਵੁਕ ਕਰਦਾ ਹੈ ਜਦੋਂ 'ਮਾਈ' (ਨਿਰਮਲ ਰਿਸ਼ੀ) ਲਾਹੌਰ ਛੱਡਣ ਲਈ ਆਪਣਾ ਸਮਾਨ ਚੁੱਕ ਕੇ ਲਿਜਾ ਰਹੀ ਹੁੰਦੀ ਹੈ ਤਾਂ ਲਾਹੌਰ ਦੇ ਜੌਹਰੀਆਂ ਮੁਹੱਲੇ ਦੇ ਲੋਕ ਉਸ ਨੂੰ ਰੋਕ ਲੈਂਦੇ ਹਨ ਤੇ ਉਸਦੇ ਅੰਤਿਮ ਸਮੇਂ ਤੱਕ ਉਸਦਾ ਸਾਥ ਦਿੰਦੇ ਹਨ। ਨਾਟਕ ਵਿੱਚ ਮਰਹੂਮ ਹਰਪਾਲ ਟਿਵਾਣਾ ਦੇ ਦੋ ਪੋਤਰੇ, ਅੰਗਦ ਟਿਵਾਣਾ ਅਤੇ ਯਸ਼ ਹਰਪਾਲ ਟਿਵਾਣਾ, ਨੇ ਇਸ ਨਾਟਕ ਵਿੱਚ ਅਹਿਮ ਭੂਮਿਕਾਵਾਂ ਨਿਭਾਈਆਂ; ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਿਤਾ ਤੇ ਨਾਟਕ ਦੇ ਨਿਰਦੇਸ਼ਕ ਮਨਪਾਲ ਟਿਵਾਣਾ ਨੇ ਵੀ ਇਸ ਨਾਟਕ ਵਿੱਚ ਅਹਿਮ ਰੋਲ ਨਿਭਾਇਆ।ਇਸ ਨਾਟਕ ਵਿੱਚ ਪਦਮ ਸ਼੍ਰੀ ਨਿਰਮਲ ਰਿਸ਼ੀ ਮੁੱਖ ਅਦਾਕਾਰਾ ਵਜੋਂ ਸ਼ਾਮਲ ਹੋਏ। ਆਪਣੇ ਦਾਦਾ-ਦਾਦੀ, ਨੀਨਾ ਅਤੇ ਹਰਪਾਲ ਟਿਵਾਣਾ, 1965 ਵਿੱਚ 'ਨੈਸ਼ਨਲ ਸਕੂਲ ਆਫ਼ ਡਰਾਮਾ' ਤੋਂ ਗ੍ਰੈਜੂਏਟ ਹੋਣ ਵਾਲੇ ਪਹਿਲੇ ਪੰਜਾਬੀ ਦੇ ਨਕਸ਼ੇ ਕਦਮਾਂ 'ਤੇ ਚਲਦਿਆਂ ਯਸ਼ ਹਰਪਾਲ ਟਿਵਾਣਾ ਆਪਣੀ ਅਦਾਕਾਰੀ ਦੇ ਹੁਨਰ ਨੂੰ ਨਿਖਾਰਨ ਲਈ ਵਿੱਚ ਸਿਖਲਾਈ ਲੈਣ ਜਾ ਰਹੇ ਹਨ।

ਇਸ ਨਾਟਕ ਦੀਆਂ ਕਈ ਹੋਰ ਵਿਸ਼ੇਸ਼ਤਾਵਾਂ ਵੀ ਹਨ; ਹਾਲ ਹੀ ਵਿੱਚ, ਇਸ ਨਾਟਕ ਦੇ ਲੇਖਕ ਅਸਗਰ ਵਜਾਹਤ ਦੀ ਸਕ੍ਰਿਪਟ 'ਤੇ ਆਮਿਰ ਖਾਨ ਪ੍ਰੋਡਕਸ਼ਨਜ਼ ਦੁਆਰਾ 'ਬਟਵਾਰਾ 1947' ਨਾਮਕ ਫਿਲਮ ਬਣਾਈ ਗਈ ਸੀ। ਨਾਟਕ ਨੂੰ ਵਿਕਾਸ ਜੁਨੇਜਾ ਨੇ ਤਕਨੀਕੀ ਤੌਰ 'ਤੇ ਤਿਆਰ ਕੀਤਾ ਹੈ, ਜਿਸ ਵਿੱਚ ਆਧੁਨਿਕ ਲਾਈਟਿੰਗ ਅਤੇ ਐਲਈਡੀ ਪ੍ਰੋਜੈਕਸ਼ਨ ਦੀ ਵਰਤੋਂ ਕੀਤੀ ਗਈ ਹੈ। ਨਾਟਕ ਦੀ ਬਾਕੀ ਕਲਾਕਾਰ ਟੀਮ ਵਿੱਚ ਕਈ 'ਓਲਡ ਯਾਦਵਿੰਦਰੀਅਨ' ਸ਼ਾਮਲ ਸਨ, ਖਾਸ ਤੌਰ 'ਤੇ ਫਤਿਹ ਇੰਦਰ ਗਰਗ, ਦੇਵਨਾ ਮੰਗਲਾ, ਗੁਣਵੰਤ ਕੌਰ ਅਤੇ ਸੋਹਰਾਬ ਸਿੱਧੂ; ਇਨ੍ਹਾਂ ਦੇ ਨਾਲ ਪੇਸ਼ੇਵਰ ਕਲਾਕਾਰ ਸੁਖਵਿੰਦਰ ਸੋਹੀ ਅਤੇ ਵਕੀਲਾ ਮਾਨ ਸਮੇਤ ਸਕੂਲ ਦੇ ਪੰਜਾਬੀ ਵਿਭਾਗ ਦੇ ਮੁਖੀ ਸੁਖਪਾਲ ਸਿੰਘ ਵੀ ਸ਼ਾਮਲ ਸਨ।

# ਪਸ਼ੂ ਪਾਲਣ ਵਿਭਾਗ ਵੱਲੋਂ ਸਿਵਲ ਪਸ਼ੂ ਹਸਪਤਾਲ ਸਨੌਰ ਵਿਖੇ ਮੁਫ਼ਤ ਐਂਟੀ-ਰੈਬੀਜ਼ ਵੈਕਸੀਨੇਸ਼ਨ ਕੈਂਪ




**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਸ਼ੂਆਂ ਦੀ ਸਿਹਤ ਅਤੇ ਜਨਤਕ ਸੁਰੱਖਿਆ ਨੂੰ ਸਮਰਪਿਤ ਇੱਕ ਮਹੱਤਵਪੂਰਨ ਪਹਿਲਕਦਮੀ ਤਹਿਤ, ਪਸ਼ੂ ਪਾਲਣ ਵਿਭਾਗ, ਜ਼ਿਲ੍ਹਾ ਪਟਿਆਲਾ ਵੱਲੋਂ ਸਿਵਲ ਪਸ਼ੂ ਹਸਪਤਾਲ (ਸੀ.ਵੀ.ਐਚ.), ਸਨੌਰ ਵਿਖੇ ਇੱਕ ਮੁਫ਼ਤ ਐਂਟੀ-ਰੈਬੀਜ਼ ਵੈਕਸੀਨੇਸ਼ਨ ਕੈਂਪ ਲਗਾਇਆ ਗਿਆ।

ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਆਦੇਸ਼ਾਂ, ਪ੍ਰਮੁੱਖ ਸਕੱਤਰ (ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ) ਰਾਹੁਲ ਭੰਡਾਰੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਪਰਮਦੀਪ ਸਿੰਘ ਵਾਲੀਆ ਦੀ ਰਹਿਨੁਮਾਈ ਹੇਠ ਲਗਾਏ ਇਸ ਕੈਂਪ ਦਾ ਮੁੱਖ ਉਦੇਸ਼ ਇਲਾਕੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਜਾਨਲੇਵਾ ਬਿਮਾਰੀ ਰੈਬੀਜ਼ ਦੀ ਰੋਕਥਾਮ ਅਤੇ ਵੈਕਸੀਨ ਦੀ ਅਹਿਮੀਅਤ ਬਾਰੇ ਦੱਸਿਆ ਅਤੇ ਪਾਲਤੂ ਜਾਨਵਰਾਂ ਦੀ ਦੇਖਭਾਲ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ।

ਪਸ਼ੂ ਪਾਲਣ ਪਟਿਆਲਾ ਦੇ ਡਿਪਟੀ ਡਾਇਰੈਕਟਰ ਡਾ. ਸੋਨਿੰਦਰ ਕੌਰ ਅਤੇ ਸੀਨੀਅਰ ਵੈਟਰਨਰੀ ਅਫ਼ਸਰ ਡਾ. ਵਿਜੇ ਕੁਮਾਰ ਨੇ ਦੱਸਿਆ ਕਿ ਕੈਂਪ ਦੌਰਾਨ ਸਨੌਰ ਅਤੇ ਆਸ-ਪਾਸ ਦੇ ਪਿੰਡਾਂ ਤੋਂ ਲਿਆਂਦੇ ਗਏ ਵੱਡੀ ਗਿਣਤੀ ਵਿੱਚ ਕੁੱਤਿਆਂ ਅਤੇ ਬਿੱਲੀਆਂ ਨੂੰ ਮੁਫ਼ਤ ਐਂਟੀ-ਰੈਬੀਜ਼ ਟੀਕੇ ਲਗਾਏ ਗਏ।

ਡਾ. ਸੋਨਿੰਦਰ ਕੌਰ ਨੇ ਦੱਸਿਆ ਕਿ ਜਾਨਵਰਾਂ ਨੂੰ ਰੈਬੀਜ਼ ਵਰਗੀ ਜਾਨਲੇਵਾ ਬਿਮਾਰੀ ਤੋਂ ਬਚਾਉਣ ਲਈ ਹਰ ਸਾਲ ਵੈਕਸੀਨ ਲਗਵਾਉਣਾ ਅਤਿ ਜ਼ਰੂਰੀ ਹੈ। ਪਾਲਤੂ ਜਾਨਵਰਾਂ ਦਾ ਬਚਾਅ ਕਰਨ ਨਾਲ ਮਨੁੱਖੀ ਜਾਨਾਂ ਦੀ ਸੁਰੱਖਿਆ ਵੀ ਯਕੀਨੀ ਹੁੰਦੀ ਹੈ।

ਇਸ ਕੈਂਪ ਦਾ ਮੁੱਖ ਪ੍ਰਬੰਧ ਸਟੇਸ਼ਨ ਇੰਚਾਰਜ ਡਾ. ਮੋਹਿਤ ਸਿੰਘ (ਵੈਟਰਨਰੀ ਅਫ਼ਸਰ, ਸੀ.ਵੀ.ਐਚ. ਸਨੌਰ) ਨੇ ਸਨੌਰ ਕਲੱਸਟਰ ਦੇ ਸਮੂਹ ਵੈਟਰਨਰੀ ਇੰਸਪੈਕਟਰਾਂ ਸਰਬਜੀਤ ਸਿੰਘ (ਸੀ.ਵੀ.ਐਚ. ਸਨੌਰ), ਕਸ਼ਿਸ਼ ਗਰੋਵਰ (ਸੀ.ਵੀ.ਡੀ. ਬੱਤਾ), ਰਾਹੁਲ (ਸੀ.ਵੀ.ਡੀ. ਉਦੈਪੁਰ) ਅਤੇ ਗਗਨਦੀਪ (ਸੀ.ਵੀ.ਡੀ. ਨੂਰਖੇੜੀਆਂ) ਸਮੇਤ ਦਰਜਾ ਚਾਰ ਸੰਜੀਵ ਕੁਮਾਰ, ਏ.ਆਈ. ਵਰਕਰ ਰਣਜੀਤ (ਫ਼ਤਹ ਮੈਡੀਕਲ ਹਾਲ, ਸਨੌਰ) ਦੇ ਸਹਿਯੋਗ ਨਾਲ ਕੀਤਾ ਗਿਆ।

ਇਸ ਮੌਕੇ ਇਲਾਕੇ ਦੇ ਕਿਸਾਨਾਂ, ਪਸ਼ੂ ਪਾਲਕਾਂ ਅਤੇ ਪੈਟ ਮਾਲਕਾਂ ਨੇ ਇਸ ਉਪਰਾਲੇ ਪ੍ਰਤੀ ਭਾਰੀ ਉਤਸ਼ਾਹ ਦਿਖਾਇਆ ਅਤੇ ਪਸ਼ੂ ਪਾਲਣ ਵਿਭਾਗ ਦਾ ਧੰਨਵਾਦ ਕੀਤਾ। ਲੋਕਾਂ ਨੇ ਕਿਹਾ ਕਿ ਅਜਿਹੇ ਕੈਂਪਾਂ ਨਾਲ ਪੇਂਡੂ ਖੇਤਰਾਂ ਵਿੱਚ ਜਾਨਵਰਾਂ ਦੀ ਸਿਹਤ ਸੰਭਾਲ ਆਸਾਨ ਹੋ ਜਾਂਦੀ ਹੈ। ਵਿਭਾਗ ਨੇ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਅਤੇ ਵੈਕਸੀਨੇਸ਼ਨ ਕੈਂਪ ਜਾਰੀ ਰੱਖਣ ਦੀ ਵਚਨਬੱਧਤਾ ਦੁਹਰਾਈ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਗ੍ਰੀਨਬਾਕਸ, ਇੰਡਸਟਰੀਅਲ ਅਸਟੇਟ ਦਾ ਪਲੇਸਮੈਂਟ ਕੈਂਪ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਅੱਜ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਗ੍ਰੀਨ ਬਾਕਸ, ਇੰਡਸਟਰੀਅਲ ਅਸਟੇਟ ਪਟਿਆਲਾ ਦੇ ਵਲੋਂ ਡਿਲੀਵਰੀ ਐਸੋਸੀਏਟ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਿਊਰੋ ਆਫ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਦੇ ਡਿਪਟੀ ਡਾਇਰੈਕਟਰ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਗ੍ਰੀਨ ਬਾਕਸ, ਇੰਡਸਟਰੀਅਲ ਅਸਟੇਟ ਪਟਿਆਲਾ ਦੇ ਨਿਯੋਜਕ ਵਲੋਂ ਡਿਲੀਵਰੀ ਐਸੋਸੀਏਟ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ।ਜਿਸ ਲਈ ਕੇਵਲ ਮਰਦ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਦਸਵੀਂ ਅਤੇ ਬਾਰਵੀਂ ਅਤੇ ਪ੍ਰਾਰਥੀ ਕੋਲ ਆਪਣੇ ਵਹੀਕਲ ਦੇ ਨਾਲ ਆਧਾਰ ਕਾਰਡ, ਪੈਨ ਕਾਰਡ, ਡਰਾਈਵਿੰਗ ਲਾਇਸੰਸ, ਬੈਂਕ ਡੀਟੇਲ, ਰਜਿਊਮੇ ਅਤੇ 2 ਪਾਸਪੋਰਟ ਸਾਈਜ਼ ਫੋਟੋਆਂ, ਉਮਰ 18 ਸਾਲ ਤੋਂ ਵੱਧ ਹੋਵੇ ਉਹ ਇੰਟਰਵਿਊ ਦੇ ਸਕਦੇ ਹਨ।

ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋ ਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 1-10-26 ਦਿਨ ਵੀਰਵਾਰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿੰਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈਣ

ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪਲਾਈਨ ਨੰਬਰ 98776-10877 'ਤੇ ਸੰਪਰਕ ਕਰ ਸਕਦੇ ਹਨ। ਇਸ ਪਲੇਸਮੈਂਟ ਕੈਂਪ ਲਈ ਕੋਈ ਟੀ.ਏ./ਡੀ.ਏ. ਮਿਲਣਯੋਗ ਨਹੀਂ ਹੋਵੇਗਾ।

# ਗੁਰਨਾਮ ਸਿੰਘ ਡੱਲਾ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਕੀਤੀ ਮੁਲਾਕਾਤ

**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਂਗਰਸ ਕਮੇਟੀ ਐਸ. ਸੀ. ਡਿਪਾਰਟਮੈਂਟ ਖੰਨਾ ਦੇ ਉਪ ਚੇਅਰਮੈਨ ਗੁਰਨਾਮ ਸਿੰਘ ਡੱਲਾ ਸਾਬਕਾ ਸਰਪੰਚ ਪਿੰਡ ਮਹੱਦੀਪੁਰ ਨੇ ਪੰਜਾਬ ਦੇ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਮੁਲਾਕਾਤ ਕੀਤੀ।



ਉਹਨਾਂ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਵਸੇ ਹੋਏ ਹਨ ਤੇ ਉਹਨਾਂ ਦੀ ਅਗਵਾਈ ਵਾਲੀ ਕਾਂਗਰਸ ਦੀ ਸਰਕਾਰ ਵੱਲੋਂ ਆਪਣੇ ਤਿੰਨ ਮਹੀਨੇ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੀਤੇ ਗਏ ਕੰਮਾਂ ਕਰਕੇ ਅੱਜ ਪੰਜਾਬ ਦੇ ਲੋਕ ਉਹਨਾਂ ਨੂੰ ਪਿਆਰ ਕਰਦੇ ਹਨ।

ਜ਼ਿਲ੍ਹਾ ਉਪ ਚੇਅਰਮੈਨ ਗੁਰਨਾਮ ਸਿੰਘ ਡੱਲਾ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੀ ਹਰਮਨ ਪਿਆਰਤਾ ਸਦਕੇ ਹੀ ਕਾਂਗਰਸ ਪਾਰਟੀ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹੂੰਝਾ ਫਿਰ ਜਿੱਤ ਪ੍ਰਾਪਤ ਕਰਕੇ ਪੰਜਾਬ ਦੇ ਵਿੱਚ ਸਰਕਾਰ ਬਣਾਵੇਗੀ। ਗੁਰਨਾਮ ਸਿੰਘ ਡੱਲਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੇ ਤੰਜ ਕਸਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਕੁਝ ਵੀ ਨਹੀਂ ਕੀਤਾ ਜਿਸ ਕਰਕੇ ਅੱਜ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋ ਚੁੱਕਾ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।

# ਖੇਡਾਂ ਦੌਰਾਨ ਖਿੜੇ ਨੰਨ੍ਹੇ ਚਿਹਰਿਆਂ 'ਤੇ ਖੁਸ਼ੀ ਦੇ ਰੰਗ, '72 ਮੈਡ ਸਟ੍ਰੀਟ' 'ਚ ਬੱਚਿਆਂ ਨੇ ਕੀਤੀ ਖੂਬ ਮਸਤੀ



**ਜੈਤੋ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਲਵਰ ਓਕਸ ਸਕੂਲ, ਸੇਵੇਵਾਲਾ ਵੱਲੋਂ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਮਨੋਰੰਜਨ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ 'ਫਨ ਟੂਰ' ਕਰਵਾਇਆ ਗਿਆ। ਇਸ ਤਹਿਤ ਬੱਚਿਆਂ ਨੂੰ ਡੱਬਵਾਲੀ ਰੋਡ, ਬਠਿੰਡਾ ਸਥਿਤ ਗੇਮਿੰਗ ਜ਼ੋਨ '72 ਮੈਡ ਸਟ੍ਰੀਟ' ਵਿਖੇ ਲਿਜਾਇਆ ਗਿਆ।

ਸਕੂਲ ਤੋਂ ਰਵਾਨਾ ਹੋਣ ਸਮੇਂ ਹੀ ਬੱਚਿਆਂ ਵਿੱਚ ਖਾਸਾ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲ ਰਹੀ ਸੀ। ਗੇਮਿੰਗ ਜ਼ੋਨ ਵਿੱਚ ਪਹੁੰਚ ਕੇ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ, ਰੋਮਾਂਚਕ ਝੂਲਿਆਂ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।

ਬੱਚਿਆਂ ਨੇ ਆਪਣੇ ਸਹਿਪਾਠੀਆਂ ਨਾਲ ਮਿਲ ਕੇ ਖੇਡਾਂ ਦਾ ਖੂਬ ਆਨੰਦ ਮਾਣਿਆ, ਜਿਸ ਨਾਲ ਉਨ੍ਹਾਂ ਵਿੱਚ ਆਪਸੀ ਸਹਿਯੋਗ, ਮਿਲਵਰਤਣ ਅਤੇ ਟੀਮ ਭਾਵਨਾ ਨੂੰ ਹੋਰ ਮਜ਼ਬੂਤੀ ਮਿਲੀ।

ਮਨੋਰੰਜਕ ਗਤੀਵਿਧੀਆਂ ਤੋਂ ਬਾਅਦ ਸਕੂਲ ਪ੍ਰਬੰਧਨ ਵੱਲੋਂ ਬੱਚਿਆਂ ਲਈ ਪੌਸ਼ਟਿਕ ਅਤੇ ਸਵਾਦਿਸ਼ਟ ਭੋਜਨ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਬੱਚਿਆਂ ਨੇ ਆਪਣੇ ਅਧਿਆਪਕਾਂ ਅਤੇ ਸਹਿਪਾਠੀਆਂ ਨਾਲ ਬੈਠ ਕੇ ਭੋਜਨ ਦਾ ਆਨੰਦ ਮਾਣਿਆ।

ਇਸ ਦੌਰਾਨ ਬੱਚਿਆਂ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਖੁਸ਼ੀ ਭਰੇ ਪਲਾਂ ਨੂੰ ਤਸਵੀਰਾਂ ਰਾਹੀਂ ਵੀ ਯਾਦਗਾਰ ਬਣਾਇਆ ਗਿਆ।

ਸਕੂਲ ਦੀ ਪ੍ਰਿੰਸੀਪਲ ਪ੍ਰਿਯੰਕਾ ਮਹਿਤਾ ਨੇ ਕਿਹਾ ਕਿ ਕਿਤਾਬੀ ਗਿਆਨ ਦੇ ਨਾਲ ਬੱਚਿਆਂ ਦੇ ਮਾਨਸਿਕ, ਸਰੀਰਕ ਅਤੇ ਸਮਾਜਿਕ ਵਿਕਾਸ ਲਈ ਮਨੋਰੰਜਕ ਗਤੀਵਿਧੀਆਂ ਵੀ ਜ਼ਰੂਰੀ ਹਨ। ਅਜਿਹੇ ਸਮਾਗਮ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਸਮਾਜਿਕ ਹੁਨਰ ਅਤੇ ਨਵੀਆਂ ਚੀਜ਼ਾਂ ਸਿੱਖਣ ਦੀ ਉਤਸੁਕਤਾ ਨੂੰ ਉਤਸ਼ਾਹਿਤ ਕਰਦੇ ਹਨ।

ਟੂਰ ਦੌਰਾਨ ਅਧਿਆਪਕਾਂ ਵੱਲੋਂ ਬੱਚਿਆਂ ਦੀ ਸੁਰੱਖਿਆ ਅਤੇ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ। ਦਿਨ ਭਰ ਦੀਆਂ ਮਨੋਰੰਜਕ ਗਤੀਵਿਧੀਆਂ ਤੋਂ ਬਾਅਦ ਬੱਚੇ ਖੁਸ਼ੀ-ਖੁਸ਼ੀ ਸਕੂਲ ਵਾਪਸ ਪਰਤੇ ਅਤੇ ਆਪਣੇ ਨਾਲ ਇਸ ਯਾਦਗਾਰ ਯਾਤਰਾ ਦੀਆਂ ਖੂਬਸੂਰਤ ਯਾਦਾਂ ਲੈ ਕੇ ਆਏ। ਬੱਚਿਆਂ ਦੇ ਮਾਪਿਆਂ ਨੇ ਵੀ ਸਕੂਲ ਪ੍ਰਬੰਧਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਡੀ.ਆਈ.ਜੀ, ਡੀ.ਸੀ, ਐੱਸ.ਐੱਸ.ਪੀ. ਨੇ ਕੀਤੀ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਮੁਲਾਕਾਤ




**ਤਲਵੰਡੀ ਸਾਬੋ/ਬਠਿੰਡਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡੀ.ਆਈ.ਜੀ ਬਠਿੰਡਾ ਰੇਂਜ ਸ਼੍ਰੀ ਹਰਜੀਤ ਸਿੰਘ, ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਅਤੇ ਐੱਸ.ਐੱਸ.ਪੀ ਬਠਿੰਡਾ ਸ਼੍ਰੀ ਸੁਹੇਲ ਕਾਸਿਮ ਮੀਰ ਅੱਜ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਵਿਦਿਆਰਥੀਆਂ ਦੇ ਰੂ-ਬ-ਰੂ ਹੋਏ। ਨਾਲ ਹੀ ਕੇਂਦਰੀ ਯੂਨੀਵਰਸਿਟੀ ਪੰਜਾਬ, ਘੁੱਦਾ ਵਿਖੇ ਵੀ ਡੀ.ਆਈ.ਜੀ ਸ਼੍ਰੀ ਹਰਜੀਤ ਸਿੰਘ ਅਤੇ ਐੱਸ.ਐੱਸ.ਪੀ ਸ਼੍ਰੀ ਸੁਹੇਲ ਕਾਸਿਮ ਮੀਰ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।

ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਵਿਖੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਅਫਵਾਹਾਂ ਉੱਤੇ ਵਿਸ਼ਵਾਸ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਇੱਕ ਥਾਂ ਉੱਤੇ ਵਾਪਰੀ ਘਟਨਾ ਦੀ ਜਾਣਕਾਰੀ ਦੂਜੀ ਥਾਂ ਉੱਤੇ ਬਹੁਤ ਤੇਜੀ ਨਾਲ ਪਹੁੰਚ ਜਾਂਦੀ ਹੈ, ਜਿਸ ਦੌਰਾਨ ਜਾਣਕਾਰੀ ਦੀ ਪ੍ਰਮਾਣਿਕਤਾ ਦੀ ਜਾਂਚ ਕਰਨ ਦਾ ਸਮਾਂ ਘੱਟ ਮਿਲਦਾ ਹੈ।

ਇਸ ਕਰਕੇ ਇਹ ਜ਼ਰੂਰੀ ਹੈ ਕਿ ਕਿਸੇ ਵੀ ਖ਼ਬਰ, ਖਾਸਕਰ ਸੋਸ਼ਲ ਮੀਡੀਆ ਉੱਤੇ ਨਸ਼ਰ ਹੋਈਆਂ ਖ਼ਬਰਾਂ ਉੱਤੇ ਕਿਸੇ ਵੀ ਕਿਸਮ ਦੀ ਪ੍ਰਕਿਰਿਆ ਦੇਣ ਤੋਂ ਪਹਿਲਾਂ ਉਸ ਦੀ ਪ੍ਰਮਾਣਿਕਤਾ ਦੀ ਜਾਂਚ ਕਰਨੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਠਿੰਡਾ ਦਾ ਸਿਵਿਲ ਅਤੇ ਪੁਲਸ ਪ੍ਰਸ਼ਾਸਨ ਵਿਦਿਆਰਥੀਆਂ ਲਈ ਹਰ ਸਮਾਂ ਉਪਲੱਬਧ ਹੈ।

ਜੇਕਰ ਵਿਦਿਆਰਥੀਆਂ ਨੂੰ ਕਿਸੇ ਪ੍ਰਕਾਰ ਦੀ ਮਦਦ ਦੀ ਲੋੜ ਹੈ ਤਾਂ ਉਹ 112 ਜਾਂ 0164-2214006 ਨੰਬਰ ਪੁਲਸ ਨਾਲ ਸੰਪਰਕ ਕਰ ਸਕਦੇ ਹਨ। ਨਾਲ ਹੀ ਜੇਕਰ ਕੋਈ ਵਟਸਐਪ ਉੱਤੇ ਪੁਲਿਸ ਨਾਲ ਸੰਪਰਕ ਕਰਨਾ ਚਾਹੀਦਾ ਹੈ ਤਾਂ ਉਹ 7508009080, 9878421400 'ਤੇ ਮੈਸੇਜ ਭੇਜ ਸਕਦਾ ਹੈ।

ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਕੇਂਦਰੀ ਯੂਨੀਵਰਸਿਟੀ ਪੰਜਾਬ ਘੁੱਦਾ ਦੇ ਵਿਦਿਆਰਥੀਆਂ ਨੇ ਆਪਣੀ ਸਮੱਸਿਆਵਾਂ ਸਾਂਝੀਆਂ ਕੀਤੀਆਂ।

ਇਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਡਾ. ਬਲਰਾਜ ਸਿੰਘ ਵਾਇਸ ਚਾਂਸਲਰ, ਡਾ. ਜਗਤਾਰ ਸਿੰਘ ਧੀਮਾਨ ਪ੍ਰੋ: ਵਾਇਸ ਚਾਂਸਲਰ ਹਾਜ਼ਰ ਸਨ। ਇਸੇ ਤਰ੍ਹਾਂ ਕੇਂਦਰੀ ਯੂਨੀਵਰਸਿਟੀ ਵਿਖੇ ਡਾ ਰਾਮਾਕਰਿਸ਼ਨਾ ਵੁਸਿਰਿਕਾ, ਪੱਤਰਕਾਰਤਾ ਵਿਭਾਗ ਤੋਂ ਪ੍ਰੋ: ਰੂਬਲ ਕਨੋਜ਼ੀਆ ਡੀ.ਐੱਸ.ਪੀ ਐਚ ਐੱਸ ਸਰਾਂ, ਡੀ.ਐੱਸ.ਪੀ. ਗੁਰਪ੍ਰੀਤ ਸਿੰਘ, ਐੱਸ.ਐਚ.ਓ ਸੁਖਵਿੰਦਰ ਸਿੰਘ ਬਰਾੜ ਅਤੇ ਹੋਰ ਅਫ਼ਸਰ ਹਾਜ਼ਰ ਸਨ।

# ਬਠਿੰਡਾ ਵਿੱਚ 29 ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼




**ਬਠਿੰਡਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ-2026÷ ਤਹਿਤ ਜ਼ਿਲ੍ਹਾ ਬਠਿੰਡਾ ਵਿੱਚ ਅੱਜ 29 ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼ ਹੋਇਆ। ਮੁੱਖ ਮੰਤਰੀ ਸ਼੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪਿੰਡਾਂ ਤੋਂ ਉਭਰ ਰਹੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਅਤੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਇਹ ਖੇਡਾਂ ਕਰਵਾਈਆਂ ਜਾ ਰਹੀਆਂ ਹਨ।

ਜ਼ਿਲ੍ਹਾ ਬਠਿੰਡਾ ਵਿੱਚ ਇਹ ਮੁਕਾਬਲੇ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਖੇਡ ਅਫ਼ਸਰ ਸ਼੍ਰੀ ਰੁਪਿੰਦਰ ਸਿੰਘ ਬਰਾੜ ਦੀ ਵਿਸ਼ੇਸ਼ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਜ਼ਿਲ੍ਹੇ ਭਰ ਤੋਂ ਸੈਂਕੜੇ ਖਿਡਾਰੀਆਂ ਨੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲੈ ਕੇ ਪਹਿਲੇ ਦਿਨ ਹੀ ਖੇਡ ਮੈਦਾਨਾਂ ਨੂੰ ਰੌਣਕਾਂ ਨਾਲ ਭਰ ਦਿੱਤਾ। ਪ੍ਰਸ਼ਾਸਨ ਵੱਲੋਂ ਖਿਡਾਰੀਆਂ ਲਈ ਪੌਸ਼ਟਿਕ ਦੁਪਹਿਰ ਦੇ ਭੋਜਨ, ਪੀਣ ਵਾਲੇ ਸਾਫ਼ ਪਾਣੀ, ਮੈਡੀਕਲ ਸਹੂਲਤਾਂ ਅਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ, ਜਿਸ ਦੀ ਖਿਡਾਰੀਆਂ ਅਤੇ ਕੋਚਾਂ ਵੱਲੋਂ ਸ਼ਲਾਘਾ ਕੀਤੀ ਗਈ।

ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਬਠਿੰਡਾ ਦੇ ਵੱਖ-ਵੱਖ ਖੇਡ ਮੈਦਾਨਾਂ ਅਤੇ ਸਿੱਖਿਆ ਸੰਸਥਾਵਾਂ ਨੂੰ ਖੇਡ ਕੇਂਦਰ ਵਜੋਂ ਸਥਾਪਿਤ ਕੀਤਾ ਗਿਆ ਹੈ। ਅਥਲੈਟਿਕਸ, ਪਾਵਰਲਿਫਟਿੰਗ, ਵੇਟਲਿਫਟਿੰਗ ਅਤੇ ਕੁਸ਼ਤੀ ਦੇ ਮੁਕਾਬਲੇ ਸਪੋਰਟਸ ਸਕੂਲ ਘੁੱਦਾ ਵਿਖੇ ਕਰਵਾਏ ਜਾ ਰਹੇ ਹਨ। ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ ਕਬੱਡੀ ਨੈਸ਼ਨਲ, ਗੱਤਕਾ, ਜੂਡੋ, ਕਿੱਕ ਬਾਕਸਿੰਗ ਅਤੇ ਨੈਟਬਾਲ ਦੇ ਮੁਕਾਬਲੇ ਚੱਲ ਰਹੇ ਹਨ।

ਚੈੱਸ ਹਰਿਕ੍ਰਿਸ਼ਨ ਪਬਲਿਕ ਸਕੂਲ, ਟੇਬਲ ਟੈਨਿਸ ਐਮ.ਐਸ.ਡੀ. ਸਕੂਲ ਸੰਤਪੁਰਾ, ਸ਼ੂਟਿੰਗ ਬਠਿੰਡਾ ਸ਼ੂਟਿੰਗ ਅਕੈਡਮੀ ਤਲਵੰਡੀ ਸਾਬੋ, ਬਾਕਸਿੰਗ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ, ਖੋ-ਖੋ ਅਤੇ ਵਾਲੀਬਾਲ ਸਮੈਸ਼ਿੰਗ ਸ਼੍ਰੀ ਗੁਰੂ ਨਾਨਕ ਦੇਵ ਪਬਲਿਕ ਕਾਨਵੈਂਟ ਸਕੂਲ, ਹੈਂਡਬਾਲ, ਸਾਫਟਬਾਲ ਅਤੇ ਬਾਸਕਟਬਾਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ, ਹਾਕੀ ਹਾਕੀ ਟਰਫ ਸਟੇਡੀਅਮ, ਅਰਚਰੀ, ਬੈਡਮਿੰਟਨ ਅਤੇ ਫੁੱਟਬਾਲ ਮਹਾਰਾਜਾ ਰਣਜੀਤ ਸਿੰਘ ਟੈਕਨੀਕਲ ਯੂਨੀਵਰਸਿਟੀ, ਲਾਅਨ ਟੈਨਿਸ ਪ੍ਰਾਈਮ ਟੈਨਿਸ ਅਕੈਡਮੀ, ਤੈਰਾਕੀ ਅਤੇ ਕ੍ਰਿਕਟ ਦਿੱਲੀ ਪਬਲਿਕ ਸਕੂਲ, ਰੋਲਰ ਸਕੇਟਿੰਗ ਪੈਰਿਸ ਸਿਟੀ ਕਲੋਨੀ, ਫੈਂਸਿੰਗ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਜਦਕਿ ਕਬੱਡੀ ਸਰਕਲ ਅਤੇ ਵਾਲੀਬਾਲ ਸ਼ੂਟਿੰਗ ਦੇ ਮੁਕਾਬਲੇ ਡੀ.ਏ.ਵੀ. ਕਾਲਜ ਬਠਿੰਡਾ ਵਿਖੇ ਕਰਵਾਏ ਜਾ ਰਹੇ ਹਨ।

ਪਹਿਲੇ ਦਿਨ ਕਈ ਖੇਡਾਂ ਵਿੱਚ ਜੇਤੂਆਂ ਦਾ ਐਲਾਨ ਕੀਤਾ ਗਿਆ। ਟੇਬਲ ਟੈਨਿਸ ਅੰਡਰ-14 ਲੜਕੀਆਂ ਵਿੱਚ ਕ੍ਰਿਤਿਕਾ ਨੇ ਪਹਿਲਾ, ਰੇਵਿਕਾ ਸ਼ਰਮਾ ਨੇ ਦੂਜਾ ਅਤੇ ਜੀਆ ਕੁਮਾਰੀ ਨੇ ਤੀਜਾ ਸਥਾਨ ਹਾਸਲ ਕੀਤਾ। ਤਲਵਾਰਬਾਜ਼ੀ (ਇੱਪੀ) ਅੰਡਰ-17 ਲੜਕੀਆਂ ਵਿੱਚ ਅਨੂਰੀਤ (ਸੇਂਟ ਜੇਵੀਅਰ ਸਕੂਲ ਰਾਮਪੁਰਾ) ਨੇ ਸੋਨ ਤਗਮਾ ਜਿੱਤਿਆ, ਚਾਰਵੀ ਨੇ ਚਾਂਦੀ ਅਤੇ ਯਾਸਮੀਨ (ਗਰਲਜ਼ ਸਕੂਲ ਮੌੜ ਮੰਡੀ) ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। ਤਲਵਾਰਬਾਜ਼ੀ (ਫੁਆਇਲ) ਅੰਡਰ-17 ਵਿੱਚ ਅਨੂਰੀਤ ਕੌਰ ਨੇ ਪਹਿਲਾ, ਚਾਰਵੀ ਨੇ ਦੂਜਾ ਅਤੇ ਵੈਦਿਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਤਲਵਾਰਬਾਜ਼ੀ ਦੇ ਹੋਰ ਅੰਡਰ-17 ਮੁਕਾਬਲਿਆਂ ਵਿੱਚ ਖੁਸ਼ੀ ਪਹਿਲੇ ਅਤੇ ਹਨੀਸ਼ਾ ਦੂਜੇ ਸਥਾਨ 'ਤੇ ਰਹੀ। ਟੀਮ ਖੇਡਾਂ ਵਿੱਚ ਵੀ ਖਿਡਾਰੀਆਂ ਨੇ ਦਮਦਾਰ ਪ੍ਰਦਰਸ਼ਨ ਕੀਤਾ। ਕਬੱਡੀ ਨੈਸ਼ਨਲ ਅੰਡਰ-14 ਲੜਕੀਆਂ ਵਿੱਚ ਪਿੰਡ ਲਹਿਰੀ (ਤਲਵੰਡੀ ਸਾਬੋ ਬਲਾਕ) ਦੀ ਟੀਮ ਨੇ ਪਹਿਲਾ, ਪਿੰਡ ਅਬਲੂ (ਗੋਨਿਆਣਾ ਬਲਾਕ) ਨੇ ਦੂਜਾ ਅਤੇ ਪਿੰਡ ਕੋਟੜਾ ਕੋੜਾ (ਰਾਮਪੁਰਾ ਬਲਾਕ) ਨੇ ਤੀਜਾ ਸਥਾਨ ਹਾਸਲ ਕੀਤਾ।

# ਤਿਉਹਾਰਾਂ ਦੌਰਾਨ ਮਠਿਆਈਆਂ ਦੀ ਗੁਣਵੱਤਾ ਨੂੰ ਬਰਕਰਾਰ ਰੱਖਿਆ ਜਾਵੇ : ਵਧੀਕ ਡਿਪਟੀ ਕਮਿਸ਼ਨਰ

**ਤਰਨ ਤਾਰਨ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਜ਼ਿਲ੍ਹਾ ਪ੍ਰਬੰਧਕੀ ਕੈਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ ਦੀ ਪ੍ਰਧਾਨਗੀ ਹੇਠ ਫੂਡ ਸੇਫਟੀ ਦੀ ਜ਼ਿਲ੍ਹਾ ਪੱਧਰੀ ਅਡਵਾਇਜ਼ਰੀ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹਿਰ ਦੇ ਹਰੇਕ ਫੂਡ ਉਪਰੇਟਰ ਲਈ ਫੂਡ ਦਾ ਲਾਇਸੰਸ ਅਤੇ ਰਜ਼ਿਸਟ੍ਰੇਸ਼ਨ ਲਾਜ਼ਮੀ ਹੈ। ਜੇਕਰ ਕੋਈ ਵੀ ਦੁਕਾਨਦਾਰ, ਰੈਸਟੋਰੈਂਟ, ਢਾਬੇ ਵਾਲਾ, ਲਾਇਸੰਸ ਜਾਂ ਰਜ਼ਿਸਟ੍ਰੇਸ਼ਨ ਲਈ ਅਪਲਾਈ ਨਹੀਂ ਕਰਦਾ ਤਾਂ ਉਸਦੇ ਉੱਪਰ ਫੂਡ ਐਕਟ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿੰਨੇ ਵੀ ਪੁਰਾਣੇ ਫੂਡ ਸੈਂਪਲਿੰਗ ਸਬੰਧੀ ਕੋਰਟ ਕੇਸ ਚੱਲ ਰਹੇ ਹਨ, ਉਨ੍ਹਾਂ ਦਾ ਨਿਪਟਾਰਾ ਛੇਤੀ ਤੋਂ ਛੇਤੀ ਕੀਤਾ ਜਾਵੇ।



ਇਸ ਮੌਕੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਬੀਰ ਕੌਰ (ਕਨਵੀਨਰ) ਨੇ ਸਾਰੇ ਮੈਂਬਰਾਂ ਨੂੰ ਅਪ੍ਰੈਲ ਤੋਂ ਅਗਸਤ ਮਹੀਨੇ ਤੱਕ ਫੂਡ ਸੇਫ਼ਟੀ ਦੀਆਂ ਹੋਈਆਂ ਗਤੀਵਿਧੀਆਂ ਬਾਰੇ ਜਾਗਰੂਕ ਕਰਵਾਇਆ। ਉਨ੍ਹਾਂ ਨੇ ਸਕੂਲਾਂ ਨਾਲ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਅਤੇ ਆਗਵਾੜੀਆਂ ਵਿੱਚ ਫੂਡ ਸੇਫਟੀ ਦੀ ਰਜ਼ਿਸਟ੍ਰੇਸ਼ਨ ਜਲਦ ਤੋਂ ਜਲਦ ਕਰਵਾਈ ਜਾਵੇ ਅਤੇ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਨੂੰ ਫੂਡ ਸੇਫਟੀ ਦੀਆਂ ਹਦਾਇਤਾਂ ਅਨੁਸਾਰ ਬਣਾਇਆ ਜਾਵੇ। ਉਨ੍ਹਾਂ ਨੇ ਸਕੂਲਾਂ ਵਿੱਚ ਅਤੇ ਸਕੂਲਾਂ ਦੇ ਆਸ-ਪਾਸ ਅਨਰਜੀ ਡਰਿੰਕਸ ਦੀ ਵਿਕਰੀ ਤੇ ਲੱਗੀ ਪਾਬੰਦੀ ਦੀ ਜਾਣਕਾਰੀ ਸਾਰਿਆਂ ਨਾਲ ਸਾਂਝੀ ਕੀਤੀ। ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਆਪਣੀ- ਆਪਣੀ ਥਾਂ 'ਤੇ ਸਭ ਨੂੰ ਸਹੀ ਭੋਜਨ ਬਿਹਤਰ ਜੀਵਨ ਬਾਰੇ ਜਾਗਰੂਕ ਕਰਨ ਦੀ ਹਦਾਇਤ ਕੀਤੀ।

# ਸੀਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਘਰਾਮੀ ਨੇ ਵਿਨੀਪੈਗ ਵਿੱਚ ਰਚਿਆ ਇਤਿਹਾਸ

**ਤਿੰਨ ਸੋਨੇ ਦੇ ਤਮਗੇ, ਤਿੰਨ ਕਾਮਨਵੈਲਥ ਰਿਕਾਰਡ ਅਤੇ 500 ਕਿਲੋਗ੍ਰਾਮ ਦੀ ਸ਼ਾਨਦਾਰ ਲਿਫਟ**

**ਲੁਧਿਆਣਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਘਰਾਮੀ ਨੇ ਕੈਨੇਡਾ ਦੇ ਵਿਨੀਪੈਗ ਵਿੱਚ ਹੋਈ ਕਾਮਨਵੈਲਥ ਪਾਵਰਲਿਫਟਿੰਗ ਚੈਂਪੀਅਨਸ਼ਿਪ 2026 ਦੇ ਜੂਨੀਅਰ 76 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨ ਸੋਨੇ ਦੇ ਤਮਗੇ ਜਿੱਤੇ।




ਸਨੇਹਾ ਨੇ ਸਕੁਐਟ ਵਿੱਚ 190 ਕਿਲੋਗ੍ਰਾਮ, ਬੈਂਚ ਪ੍ਰੈੱਸ ਵਿੱਚ 120 ਕਿਲੋਗ੍ਰਾਮ ਅਤੇ ਡੈੱਡਲਿਫਟ ਵਿੱਚ 190 ਕਿਲੋਗ੍ਰਾਮ ਭਾਰ ਚੁੱਕ ਕੇ ਤਿੰਨਾਂ ਮੁਕਾਬਲਿਆਂ ਵਿੱਚ ਨਵੇਂ ਕਾਮਨਵੈਲਥ ਰਿਕਾਰਡ ਕਾਇਮ ਕੀਤੇ। ਉਸ ਨੇ ਕੁੱਲ 500 ਕਿਲੋਗ੍ਰਾਮ ਭਾਰ ਨਾਲ ਓਵਰਆਲ ਸੋਨੇ ਦਾ ਤਮਗਾ ਵੀ ਆਪਣੇ ਨਾਮ ਕੀਤਾ।

ਸੀਟੀ ਯੂਨੀਵਰਸਿਟੀ ਦੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਸਨੇਹਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਯੂਨੀਵਰਸਿਟੀ ਪਰਿਵਾਰ ਲਈ ਮਾਣ ਵਾਲਾ ਪਲ ਹੈ। ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਵੀ ਸਨੇਹਾ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ।

ਯੂਨੀਵਰਸਿਟੀ ਦੇ ਡੀਐਸਡਬਲਯੂ ਡਾਇਰੈਕਟਰ ਇੰਜੀਨੀਅਰ ਦਵਿੰਦਰ ਸਿੰਘ ਅਤੇ ਖੇਡ ਮੁਖੀ ਗੁਰਦੀਪ ਸਿੰਘ ਦੇ ਸਹਿਯੋਗ ਨੂੰ ਵੀ ਇਸ ਸਫਲਤਾ ਵਿੱਚ ਮਹੱਤਵਪੂਰਨ ਦੱਸਿਆ ਗਿਆ। ਯੂਨੀਵਰਸਿਟੀ ਨੇ ਕਿਹਾ ਕਿ ਸਨੇਹਾ ਦੀ ਇਹ ਉਪਲਬਧੀ ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

# ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਸ੍ਰੀ ਆਦਿਤਿਆ ਡੇਚਲਵਾਲ ਨੇ ਕੀਤਾ ਉਦਘਾਟਨ

**ਰੂਪਨਗਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ - 4 ਦੇ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਦੀ ਸ਼ੁਰੂਆਤ ਹੋਈ। ਇਨ੍ਹਾਂ ਮੁਕਾਬਲਿਆਂ ਦਾ ਉਦਘਾਟਨ ਡਿਪਟੀ ਕਮਿਸ਼ਨਰ ਸ੍ਰੀ ਆਦਿਤਿਆ ਡੇਚਲਵਾਲ ਨੇ ਖੇਡਾਂ ਸ਼ੁਰੂ ਕਰਨ ਦੇ ਐਲਾਨ ਨਾਲ ਅਸਮਾਨ ਵਿੱਚ ਰੰਗ ਬਰੰਗੇ ਗੁਬਾਰੇ ਛੱਡ ਕੇ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀ ਅਲਾਮਤ ਤੋਂ ਬਚਾਉਣ ਲਈ ਉਨ੍ਹਾਂ ਦਾ ਖੇਡਾਂ ਨਾਲ ਜੁੜਨਾ ਬੇਹੱਦ ਮਹੱਤਵਪੂਰਨ ਹੈ।

ਉਨ੍ਹਾਂ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਵੀ ਕੀਤੀ। ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਇੰਦਰਜੀਤ ਸਿੰਘ , ਵਿਨੋਦ ਸ਼ਰਮਾ, ਜਸ਼ਨਦੀਪ ਸਿੰਘ ਵੀ ਹਾਜ਼ਰ ਸਨ। ਜ਼ਿਲ੍ਹਾ ਖੇਡ ਅਫ਼ਸਰ ਜਗਜੀਵਨ ਸਿੰਘ ਦੀ ਦੇਖਰੇਖ ਹੇਠ ਕਰਵਾਏ ਜਾ ਰਹੇ ਇਨ੍ਹਾਂ ਖੇਡ ਮੁਕਾਬਲਿਆਂ ਦੇ ਅੱਜ ਦੇ ਨਤੀਜਿਆਂ ਵਿੱਚ ਅਥਲੈਟਿਕਸ, ਬਾਸਕਟਬਾਲ,ਖੋ-ਖੋ , ਟੈਨਿਸ ਬਾਲ ਕ੍ਰਿਕਟ ਅਤੇ ਫੁੱਟਬਾਲ ਦੇ ਮੁਕਾਬਲੇ



ਨਹਿਰੂ ਸਟੇਡੀਅਮ ਰੂਪਨਗਰ, ਹਾਕੀ ਦੇ ਮੁਕਾਬਲੇ ਹਾਕਸ ਕਲੱਬ, ਵਾਲੀਬਾਲ, ਕਿੱਕ ਬਾਕਸਿੰਗ, ਚੈੱਸ ਦੇ ਮੁਕਾਬਲੇ ਸਰਕਾਰੀ ਪੌਲੀ ਟੈਕਨੀਕਲ ਕਾਲਜ, ਹੈਂਡਬਾਲ ਖਾਲਸਾ ਸਕੂਲ, ਸ਼ੂਟਿੰਗ ਮੁਕਾਬਲੇ ਸਾਹਿਬਜ਼ਾਦਾ ਅਜੀਤ ਸਿੰਘ ਅਕੈਡਮੀ, ਨੈੱਟਬਾਲ ਨੇਤਾ ਸਕੂਲ ਵਿੱਚ ਕਰਵਾਏ ਜਾ ਰਹੇ ਹਨ। ਅੱਜ ਹੋਏ ਮੁਕਾਬਲਿਆਂ ਵਿੱਚ ਸੌ ਮੀਟਰ ਉਮਰ ਵਰਗ ਇੱਕੀ ਸਾਲ ਲੜਕਿਆਂ ਦੇ ਮੁਕਾਬਲੇ ਵਿੱਚ ਜਸਕਰਨ ਸਿੰਘ ਨੇ ਪਹਿਲਾ, ਗੌਰਵ ਗੁਪਤਾ ਨੇ ਦੂਜਾ ਅਤੇ ਰਾਜਵਿੰਦਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਉਮਰ ਵਰਗ ਦੇ ਲੜਕੀਆਂ ਦੇ ਮੁਕਾਬਲੇ ਵਿੱਚ ਕਰਿਤਕਾ ਨੇ ਪਹਿਲਾ, ਭਾਰਤੀ ਕੁਮਾਰੀ ਨੇ ਦੂਜਾ ਅਤੇ ਹਰਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਉਮਰ ਵਰਗ ਦੇ ਲੜਕਿਆਂ ਦੇ 100 ਮੀਟਰ ਮੁਕਾਬਲੇ ਵਿੱਚ ਮਨਰੀਤ ਕੌਰ ਨੇ ਪਹਿਲਾ, ਸੰਦੀਪ ਕੌਰ ਨੇ ਦੂਜਾ ਅਤੇ ਹਰਲੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਲੜਕਿਆਂ ਦੇ ਇਸੇ ਵਰਗ ਦੇ 100 ਮੀਟਰ ਮੁਕਾਬਲੇ ਵਿੱਚ ਦੇਵਵਿਸ਼ਵਜੀਤ ਸਿੰਘ ਪਹਿਲੇ, ਅਸ਼ੀਸ਼ ਕੁਮਾਰ ਨੇ ਦੂਜਾ ਅਤੇ ਏਕਮਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।

ਲੜਕਿਆਂ ਦੀ 60 ਮੀਟਰ ਰੇਸ ਵਿੱਚ ਨਿਸ਼ਾਨਦੀਪ ਸਿੰਘ ਨੇ ਪਹਿਲਾ, ਦਲਜੀਤ ਸਿੰਘ ਨੇ ਦੂਜਾ ਅਤੇ ਚੇਤਨਪ੍ਰੀਤ ਸਿੰਘ ਮਾਨ ਨੇ ਤੀਜਾ ਸਥਾਨ ਹਾਸਲ ਕੀਤਾ।ਵਾਕ ਰੇਸ ਦੇ ਸਤਾਰਾਂ ਸਾਲਾ ਉਮਰ ਵਰਗ ਦੇ ਲੜਕਿਆਂ ਦੇ ਮੁਕਾਬਲੇ ਵਿੱਚ ਜਪਜੋਤ ਸਿੰਘ ਪਹਿਲੇ ਅਤੇ ਜਸਦੀਪ ਦੂਜੇ ਸਥਾਨ 'ਤੇ ਰਹੇ। ਇਨ੍ਹਾਂ ਖੇਡਾਂ ਨੂੰ ਸਫਲਤਾ ਪੂਰਵਕ ਕਰਵਾਉਣ ਵਿੱਚ ਹਰਿੰਦਰ ਸਿੰਘ, ਸ਼ੀਲ ਭਗਤ,ਵੰਦਨਾ ਬਾਹਰੀ , ਲਵਜੀਤ ਸਿੰਘ ਕੰਗ, ਲੈਕਚਰਰ ਰਾਬਿੰਦਰ ਸਿੰਘ ਰੱਬੀ , ਧਰਮਿੰਦਰ ਸਿੰਘ ਭੰਗੂ , ਰਣਧੀਰ ਸਿੰਘ, ਅਮਰਜੀਤ ਸਿੰਘ, ਗੁਰਜਿੰਦਰ ਸਿੰਘ ਚੀਮਾ, ਸੁਸ਼ੀਲ ਕੁਮਾਰ, ਜਗਰੂਪ ਸਿੰਘ, ਇੰਦਰਜੀਤ ਸਿੰਘ, ਹਰਵਿੰਦਰ ਕੌਰ, ਅੰਮ੍ਰਿਤ ਕੌਰ, ਰਵਿੰਦਰ ਕੌਰ, ਪਿੰਕਾਸ਼ ਧੀਮਾਨ, ਕਰਨਦੀਪ, ਦਰਪਾਲ ਸਿੰਘ, ਨਰੇਸ਼ ਰਾਜੌਰੀਆ, ਰਿਤੂ ਬਾਲਾ, ਹਰਿੰਦਰ ਸਿੰਘ, ਨਵਦੀਪ ਸਿੰਘ, ਸੁਨੀਤਾ ਰਾਣੀ, ਸਤਨਾਮ ਸਿੰਘ, ਅਮਨਦੀਪ ਸਿੰਘ ਢੰਗਰਾਲੀ, ਗੁਰ ਇੰਦਰਜੀਤ ਸਿੰਘ ਮਾਨ, ਕੁਲਵੰਤ ਸਿੰਘ ਕੋਟਲਾ ਨਿਹੰਗ, ਗੁਰਮੀਤ ਸਿੰਘ ਆਦਿ ਨੇ ਮਹੱਤਵ ਪੂਰਨ ਯੋਗਦਾਨ ਪਾ ਰਹੇ ਹਨ।

# ਕਾਰਵਾਈ ਰਜਿਸਟਰ ਮਾਮਲੇ 'ਚ ਨਗਰ ਕੌਂਸਲ ਪ੍ਰਧਾਨ ਤੇ ਸਾਬਕਾ ਪ੍ਰਧਾਨ ਆਹਮੋ-ਸਾਹਮਣੇ



**ਮੂਨਕ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਲਹਿਰਾਗਾਗਾ ਦੇ ਕਾਰਵਾਈ ਰਜਿਸਟਰ ਨੂੰ ਲੈ ਕੇ ਚੱਲ ਰਿਹਾ ਵਿਵਾਦ ਸੁਲਘ ਰਿਹਾ ਹੈ। ਇਸੇ ਸੰਦਰਭ ਵਿਚ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਬਲਵਿੰਦਰ ਕੌਰ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਥਾਣੇ ਅੱਗੇ ਧਰਨਾ ਲਗਾਏ ਜਾਣ ਤੋਂ ਬਾਅਦ ਮੌਜੂਦਾ ਪ੍ਰਧਾਨ ਕਾਂਤਾ ਗੋਇਲ ਨੇ ਪ੍ਰੈੱਸ ਕਾਨਫਰੰਸ ਕਰਕੇ ਸਾਥੀ ਕੌਂਸਲਰਾਂ ਦੀ ਹਾਜ਼ਰੀ ਵਿਚ ਆਪਣਾ ਵੀ ਪੱਖ ਰੱਖਿਆ। ਸ਼੍ਰੀਮਤੀ ਕਾਂਤਾ ਗੋਇਲ ਨੇ ਕਿਹਾ ਕਿ ਬਲਵਿੰਦਰ ਕੌਰ ਵੱਲੋਂ ਨਗਰ ਕੌਂਸਲ ਦਾ ਸਰਕਾਰੀ ਕਾਰਵਾਈ ਰਜਿਸਟਰ ਦਫ਼ਤਰ ਤੋਂ ਬਾਹਰ ਲੈ ਕੇ ਜਾਣਾ ਨਿਯਮਾਂ ਅਨੁਸਾਰ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਜਾ ਕਿਸੇ ਹੋਰ ਕੌਂਸਲਰ ਨੂੰ ਕੌਂਸਲ ਦੀ ਕਾਰਵਾਈ ਸਬੰਧੀ ਕੋਈ ਇਤਰਾਜ਼ ਜਾਂ ਦਿੱਕਤ ਸੀ ਤਾਂ ਉਹ ਲਿਖਤੀ ਰੂਪ ਵਿੱਚ ਆਪਣੀ ਗੱਲ ਨਗਰ ਕੌਂਸਲ ਕੋਲ ਰੱਖ ਸਕਦੇ ਹਨ।

ਦੂਜੇ ਪਾਸੇ ਸਾਬਕਾ ਪ੍ਰਧਾਨ ਬਲਵਿੰਦਰ ਕੌਰ ਨੇ ਕਿਹਾ ਕਿ ਕਾਰਵਾਈ ਰਜਿਸਟਰ ਵਿੱਚ ਖਾਲੀ ਪੰਨੇ ਛੱਡ ਕੇ ਅੱਗੇ ਦਸਤਖ਼ਤ ਕਰਵਾਉਣੇ ਠੀਕ ਨਹੀਂ ਹਨ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਰਜਿਸਟਰ 'ਤੇ ਦਸਤਖ਼ਤ ਕਰਵਾਉਣ ਦੀ ਪ੍ਰਕਿਰਿਆ ਅਤੇ ਇਸ ਪਿੱਛੇ ਨਗਰ ਕੌਂਸਲ ਦੇ ਪਦਾਧਿਕਾਰੀਆਂ ਦੀ ਮਨਸ਼ਾ ਬਾਰੇ ਸਵਾਲ ਉੱਠਦੇ ਹਨ।

ਬਲਵਿੰਦਰ ਕੌਰ ਨੇ ਮਤੇ ਆਨਲਾਈਨ ਭੇਜਣ ਦੇ ਮਾਮਲੇ 'ਤੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਮਤਾ ਆਨਲਾਈਨ ਭੇਜਣ ਤੋਂ ਪਹਿਲਾਂ ਉਸ ਨੂੰ ਕਾਰਵਾਈ ਰਜਿਸਟਰ ਵਿੱਚ ਦਰਜ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਤੋਂ ਬਾਅਦ ਹੀ ਉਸ ਦੀ ਪੀਡੀਐੱਫ ਭੇਜੀ ਜਾਣੀ ਚਾਹੀਦੀ ਹੈ। ਉਨ੍ਹਾਂ ਇਸ ਸਬੰਧੀ ਨਗਰ ਕੌਂਸਲ ਤੋਂ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ।

ਇਸੇ ਦੌਰਾਨ ਪ੍ਰਧਾਨ ਕਾਂਤਾ ਗੋਇਲ ਨੇ ਕੌਂਸਲਰ ਬਲਵਿੰਦਰ ਕੌਰ 'ਤੇ ਕੌਂਸਲ ਦੀਆਂ ਮੀਟਿੰਗਾਂ ਵਿੱਚ ਰੁਕਾਵਟ ਪਾਉਣ ਦੇ ਇਲਜ਼ਾਮ ਲਾਉਂਦਿਆ ਕਿਹਾ ਕਿ ਬਲਵਿੰਦਰ ਕੌਰ ਵੱਲੋਂ ਮੀਟਿੰਗਾਂ ਦੀ ਕਾਰਵਾਈ ਵਿੱਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ ਅਤੇ ਆਪਣੇ ਵਾਰਡ ਨਾਲ ਸਬੰਧਤ ਵਿਕਾਸ ਦੇ ਮੁੱਦੇ ਵੀ ਮੀਟਿੰਗਾਂ ਵਿੱਚ ਕੋਈ ਸਵਾਲ ਨਹੀਂ ਚੁੱਕੇ ਗਏ।

ਸਾਬਕਾ ਪ੍ਰਧਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਥਾਣੇ ਅੱਗੇ ਲਗਾਏ ਧਰਨੇ ਨੂੰ ਲੈਕੇ ਪ੍ਰਧਾਨ ਕਾਂਤਾ ਗੋਇਲ ਨੇ ਕਿਹਾ ਕਿ ਇਹ ਮਾਮਲੇ ਨੂੰ ਸਿਆਸੀ ਰੰਗਤ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਨੂੰ ਸਿਆਸੀ ਰੋਟੀਆਂ ਸੇਕਣ ਲਈ ਮੁੱਦਾ ਚਾਹੀਦਾ ਹੈ। ਇਸ ਮੌਕੇ ਕੌਂਸਲਰ ਕਪਲਾਸ਼ ਤਾਇਲ ਅਤੇ ਹਰ ਕੌਂਸਲਰਾਂ ਨੇ ਵੀ ਆਪਣਾ ਪੱਖ ਰੱਖਿਆ। ਕੌਂਸਲਰਾਂ ਮੁਤਾਬਕ ਜਿਸ ਦਿਨ ਰਜਿਸਟਰ ਨੂੰ ਲੈ ਕੇ ਵਿਵਾਦ ਹੋਇਆ, ਉਸ ਦਿਨ ਦੀ ਮੀਟਿੰਗ ਵਿੱਚ ਸਫਾਈ ਸੇਵਕਾਂ ਨੂੰ ਪੱਕਾ ਕਰਨ ਨਾਲ ਸਬੰਧਤ ਮਾਮਲੇ 'ਤੇ ਵੀ ਵਿਚਾਰ ਕੀਤਾ ਜਾਣਾ ਸੀ। ਕੌਂਸਲਰ ਰਜਨੀਸ਼ ਗੁਪਤਾ ਨੇ ਕਿਹਾ ਕਿ ਨਗਰ ਕੌਂਸਲ ਦੀ ਕਾਰਵਾਈ ਨਿਯਮਾਂ ਅਨੁਸਾਰ ਹੋਣੀ ਚਾਹੀਦੀ ਹੈ ਅਤੇ ਸਰਕਾਰੀ ਦਸਤਾਵੇਜ਼ਾਂ ਨਾਲ ਸਬੰਧਤ ਮਾਮਲਿਆਂ ਨੂੰ ਨਿਯਮਾਂ ਮੁਤਾਬਕ ਹੀ ਨਿਪਟਾਇਆ ਜਾਣਾ ਚਾਹੀਦਾ ਹੈ। ਫਿਲਹਾਲ ਕਾਰਵਾਈ ਰਜਿਸਟਰ ਨੂੰ ਲੈ ਕੇ ਦੋਵਾਂ ਧਿਰਾਂ ਵੱਲੋਂ ਵੱਖ-ਵੱਖ ਦਾਅਵੇ ਕੀਤੇ ਜਾ ਰਹੇ ਹਨ। ਮਾਮਲੇ ਸਬੰਧੀ ਦੋਵਾਂ ਪੱਖਾਂ ਦੇ ਦਾਅਵਿਆਂ ਦੀ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ ਅਤੇ ਇਹ ਵਿਵਾਦ ਲਹਿਰਾਗਾਗਾ ਦੀ ਸਥਾਨਕ ਸਿਆਸਤ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

# ਘਮਰੌਦਾ ਤੇ ਮੰਡੌਰ 'ਚ ਗੰਦੇ ਪਾਣੀ ਦੀ ਸਮੱਸਿਆ ਦਾ ਹੋਵੇਗਾ ਹੱਲ: ਡਾ. ਬਲਬੀਰ ਸਿੰਘ



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦਿਹਾਤੀ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡ ਘਮਰੌਦਾ ਅਤੇ ਮੰਡੌਰ ਵਿਖੇ ਸੈਨੀਟੇਸ਼ਨ ਅਤੇ ਛੱਪੜਾਂ ਦੇ ਨਵੀਨੀਕਰਨ ਕਾਰਜਾਂ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ. ਦਮਨਜੀਤ ਸਿੰਘ ਮਾਨ ਅਤੇ ਐੱਸ.ਡੀ.ਐੱਮ. ਨਾਭਾ ਸ. ਰਵਿੰਦਰਪਾਲ ਸਿੰਘ ਸੋਮਲ ਵੀ ਮੌਜੂਦ ਸਨ।

ਇਸ ਤੋਂ ਇਲਾਵਾ ਡਾ. ਬਲਬੀਰ ਸਿੰਘ ਨੇ ਪਿੰਡ ਹਿਆਣਾ ਕਲਾਂ ਵਿਖੇ 24 ਘੰਟੇ ਬਿਜਲੀ ਸਪਲਾਈ ਦੀ ਸ਼ੁਰੂਆਤ ਵੀ ਕਰਵਾਈ। ਉਨ੍ਹਾਂ ਦੱਸਿਆ ਕਿ ਮੰਡੌਰ ਵਿਖੇ ਲਗਭਗ 2.5 ਕਰੋੜ ਰੁਪਏ ਅਤੇ ਘਮਰੌਦਾ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਸੈਨੀਟੇਸ਼ਨ ਅਤੇ ਛੱਪੜਾਂ ਦੇ ਨਵੀਨੀਕਰਨ ਦੇ ਕੰਮ ਸ਼ੁਰੂ ਕੀਤੇ ਗਏ ਹਨ। ਸਿਹਤ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਦੇ ਨਾਲ-ਨਾਲ ਪਾਣੀ ਨੂੰ ਸਾਫ਼ ਕਰਕੇ ਇਸ ਦੀ ਸੁਚੱਜੀ ਮੁੜ ਵਰਤੋਂ ਅਤੇ ਪਿੰਡਾਂ ਦੇ ਵਾਤਾਵਰਨ ਨੂੰ ਬਿਹਤਰ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਘਮਰੌਦਾ ਅਤੇ ਮੰਡੌਰ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਦੋਵਾਂ ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਲੰਮੇ ਸਮੇਂ ਤੋਂ ਲੋਕਾਂ ਲਈ ਮੁਸ਼ਕਲ ਦਾ ਕਾਰਨ ਬਣੀ ਹੋਈ ਸੀ। ਇਸ ਦੇ ਹੱਲ ਲਈ ਆਧੁਨਿਕ ਸੀਵਰੇਜ ਟ੍ਰੀਟਮੈਂਟ ਪ੍ਰਣਾਲੀ ਵਿਕਸਤ ਕੀਤੀ ਜਾ ਰਹੀ ਹੈ, ਜਿਸ ਤਹਿਤ ਗੰਦੇ ਪਾਣੀ ਨੂੰ ਵੱਖ-ਵੱਖ ਪੜਾਵਾਂ ਵਿੱਚੋਂ ਲੰਘਾ ਕੇ ਸਾਫ਼ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਘਮਰੌਦਾ ਪਿੰਡ ਵਿੱਚ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਕਾਰਨ ਲਗਭਗ ਸਾਢੇ ਚਾਰ ਏਕੜ ਰਕਬੇ ਵਿੱਚ ਗੰਦਗੀ ਅਤੇ ਬਦਬੂ ਦੀ ਸਮੱਸਿਆ ਪੈਦਾ ਹੋ ਰਹੀ ਸੀ। ਹੁਣ ਇੱਥੇ ਆਧੁਨਿਕ ਤਕਨੀਕ ਰਾਹੀਂ ਸੀਵਰੇਜ ਦੇ ਪਾਣੀ ਨੂੰ ਟ੍ਰੀਟ ਕਰਨ ਲਈ ਚੈਂਬਰ ਬਣਾਏ ਜਾ ਰਹੇ ਹਨ। ਇਸ ਪ੍ਰਾਜੈਕਟ ਲਈ ਆਈ.ਆਈ.ਟੀ. ਰੋਪੜ ਦੀ ਤਕਨੀਕੀ ਸਹਾਇਤਾ ਵੀ ਲਈ ਜਾ ਰਹੀ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਟ੍ਰੀਟਮੈਂਟ ਤੋਂ ਬਾਅਦ ਪਾਣੀ ਦੀ ਮੁੜ ਵਰਤੋਂ ਕੀਤੀ ਜਾ ਸਕੇਗੀ ਅਤੇ ਇਸ ਵਿੱਚ ਮੱਛੀ ਪਾਲਣ ਵਰਗੀਆਂ ਗਤੀਵਿਧੀਆਂ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਮੱਛੀ ਪਾਲਣ ਤੋਂ ਹੋਣ ਵਾਲੀ ਆਮਦਨ ਪੰਚਾਇਤ ਦੇ ਖਾਤੇ ਵਿੱਚ ਜਾਵੇਗੀ, ਜਿਸ ਨਾਲ ਪ੍ਰਾਜੈਕਟ ਦੀ ਦੇਖ-ਰੇਖ ਅਤੇ ਰੱਖ-ਰਖਾਅ ਲਈ ਲੋੜੀਂਦੇ ਮਨੁੱਖੀ ਸਰੋਤਾਂ ਦਾ ਪ੍ਰਬੰਧ ਕੀਤਾ ਜਾ ਸਕੇਗਾ।

ਸਿਹਤ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਨੂੰ ਸਿਰਫ਼ ਗੰਦੇ ਪਾਣੀ ਦੇ ਨਿਪਟਾਰੇ ਤੱਕ ਸੀਮਤ ਨਹੀਂ ਰੱਖਿਆ ਜਾ ਰਿਹਾ, ਸਗੋਂ ਇਨ੍ਹਾਂ ਨੂੰ ਮਾਡਲ ਵਾਤਾਵਰਨ ਪਾਰਕਾਂ ਵਜੋਂ ਵਿਕਸਤ ਕਰਨ ਦੀ ਯੋਜਨਾ ਹੈ। ਇਨ੍ਹਾਂ ਥਾਵਾਂ 'ਤੇ ਨਾਨਕ ਬਗੀਚੀ, ਪੌਦੇ ਲਗਾਉਣ, ਵਿਰਾਸਤੀ ਰੁੱਖਾਂ ਦੀ ਸੰਭਾਲ ਅਤੇ ਬਟਰਫਲਾਈ ਪਾਰਕ ਵਰਗੀਆਂ ਗਤੀਵਿਧੀਆਂ ਵਿਕਸਤ ਕੀਤੀਆਂ ਜਾਣਗੀਆਂ।

# ਪਵਨ ਦੀਵਾਨ ਦੀ ਅਗਵਾਈ ਹੇਠ ਕਾਂਗਰਸ ਦਾ ਪ੍ਰਦਰਸ਼ਨ, ਸੀਈਸੀ ਦੇ ਅਸਤੀਫ਼ੇ ਤੇ ਪੰਜਾਬ ਵਿੱਚ ਐੱਸਆਈਆਰ ਰੱਦ ਕਰਨ ਦੀ ਮੰਗ



**ਲੁਧਿਆਣਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਸਰਾਭਾ ਨਗਰ ਵਿਖੇ ਕਾਂਗਰਸੀ ਵਰਕਰਾਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਅਤੇ ਪੁਤਲਾ ਫੂਕਿਆ। ਇਸ ਦੌਰਾਨ ਵਰਕਰਾਂ ਨੇ 'ਵੋਟ ਚੋਰ, ਗੱਦੀ ਛੋੜ' ਸਮੇਤ ਵੱਖ-ਵੱਖ ਨਾਅਰੇ ਲਗਾਏ। ਪਵਨ ਦੀਵਾਨ ਨੇ ਦੋਸ਼ ਲਗਾਇਆ ਕਿ ਚੋਣ ਪ੍ਰਕਿਰਿਆ ਦੀ ਭਰੋਸੇਯੋਗਤਾ 'ਤੇ ਸਵਾਲ ਉੱਠ ਰਹੇ ਹਨ। ਉਨ੍ਹਾਂ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਵਿੱਚੋਂ ਹਟਾਏ ਗਏ ਯੋਗ ਵੋਟਰਾਂ ਦੇ ਨਾਮ ਮੁੜ ਬਹਾਲ ਕੀਤੇ ਜਾਣ ਅਤੇ ਵੋਟਰ ਸੂਚੀਆਂ ਵਿੱਚ ਤਬਦੀਲੀਆਂ ਸਬੰਧੀ ਪਾਰਦਰਸ਼ੀ ਪ੍ਰਕਿਰਿਆ ਯਕੀਨੀ ਬਣਾਈ ਜਾਵੇ। ਦੀਵਾਨ ਨੇ ਕਿਹਾ ਕਿ ਹਰ ਯੋਗ ਨਾਗਰਿਕ ਨੂੰ ਬਿਨਾਂ ਕਿਸੇ ਰੁਕਾਵਟ ਦੇ ਵੋਟ ਦਾ ਅਧਿਕਾਰ ਮਿਲਣਾ ਚਾਹੀਦਾ ਹੈ ਅਤੇ ਚੋਣ ਕਮਿਸ਼ਨ ਨੂੰ ਵੋਟਰਾਂ ਦਾ ਭਰੋਸਾ ਕਾਇਮ ਰੱਖਣ ਲਈ ਪਾਰਦਰਸ਼ੀ ਢੰਗ ਨਾਲ ਕੰਮ ਕਰਨਾ ਚਾਹੀਦਾ ਹੈ। ਪ੍ਰਦਰਸ਼ਨ ਵਿੱਚ ਸੁਸ਼ੀਲ ਮਲਹੋਤਰਾ, ਨਿੱਕੀ ਰਿਆਤ, ਜਸਵਿੰਦਰ ਓਸਾਹਨ, ਕੁਲਬੀਰ ਨੀਟਾ, ਰੋਹਿਤ ਪਾਹਵਾ, ਦੀਪਕ ਹੰਸ, ਬ੍ਰਿਜ ਮੋਹਨ ਕਾਲੀਆ, ਬਲਜੀਤ ਆਹੂਜਾ, ਅਵਤਾਰ ਸਿੰਘ, ਮੋਹਿਤ ਚੁੱਘ, ਹਰਭਗਤ ਗਰੇਵਾਲ, ਗੁਰਨਾਮ ਸਿੰਘ ਕਲੇਰ ਸਮੇਤ ਕਈ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# 70ਵੀਂਆ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ/14 ਲੜਕਿਆਂ ਦੇ ਵਾਲੀਬਾਲ ਮੁਕਾਬਲਿਆਂ ਦਾ ਹੋਇਆ ਆਗਾਜ਼



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕਿਆਂ ਦਾ ਵਾਲੀਬਾਲ ਟੂਰਨਾਮੈਂਟ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨਜ਼ ਪਟਿਆਲਾ ਵਿਖੇ ਮਿਤੀ 3 ਅਕਤੂਬਰ ਤੋਂ 1 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਵਾਲੀਬਾਲ ਦੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਅੱਜ ਦੇ ਹੋਏ ਮੁਕਾਬਲਿਆਂ ਵਿੱਚ ਗੁਰਦਾਸਪੁਰ ਦੇ ਰੂਪ ਨਗਰ ਨੂੰ,ਹੁਸ਼ਿਆਰਪੁਰ ਨੇ ਫਤਿਹਗੜ੍ਹ ਸਾਹਿਬ ਨੂੰ,ਕਪੂਰਥਲੇ ਨੇ ਸ਼ਹੀਦ ਭਗਤ ਸਿੰਘ ਨਗਰ ਨੂੰ, ਪਠਾਨਕੋਟ ਨੇ ਮੋਗੇ ਨੂੰ ਹਰਾਇਆ।ਇਸ ਮੌਕੇ ਤੇ ਰਾਜਿੰਦਰ ਸਿੰਘ,ਦਵਿੰਦਰ ਸਿੰਘ,ਭਰਪੂਰ ਸਿੰਘ,ਗੁਰਪ੍ਰੀਤ ਸਿੰਘ ਟਿਵਾਣਾ,ਰੁਪਿੰਦਰ ਕੌਰ, ਕੁਲਦੀਪ ਕੌਰ,ਹਰਪ੍ਰੀਤ ਕੌਰ, ਜਸਵੀਰ ਕੌਰ,ਜਸਵਿੰਦਰ ਖਾਨ, ਬਹਾਦਰ ਸਿੰਘ,ਰਾਜਨਪ੍ਰੀਤ ਕੌਰ,ਸ਼ਿਵ ਭੰਡੀਰ,ਰਾਕੇਸ਼ ਕੁਮਾਰ,ਸੁਨੀਲ ਕੁਮਾਰ,ਹਰਜੀਤ ਸਿੰਘ,ਬਲਕਾਰ ਸਿੰਘ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਪਟਿਆਲਾ ਨਗਰ ਨਿਗਮ ਚੋਣਾਂ ਮਾਮਲੇ 'ਚ ਸੁਪਰੀਮ ਕੋਰਟ ਵੱਲੋਂ ਫੈਕਟ-ਫਾਇਡਿੰਗ ਕਮੇਟੀ ਦੀ ਰਿਪੋਰਟ ਸਵੀਕਾਰ



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਲੜਾਈ ਨੂੰ ਲੈ ਕੇ ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਨੇ ਪਟਿਆਲਾ ਵਾਸੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਫੈਕਟ-ਫਾਇਡਿੰਗ ਕਮੇਟੀ ਦੀ ਰਿਪੋਰਟ ਨੂੰ ਮਾਨਤਾ ਦਿੱਤੇ ਜਾਣ ਨਾਲ ਪਟਿਆਲਾ ਦੇ ਲੋਕਾਂ ਵੱਲੋਂ ਲੋਕਤੰਤਰਿਕ ਹੱਕਾਂ ਲਈ ਲੜੀ ਜਾ ਰਹੀ ਲੜਾਈ ਨੂੰ ਵੱਡਾ ਬਲ ਮਿਲਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਵੱਲੋਂ ਪਿਛਲੇ ਢਾਈ ਸਾਲ ਤੋਂ ਇਸ ਮਾਮਲੇ ਨੂੰ ਲਗਾਤਾਰ ਕਾਨੂੰਨੀ ਅਤੇ ਲੋਕਤੰਤਰਿਕ ਪੱਧਰ 'ਤੇ ਉਠਾਇਆ ਜਾ ਰਿਹਾ ਸੀ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਪਟਿਆਲਾ ਨਗਰ ਨਿਗਮ ਚੋਣਾਂ ਦੌਰਾਨ ਨਾਮਜ਼ਦਗੀਆਂ ਨਾਲ ਸਬੰਧਤ ਕਈ ਗੰਭੀਰ ਸਵਾਲ ਉੱਠੇ ਸਨ, ਜਿਸ ਤੋਂ ਬਾਅਦ ਇਸ ਮਾਮਲੇ ਨੂੰ ਕਾਨੂੰਨੀ ਤੌਰ 'ਤੇ ਅੱਗੇ ਲਿਜਾਇਆ ਗਿਆ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ ਜਸਟਿਸ ਨਿਰਮਲਜੀਤ ਕੌਰ ਦੀ ਅਗਵਾਈ ਵਿੱਚ ਬਣੀ ਫੈਕਟ-ਫਾਇਡਿੰਗ ਕਮੇਟੀ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਆਪਣੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਅਨੁਸਾਰ ਹੁਣ ਇਸ ਰਿਪੋਰਟ ਨੂੰ ਸੁਪਰੀਮ ਕੋਰਟ ਵੱਲੋਂ ਸਵੀਕਾਰ ਕੀਤੇ ਜਾਣ ਨਾਲ ਇਸ ਮਾਮਲੇ ਵਿੱਚ ਅਗਲੀ ਕਾਨੂੰਨੀ ਕਾਰਵਾਈ ਲਈ ਰਾਹ ਖੁੱਲ੍ਹਿਆ ਹੈ।

ਮੋਹਿੰਦਰਾ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਉਨ੍ਹਾਂ ਸਾਰੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਇਸ ਲੜਾਈ ਵਿੱਚ ਉਨ੍ਹਾਂ ਦਾ ਸਾਥ ਦਿੱਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਪਟਿਆਲਾ ਦੇ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਸਮੇਤ ਪਾਰਟੀ ਦੀ ਸੂਬਾਈ ਲੀਡਰਸ਼ਿਪ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਉਠਾਇਆ। ਉਨ੍ਹਾਂ ਸੀਨੀਅਰ ਐਡਵੋਕੇਟ ਵਿਵੇਕ ਤਨਖਾਹ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਕਾਨੂੰਨੀ ਤੌਰ 'ਤੇ ਪੇਸ਼ ਕੀਤਾ।

ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਨੇ ਕਿਹਾ ਕਿ ਨਗਰ ਨਿਗਮ ਚੋਣਾਂ ਦੌਰਾਨ ਕਈ ਕਾਂਗਰਸੀ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾ ਖ਼ਲ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਅਤੇ ਉਨ੍ਹਾਂ ਦੇ ਲੋਕਤੰਤਰਿਕ ਹੱਕਾਂ ਵਿੱਚ ਰੁਕਾਵਟਾਂ ਪੈਦਾ ਕੀਤੀਆਂ ਗਈਆਂ।

# ਰਾਮਪੁਰ ਕਲਾਂ ਵਿਖੇ ਲੋਕ ਮਿਲਣੀ ਦੌਰਾਨ ਵਿਧਾਇਕ ਦਿਨੇਸ਼ ਚੱਢਾ ਨੇ 5 ਲੱਖ ਦੀ ਗ੍ਰਾਂਟ ਭੇਟ ਕੀਤੀ

**ਨੂਰਪੁਰਬੇਦੀ 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਪਿੰਡ ਰਾਮਪੁਰ ਕਲਾਂ ਵਿਖੇ ਲੋਕ ਮਿਲਣੀ ਕਰਵਾਈ ਗਈ। ਇਸ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਲਈ ਗ੍ਰਾਮ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਪ੍ਰਦਾਨ ਕੀਤੀ ਗਈ। ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲੋੜ ਅਨੁਸਾਰ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਵਿਕਾਸ ਕਾਰਜਾਂ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਅਤੇ ਮੰਗਾਂ ਵਿਧਾਇਕ ਦੇ ਧਿਆਨ ਵਿੱਚ ਲਿਆਂਦੀਆਂ। ਵਿਧਾਇਕ ਨੇ ਲੋਕਾਂ ਦੀਆਂ ਗੱਲਾਂ ਸੁਣਦਿਆਂ ਕਿਹਾ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ।

# ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਭਾਜਪਾ ਦੀ 'ਨਸ਼ਾ ਮੁਕਤ ਯਾਤਰਾ' ਮੁਕੇਰੀਆਂ ਪੁੱਜੀ



**ਮੁਕੇਰੀਆਂ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਾਜਪਾ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਦੂਜੇ ਦਿਨ ਮੁਕੇਰੀਆਂ ਹਲਕੇ ਵਿੱਚ ਯਾਤਰਾ ਦੀ ਸ਼ੁਰੂਆਤ ਹਾਜੀਪੁਰ ਤੋਂ ਹੋਈ।

ਸਾਬਕਾ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ, ਜਨਰਲ ਸਕੱਤਰ ਪਰਮਿੰਦਰ ਬਰਾੜ, ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਤੋਂ ਵਿਧਾਇਕ ਸ਼ਗੁਨ ਪਰਿਹਾਰ, ਸਾਬਕਾ ਕੇਂਦਰੀ ਮੰਤਰੀ ਵਿਜੈ ਸਾਂਪਲਾ, ਹਲਕਾ ਵਿਧਾਇਕ ਜੰਗੀ ਲਾਲ ਮਹਾਜਨ, ਜ਼ਿਲ੍ਹਾ ਪ੍ਰਧਾਨ ਸੰਜੀਵ ਮਨਹਾਸ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਜੈ ਕੌਸ਼ਲ ਸੇਠੂ ਸਮੇਤ ਹੋਰਨਾਂ ਆਗੂਆਂ ਦੀ ਅਗਵਾਈ ਹੇਠ ਇਹ ਯਾਤਰਾ ਗੱਡੀਆਂ, ਰੱਥਾਂ, ਟਰੈਕਟਰ-ਟਰਾਲੀਆਂ ਅਤੇ ਮੋਟਰਸਾਈਕਲਾਂ ਦੇ ਕਾਫ਼ਲੇ ਨਾਲ ਹਾਜੀਪੁਰ ਤੋਂ ਖੁੰਦਪੁਰ ਸਮੇਤ ਵੱਖ-ਵੱਖ ਪਿੰਡਾਂ ਵਿੱਚੋਂ ਹੁੰਦੀ ਹੋਈ ਮੁਕੇਰੀਆਂ ਪਹੁੰਚੀ। ਇਸ ਦੌਰਾਨ ਭਾਜਪਾ ਆਗੂਆਂ ਤੇ ਵਰਕਰਾਂ ਨੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੱਤਾ। ਮੁਕੇਰੀਆਂ ਪਹੁੰਚਣ 'ਤੇ ਪ੍ਰਦੀਪ ਪਲਾਹਾ ਅਤੇ ਮਾਤਾ ਰਾਣੀ ਚੌਂਕ ਵਿਖੇ ਸਨਤ ਮਹਾਜਨ ਦੀ ਅਗਵਾਈ ਹੇਠ ਨੌਜਵਾਨਾਂ ਵੱਲੋਂ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਉਪਰੰਤ ਯਾਤਰਾ ਦੁਸ਼ਹਿਰਾ ਗਰਾਊਂਡ ਵਿਖੇ ਪਹੁੰਚੀ, ਜਿੱਥੇ ਹੋਈ ਇਕੱਤਰਤਾ ਨੂੰ ਭਾਜਪਾ ਆਗੂਆਂ ਨੇ ਸੰਬੋਧਨ ਕੀਤਾ। ਭਾਰੀ ਇੱਕਠ ਨੂੰ ਸੰਬੋਧਨ ਕਰਦਿਆ ਭਾਜਪਾ ਸਾਬਕਾ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਨੌਜਵਾਨਾਂ ਦੀਆਂ ਨਸ਼ੇ ਕਾਰਨ ਹੋ ਰਹੀਆਂ ਮੌਤਾਂ ਲਈ ਪੰਜਾਬ ਸਰਕਾਰ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਯਾਤਰਾ ਦਾ ਮਕਸਦ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਅਤੇ ਕਿਸੇ ਹੋਰ ਨੌਜਵਾਨ ਨੂੰ ਨਸ਼ੇ ਦੀ ਭੇਟ ਚੜ੍ਹਨ ਤੋਂ ਬਚਾਉਣਾ ਹੈ।

ਇਸ ਮੌਕੇ ਆਪਣੇ ਸੰਬੋਧਨ ਰਾਂਹੀ ਮੁਕੇਰੀਆਂ ਵਿਧਾਇਕ ਜੰਗੀ ਲਾਲ ਮਹਾਜਨ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰੀ ਦੀ ਲੜੀ ਤੋੜਨ , ਨੌਜਵਾਨਾਂ ਦੇ ਪੁਨਰਵਾਰ ਅਤੇ ਨਸ਼ਿਆਂ ਵਿੱਚ ਲੱਗ ਰਹੇ ਪੈਸੇ ਦੇ ਸਰੋਤਾਂ ਨੂੰ ਰੋਕਣ ਲਈ ਸਖ਼ਤ ਕਦਮ ਲੋੜੀਂਦੇ ਹਨ ।

# ਸੂਬੇ ਵਿੱਚ ਪੀਜ਼ਾ ਨਾਲੋਂ ਵੀ ਤੇਜ਼ੀ ਨਾਲ ਹੋ ਰਹੀ ਹੈ ਨਸ਼ਿਆਂ ਦੀ ਹੋਮ ਡਿਲੀਵਰੀ': ਸੰਜੇ ਭਾਟੀਆ



**ਨਾਭਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਦੇ ਰਾਜ ਸਭਾ ਮੈਂਬਰ ਸੰਜੇ ਭਾਟੀਆ ਨੇ ਕਿਹਾ ਹੈ ਕਿ ਨਸ਼ਿਆਂ ਦੀ ਸਮੱਸਿਆ ਸਿਰਫ਼ ਪੰਜਾਬ ਜਾਂ ਭਾਰਤ ਤੱਕ ਸੀਮਤ ਨਹੀਂ, ਸਗੋਂ ਪੂਰੀ ਦੁਨੀਆ ਲਈ ਚੁਣੌਤੀ ਹੈ ਅਤੇ ਅਸਲ ਫ਼ਰਕ ਇਸ ਗੱਲ ਦਾ ਹੁੰਦਾ ਹੈ ਕਿ ਸਰਕਾਰਾਂ ਇਸ ਨਾਲ ਕਿਵੇਂ ਨਜਿੱਠਦੀਆਂ ਹਨ।

ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਸੋਮਵਾਰ ਨੂੰ ਨਾਭਾ ਪੁੱਜੇ ਭਾਟੀਆ ਇਹ ਜਵਾਬ ਉਸ ਵੇਲੇ ਦੇ ਰਹੇ ਸਨ ਜਦੋਂ ਪੱਤਰਕਾਰਾਂ ਨੇ ਉਨ੍ਹਾਂ ਤੋਂ ਪੁੱਛਿਆ ਕਿ ਭਾਜਪਾ ਨੇ ਹੁਣ ਤੱਕ ਆਪਣੇ ਕਿੰਨੇ ਸ਼ਾਸਿਤ ਰਾਜਾਂ ਨੂੰ ਨਸ਼ਾ ਮੁਕਤ ਬਣਾਇਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਰਗੀ ਸਮੱਸਿਆ ਦਾ ਪੂਰੀ ਤਰ੍ਹਾਂ ਖ਼ਾਤਮਾ ਕਿਸੇ ਇੱਕ ਸੂਬੇ ਵਿੱਚ ਨਹੀਂ ਹੋਇਆ, ਪਰ ਭਾਜਪਾ ਸ਼ਾਸਿਤ ਰਾਜਾਂ ਵਿੱਚ ਇਸ ਖ਼ਿਲਾਫ਼ ਸਖ਼ਤ ਅਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਸੋਮਵਾਰ ਨੂੰ ਨਾਭਾ ਪੁੱਜੀ, ਜਿੱਥੇ ਰਾਜ ਸਭਾ ਮੈਂਬਰ ਸੰਜੇ ਭਾਟੀਆ ਦਾ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ, ਨੌਜਵਾਨ ਆਗੂ ਵਿਸ਼ਾਲ ਸ਼ਰਮਾ ਅਤੇ ਹੋਰ ਸਥਾਨਕ ਆਗੂਆਂ ਵੱਲੋਂ ਸਵਾਗਤ ਕੀਤਾ ਗਿਆ। ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਜਦੋਂ ਪੱਤਰਕਾਰਾਂ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਅਧੀਨ ਹਨ, ਫਿਰ ਵੀ ਨਸ਼ੀਲੇ ਪਦਾਰਥ ਪੰਜਾਬ ਤੱਕ ਪਹੁੰਚ ਜਾਂਦੇ ਹਨ, ਤਾਂ ਭਾਟੀਆ ਨੇ ਕਿਹਾ ਕਿ ਸਰਹੱਦ ਪਾਰੋਂ ਨਸ਼ੇ ਆਉਣ ਦਾ ਮੁੱਦਾ ਆਪਣੀ ਥਾਂ ਹੈ, ਪਰ ਪੰਜਾਬ ਸਰਕਾਰ ਸੂਬੇ ਦੇ ਅੰਦਰ ਨਸ਼ਿਆਂ ਦੀ ਸਪਲਾਈ ਅਤੇ ਵੰਡ ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਹੋਮ ਡਿਲੀਵਰੀ ਹੋ ਰਹੀ ਹੈ ਅਤੇ ਇਹ ਪੀਜ਼ਾ ਦੀ ਡਿਲੀਵਰੀ ਨਾਲੋਂ ਵੀ ਤੇਜ਼ੀ ਨਾਲ ਲੋਕਾਂ ਤੱਕ ਪਹੁੰਚ ਰਹੇ ਹਨ। ਭਾਟੀਆ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਭ੍ਰਿਸ਼ਟਾਚਾਰ ਕਾਰਨ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਭਿਆਨਕ ਰੂਪ ਧਾਰ ਚੁੱਕੀ ਹੈ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਪੰਜਾਬ ਵਿੱਚ ਪੁਲੀਸ 'ਤੇ ਉੱਚ ਲੀਡਰਸ਼ਿਪ ਵੱਲੋਂ ਨਸ਼ਾ ਤਸਕਰਾਂ ਨੂੰ ਬਚਾਉਣ ਲਈ ਦਬਾਅ ਬਣਾਇਆ ਜਾਂਦਾ ਹੈ। ਉਨ੍ਹਾਂ ਦੇ ਅਨੁਸਾਰ ਭਾਜਪਾ ਸ਼ਾਸਿਤ ਰਾਜਾਂ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਤੁਰੰਤ ਕਾਰਵਾਈ ਹੁੰਦੀ ਹੈ, ਜਦਕਿ ਪੰਜਾਬ ਪੁਲੀਸ ਨੂੰ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਉਨ੍ਹਾਂ ਨਾਲ ਨਜਿੱਠਣ ਵਿੱਚ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਭਾਟੀਆ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਾ ਸਥਾਈ ਹੱਲ ਸਿਰਫ਼ ਭਾਜਪਾ ਹੀ ਕਰ ਸਕਦੀ ਹੈ ਅਤੇ ਪਾਰਟੀ ਨੂੰ ਮੌਕਾ ਮਿਲਣ 'ਤੇ ਨਸ਼ਾ ਤਸਕਰੀ ਅਤੇ ਨਸ਼ਿਆਂ ਦੇ ਕਾਰੋਬਾਰ ਖ਼ਿਲਾਫ਼ ਸਖ਼ਤ ਮੁਹਿੰਮ ਚਲਾਈ ਜਾਵੇਗੀ।

# ਜੀ.ਜੀ.ਐੱਸ.ਐੱਸ.ਟੀ.ਪੀ.ਹਾਈ ਸਕੂਲ ਨੂਹੋਂ ਕਲੋਨੀ ਦੇ ਖਿਡਾਰੀਆਂ ਨੇ ਅਥਲੈਟਿਕਸ ਮੀਟ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ



**ਰੂਪਨਗਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਵਿਭਾਗ , ਪੰਜਾਬ ਵੱਲੋਂ 70ਵੀਂ ਜੋਨ ਐਥਲੈਟਿਕ ਮੀਟ ਜੋ ਕਿ ਸਰਕਾਰੀ ਹਾਈ ਸਕੂਲ, ਘਨੌਲਾ ਵਿਖੇ ਮਿਤੀ 26-09-2026 ਨੂੰ ਕਰਵਾਈ ਗਈ। ਜਿਸ ਵਿੱਚ ਜੀ.ਜੀ.ਐੱਸ.ਐੱਸ.ਟੀ. ਪੀ. ਹਾਈ ਸਕੂਲ, ਨੂੰਹੋਂ ਕਲੋਨੀ,ਰੋਪੜ ਦੇ ਲੜਕਿਆਂ ਅਤੇ ਲੜਕੀਆਂ ਨੇ ਵੱਖ-ਵੱਖ ਉਮਰ ਵਰਗ ਦੇ ਵੱਖ-ਵੱਖ ਈਵੈਂਟਾਂ ਵਿੱਚ ਭਾਗ ਲਿਆ। ਇੰਚਾਰਜ ਸ੍ਰੀ ਅਵਤਾਰ ਕ੍ਰਿਸ਼ਨ ਜੀ ਦੀ ਯੋਗ ਅਗਵਾਈ ਹੇਠ ਖਿਡਾਰੀਆਂ ਨੇ ਮੱਲਾਂ ਮਾਰੀਆਂ। 14 ਸਾਲ ਉਮਰ ਵਰਗ (ਲੜਕੀਆਂ) ਵਿੱਚ 200 ਮੀਟਰ ਦੀ ਦੌੜ ਵਿੱਚੋਂ ਕੋਮਲ ਨੇ ਦੂਜਾ, ਦਰਸ਼ਨਾ ਨੇ ਤੀਜਾ ਸਥਾਨ ਹਾਸਲ ਕੀਤਾ। 14 ਸਾਲ ਵਰਗ (ਲੜਕਿਆਂ) ਦੀ 600 ਮੀਟਰ ਦੌੜ ਵਿੱਚੋਂ ਪ੍ਰਿੰਸ ਨੇ ਪਹਿਲਾਂ ਸਥਾਨ ਅਤੇ 100 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ, 200 ਮੀਟਰ ਦੌੜ ਵਿੱਚੋਂ ਜਸ ਵਰਮਾ ਨੇ ਪਹਿਲਾਂ ਸਥਾਨ, 200 ਮੀਟਰ ਦੌੜ ਵਿੱਚੋਂ ਮਾਨਵੀਰ ਨੇ ਦੂਜਾ ਸਥਾਨ, ਜੈਵਲਿਨ ਥਰੋ ਵਿੱਚ ਰਾਜਾ ਕੁਮਾਰ ਨੇ ਪਹਿਲਾਂ ਸਥਾਨ ਹਾਸਲ ਕੀਤਾ।

17 ਸਾਲ ਉਮਰ ਵਰਗ (ਲੜਕੀਆ) ਦੇ ਡਿਸਕਸ ਥਰੋ ਮੁਕਾਬਲੇ ਵਿੱਚੋਂ ਦੀਆ ਨੇ ਤੀਜਾ ਸਥਾਨ ਹਾਸਲ ਕੀਤਾ, 19 ਸਾਲ ਉਮਰ ਵਰਗ (ਲੜਕਿਆਂ) ਦੇ ਡਿਸਕਸ ਥਰੋ ਮੁਕਾਬਲਿਆਂ ਵਿੱਚੋਂ ਆਸ਼ੀਸ਼ ਨੇ ਦੂਜਾ ਅਤੇ ਰਾਜੂ ਚੌਹਾਨ ਨੇ ਤੀਜਾ ਅਤੇ ਲੰਬੀ ਛਾਲ ਦੇ ਮੁਕਾਬਲੇ ਵਿੱਚੋਂ ਰਾਜੂ ਚੌਹਾਨ ਨੇ ਦੂਜਾ ਸਥਾਨ ਹਾਸਲ ਕੀਤਾ।

ਇਹਨਾਂ ਖਿਡਾਰਣਾਂ ਅਤੇ ਖਿਡਾਰੀਆਂ ਦੇ ਅੱਜ ਸਕੂਲ ਪਹੁੰਚਣ ਤੇ ਜੀ.ਜੀ.ਐੱਸ.ਐੱਸ.ਟੀ.ਪੀ.ਹਾਈ ਸਕੂਲ, ਨੂੰਹੋਂ ਕਲੋਨੀ ਦੇ ਇੰਚਾਰਜ ਸ੍ਰੀ ਅਵਤਾਰ ਕ੍ਰਿਸ਼ਨ ਜੀ ਨੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਅਤੇ ਵਧਾਈ ਦਿੱਤੀ। ਉਹਨਾਂ ਦੱਸਿਆ ਕਿ ਹੁਣ ਇਸ ਸਕੂਲ ਦੇ ਖਿਡਾਰੀ ਜ਼ਿਲ੍ਹਾ ਪੱਧਰ ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਭਾਗ ਲੈਣਗੇ। ਇਸ ਮੌਕੇ ਤੇ ਫਿਜ਼ੀਕਲ ਅਧਿਆਪਕ ਸ੍ਰੀ ਹਰਵਿੰਦਰ ਸਿੰਘ, ਸ੍ਰੀਮਤੀ ਫਰੀਦਾ ਬਾਨੋ, ਸ੍ਰੀਮਤੀ ਰੇਨੂੰ ਸ਼ਰਮਾ, ਸ੍ਰੀਮਤੀ ਮਿਨਾਕਸ਼ੀ ਆਦਿ ਹਾਜ਼ਰ ਸਨ।

# ਵਿਸ਼ਵ ਰੇਬੀਜ਼ ਦਿਵਸ ਮੌਕੇ ਲੋਕਾਂ ਨੂੰ ਕੀਤਾ ਜਾਗਰੂਕ



**ਸੰਦੌੜ 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਮਾਲੇਰਕੋਟਲਾ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜੀ ਐਸ ਭਿੰਡਰ ਦੀ ਅਗਵਾਈ ਹੇਠ ਸਿਹਤ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਵਿਸ਼ਵ ਰੇਬੀਜ਼ ਦਿਵਸ' ਨੂੰ ਮੁੱਖ ਰੱਖਦੇ ਹੋਏ ਲੋਕਾਂ ਨੂੰ ਰੇਬੀਜ਼ ਦੀ ਬਿਮਾਰੀ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬਲਾਕ ਬੀ ਈ ਈ ਹਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਸਾਲ ਵਿਸ਼ਵ ਰੇਬੀਜ਼ ਦਿਵਸ ਦਾ ਥੀਮ ਇਕੱਠੇ ਹੋ ਕੇ ਵਧੇਰੇ ਮਜ਼ਬੂਤ ਹੈ। ਇਸ ਮੌਕੇ ਮਿੱਠੇਵਾਲ ਸਿਹਤ ਕੇਂਦਰ ਵਿਖ਼ੇ ਲੋਕਾਂ ਨੂੰ ਜਾਗਰੂਕ ਕਰਦਿਆਂ ਸਿਹਤ ਕਰਮਚਾਰੀ ਸ੍ਰੀ ਰਾਜੇਸ਼ ਰਿਖੀ ਨੇ ਕਿਹਾ ਗਿਆ ਕਿ ਰੇਬੀਜ਼ ਦੀ ਰੋਕਥਾਮ ਲਈ ਕੇਵਲ ਸਿਹਤ ਵਿਭਾਗ ਹੀ ਨਹੀਂ ਬਲਕਿ ਪਸ਼ੂ ਪਾਲਣ ਵਿਭਾਗ, ਸਥਾਨਕ ਸੰਸਥਾਵਾਂ, ਪਸ਼ੂ-ਭਲਾਈ ਸੰਸਥਾਵਾਂ ਅਤੇ ਗ਼ੈਰ ਸਰਕਾਰੀ ਸੰਗਠਨ ਵੀ ਯਤਨ ਕਰ ਰਹੇ ਹਨ ਤੇ ਲੋਕਾਂ ਨੂੰ ਵੀ ਇਸ ਬਿਮਾਰੀ ਤੋਂ ਬਚਾਅ ਲਈ ਜਾਗਰੂਕ ਹੋਣ ਦੀ ਲੋੜ ਹੈਂ ਤਾਂ ਜੋ ਰੇਬੀਜ਼ ਦਾ ਖ਼ਾਤਮਾ ਕੀਤਾ ਜਾ ਸਕੇ ।ਇਸ ਮੌਕੇ ਉਹਨਾਂ ਵੱਲੋਂ ਲੋਕਾਂ ਨੂੰ ਰੇਬੀਜ਼ ਤੋਂ ਬਚਾਅ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ,ਇਸ ਮੌਕੇ ਐੱਸ.ਐੱਮ.ਓ. ਡਾ. ਭਿੰਡਰ ਨੇ ਦੱਸਿਆ ਕਿ ਬਲਾਕ ਵਿੱਚ ਕੁਠਾਲਾ, ਪੰਜਗਰਾਈਆਂ, ਕੁੱਪ ਕਲਾਂ ਤੇ ਦਸੋਧਾ ਸਿੰਘ ਵਾਲਾ ਆਮ ਆਦਮੀ ਕਲੀਨਕਾਂ ਤੇ ਹਲਕਾਅ ਰੋਕੂ ਟੀਕੇ ਲਗਾਏ ਜਾ ਰਹੇ ਹਨ।

ਉਹਨਾਂ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਕੁੱਤੇ ਜਾਂ ਕਿਸੇ ਹੋਰ ਸ਼ੱਕੀ ਜਾਨਵਰ ਦੇ ਕੱਟਣ ਦੀ ਸੂਰਤ ਵਿੱਚ ਜ਼ਖ਼ਮ ਨੂੰ ਤੁਰੰਤ ਸਾਬਣ ਅਤੇ ਵਗਦੇ ਪਾਣੀ ਨਾਲ ਚੰਗੀ ਤਰ੍ਹਾਂ ਧੋਣ ਉਪਰੰਤ ਬਿਨਾਂ ਦੇਰੀ ਨਜ਼ਦੀਕੀ ਸਿਹਤ ਕੇਂਦਰ ਵਿਖੇ ਪਹੁੰਚ ਕੇ ਡਾਕਟਰੀ ਸਲਾਹ ਅਨੁਸਾਰ ਐਂਟੀ-ਰੇਬੀਜ਼ ਇਲਾਜ ਅਤੇ ਟੀਕਾਕਰਨ ਜ਼ਰੂਰ ਕਰਵਾਇਆ ਜਾਵੇ ।ਇਸ ਮੌਕੇ ਹਰਪ੍ਰੀਤ ਕੌਰ ਬੀ ਈ ਈ ਰਾਜੇਸ਼ ਰਿਖੀ, ਅਮਰਜੀਤ ਕੌਰ ਸਮੇਤ ਸਮੂਹ ਸਟਾਫ਼ ਹਾਜ਼ਰ ਸੀ

# ਬਲਜਿੰਦਰ ਸਿੰਘ ਤੂਰ ਪੰਜਾਬ ਗਤਕਾ ਐਸੋਸੀਏਸ਼ਨ ਦੇ ਮੁੜ ਬਣੇ ਜਨਰਲ ਸਕੱਤਰ




**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਗੱਤਕਾ ਐਸੋਸੀਏਸ਼ਨ ਦੀ ਸਲਾਨਾ ਜਨਰਲ ਬਾਡੀ ਮੀਟਿੰਗ ਪੰਜਾਬ ਓਲੰਪਿਕ ਭਵਨ ਮੋਹਾਲੀ ਵਿਖੇ ਕਰਵਾਈ ਗਈ। ਇਸ ਮੀਟਿੰਗ ਦਾ ਮੁੱਖ ਏਜੰਡਾ ਪੰਜਾਬ ਗੱਤਕਾ ਐਸੋਸੀਏਸ਼ਨ ਦੀ ਗਵਰਨਿੰਗ ਬਾਡੀ ਦੀ ਚੋਣ ਕਰਨਾ ਸੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਪੰਜਾਬ ਗੱਤਕਾ ਐਸੋਸੇਸ਼ਨ ਜੋ ਕਿ ਪੰਜਾਬ ਸਟੇਟ ਸਪੋਰਟਸ ਕੌਂਸਲ, ਪੰਜਾਬ ਓਲੰਪਿਕ ਐਸੋਸੀਏਸ਼ਨ ਅਤੇ ਗਤਕਾ ਫੈਡਰੇਸ਼ਨ ਆਫ ਇੰਡੀਆ ਤੋਂ ਮਾਨਤਾ ਪ੍ਰਾਪਤ ਸੰਸਥਾ ਹੈ ਅਤੇ ਪੂਰੇ ਪੰਜਾਬ ਵਿੱਚ ਗਤਕਾ ਖੇਡ ਨੂੰ ਪ੍ਰਫੁੱਲਤ ਕਰਨ ਲਈ ਕੰਮ ਕਰ ਰਹੀ ਹੈ, ਦਾ ਚਾਰ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਤੋ ਬਾਅਦ ਨਵੀਂ ਗਵਰਨਿੰਗ ਬਾਡੀ ਦੀ ਚੋਣ ਕੀਤੀ ਗਈ।ਇਸ ਮੀਟਿੰਗ ਦੇ ਵਿੱਚ ਪੰਜਾਬ ਓਲੰਪਿਕ ਐਸੋਸੀਏਸ਼ਨ ਦੇ ਐਗਜੀਕਿਊਟਿਵ ਮੈਂਬਰ ਐਡਵੋਕੇਟ ਅੰਕੁਰ ਗੁਪਤਾ ਅਤੇ ਗੱਤਕਾ ਫੈਡਰੇਸ਼ਨ ਆਫ ਇੰਡੀਆ ਤੋਂ ਰਾਜਵੀਰ ਸਿੰਘ ਨੇ ਅਬਜਰਵਰ ਦੇ ਤੌਰ 'ਤੇ ਡਿਊਟੀ ਨਿਭਾਈ। ਇਸ ਮੀਟਿੰਗ ਦੇ ਵਿੱਚ ਸਰਬ ਸੰਮਤੀ ਦੇ ਨਾਲ ਡਾ. ਰਜਿੰਦਰ ਸਿੰਘ ਸੋਹਲ ਨੂੰ ਮੁੜ ਪੰਜਾਬ ਗੱਤਕਾ ਐਸੋਸੀਏਸ਼ਨ ਦਾ ਪ੍ਰਧਾਨ ਚੁਣਿਆ ਗਿਆ ਅਤੇ ਬਲਜਿੰਦਰ ਸਿੰਘ ਤੂਰ ਨੂੰ ਦੁਬਾਰਾ ਤੋਂ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।

ਸਮੁੱਚੇ ਮੈਂਬਰਾਂ ਵੱਲੋਂ ਪ੍ਰਧਾਨ ਅਤੇ ਸਕੱਤਰ ਸਾਹਿਬ ਨੂੰ ਬਾਕੀ ਐਡਜੈਕਟਿਵ ਕਮੇਟੀ ਦੀ ਚੋਣ ਕਰਨ ਦੇ ਅਧਿਕਾਰ ਦਿੱਤੇ ਗਏ, ਜਿਸ ਤਹਿਤ ਦਵਿੰਦਰ ਸਿੰਘ ਜੁਗਨੀ ਵਾਈਸ ਪ੍ਰਧਾਨ, ਅਰਸ਼ਦ ਡਾਲੀ ਵਾਈਸ ਪ੍ਰਧਾਨ, ਰਘਵੀਰ ਸਿੰਘ ਸਕੱਤਰ, ਕੁਲਦੀਪ ਸਿੰਘ ਫਾਇਨਾਂਸ ਸਕੱਤਰ, ਜਗਕਿਰਨ ਕੌਰ ਸਹਾਇਕ ਸਕੱਤਰ, ਇੰਦਰਜੀਤ ਸਿੰਘ ਮੱਲ੍ਹੀ ਮੈਂਬਰ, ਪਲਵਿੰਦਰ ਸਿੰਘ ਕੰਡਾ ਮੈਂਬਰ, ਅਤੇ ਕੁਲਦੀਪ ਸਿੰਘ ਧਾਲੀਵਾਲ ਨੂੰ ਮੈਂਬਰ ਵਜੋਂ ਨਾਮਜਦ ਕੀਤਾ ਗਿਆ। ਵੱਖ-ਵੱਖ ਜਿਲ੍ਹਿਆਂ ਤੋਂ ਆਏ ਹੋਏ ਪ੍ਰਧਾਨ ਅਤੇ ਸਕੱਤਰ ਸਾਹਿਬਾਨ ਵੱਲੋਂ ਸਰਬ ਸੰਮਤੀ ਦੇ ਨਾਲ ਇਹ ਚੋਣ ਕੀਤੀ ਗਈ।

ਇਸ ਮੌਕੇ ਬੋਲਦਿਆਂ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਨੇ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਮੇਂ ਦੌਰਾਨ ਪੰਜਾਬ ਐਸੋਸੀਏਸ਼ਨ ਨੇ ਵੱਡੀਆਂ ਪੁਲਾਂਘਾਂ ਪੁੱਟੀਆਂ ਹਨ ਉਸੇ ਤਰਾਂ ਆਉਣ ਵਾਲੇ ਸਮੇਂ ਵਿੱਚ ਵੀ ਗਤਕਾ ਖੇਡ ਨੂੰ ਪ੍ਰਫੁੱਲਤ ਕਰਨ ਲਈ ਹੋਰ ਵੱਡੇ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਸਾਰੇ ਮੈਂਬਰਾਂ ਵੱਲੋਂ ਮਤਾ ਪਾਸ ਕੀਤਾ ਗਿਆ ਕਿ ਪੰਜਾਬ ਦੇ ਵਿੱਚ ਇੱਕ ਵੱਡੇ ਪੱਧਰ ਦਾ ਗਤਕਾ ਭਵਨ ਬਣਾਇਆ ਜਾਵੇ ਜਿਸ ਦੇ ਲਈ ਸਮੁੱਚੀਆਂ ਸਿੱਖ ਸੰਸਥਾਵਾਂ, ਪੰਜਾਬ ਸਰਕਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮਦਦ ਲਈ ਜਾਵੇ। ਇਸ ਮੌਕੇ ਸਾਰੇ ਮੈਂਬਰਾਂ ਵੱਲੋਂ ਜਿੱਥੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਗਈ ਉੱਥੇ ਪੂਰਨ ਸਹਿਯੋਗ ਕਰਨ ਦਾ ਵੀ ਵਿਸ਼ਵਾਸ਼ ਦਵਾਇਆ ਗਿਆ।

# ਪਿੰਡ ਰਾਮਪੁਰਾ ਜਵਾਹਰਵਾਲਾ ਵਿਖੇ ਵੱਖ-ਵੱਖ ਪਾਰਟੀਆਂ ਨੂੰ ਝਟਕਾ; 50 ਪਰਿਵਾਰ 'ਆਪ' ਵਿੱਚ ਸ਼ਾਮਲ



**ਲਹਿਰਾਗਾਗਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਲਹਿਰਾਗਾਗਾ ਦੇ ਪਿੰਡ ਰਾਮਪੁਰਾ ਜਵਾਹਰਵਾਲਾ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਪਿੰਡ ਦੇ ਕਰੀਬ 50 ਪਰਿਵਾਰ ਵੱਖ-ਵੱਖ ਰਵਾਇਤੀ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਹ ਸਮਾਗਮ ਪੰਚਾਇਤ ਮੈਂਬਰ ਜਸਵਿੰਦਰ ਸਿੰਘ ਦੇ ਗ੍ਰਹਿ ਵਿਖੇ ਕਰਵਾਇਆ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਅਤੇ ਮੋਹਤਬਰ ਵਿਅਕਤੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਰੇਕ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਸੇਵਾਵਾਂ ਦਾ ਪਾਰਟੀ ਤੇ ਹਲਕੇ ਦੀ ਬਿਹਤਰੀ ਲਈ ਸੁਚੱਜੇ ਢੰਗ ਨਾਲ ਲਾਭ ਲਿਆ ਜਾਵੇਗਾ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਮੁਫ਼ਤ ਬਿਜਲੀ, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਕਾਰਜਾਂ ਤੋਂ ਸੂਬੇ ਦਾ ਹਰ ਵਰਗ ਪ੍ਰਭਾਵਿਤ ਹੈ। ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪਾਰਦਰਸ਼ੀ ਕਾਰਜਸ਼ੈਲੀ ਸਦਕਾ ਲੋਕਾਂ ਦਾ ਆਮ ਆਦਮੀ ਪਾਰਟੀ ਪ੍ਰਤੀ ਵਿਸ਼ਵਾਸ ਲਗਾਤਾਰ ਵਧ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਆਮ ਲੋਕਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ, ਜਦਕਿ 'ਆਪ' ਸਰਕਾਰ ਨੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਨੂੰ ਪਹਿਲ ਦਿੰਦਿਆਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਦਿਖਾਇਆ ਹੈ। ਹਲਕਾ ਲਹਿਰਾਗਾਗਾ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।

ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੂੰ ਸੱਦਾ ਦਿੱਤਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਅਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਲੋਕ ਸੇਵਾ ਵਿੱਚ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੀ ਸ਼ਮੂਲੀਅਤ ਨਾਲ ਪਿੰਡ ਰਾਮਪੁਰਾ ਜਵਾਹਰਵਾਲਾ ਸਮੇਤ ਸਮੁੱਚੇ ਹਲਕੇ ਵਿੱਚ ਆਮ ਆਦਮੀ ਪਾਰਟੀ ਹੋਰ ਮਜ਼ਬੂਤ ਹੋਵੇਗੀ।

ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਹਨ। ਉਨ੍ਹਾਂ ਪਾਰਟੀ ਦੀ ਮਜ਼ਬੂਤੀ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਜਗਸੀਰ ਸਿੰਘ, ਜਗਜੀਤ ਸਿੰਘ, ਬੱਬਲਜੀਤ ਸਿੰਘ, ਗਗਨਦੀਪ ਸਿੰਘ, ਗੁਰਪੀਤ ਸਿੰਘ, ਸਤਿਨਾਮ ਸਿੰਘ, ਕੁਲਵਿੰਦਰ ਸਿੰਘ, ਸੁਖਚੈਨ ਸਿੰਘ, ਜੱਗੀ ਸਿੰਘ ਗੁਰਦਰਸ਼ਨ ਸਿੰਘ ਤੇ ਹੋਰ ਲੋਕਾਂ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਵੀ ਪਾਰਟੀ ਵਿੱਚ ਸ਼ਾਮਲ ਹੋਈਆਂ।

# ਅਮਰਜੀਤ ਚਾਵਲਾ ਬਲਾਤਕਾਰ ਮਾਮਲਾ: ਡਰਾਈਵਰ ਮੋਹਨ ਸਿੰਘ ਜਾਂਚ ਵਿੱਚ ਸ਼ਾਮਲ, ਰੂਪਨਗਰ ਪੁਲਿਸ ਅੱਗੇ ਬਿਆਨ ਦਰਜ ਕਰਵਾਇਆ

## ਡਰਾਈਵਰ ਨੇ ਖੁਲਾਸਾ ਕੀਤਾ ਕਿ ਮੁਲਜ਼ਮ ਚਾਵਲਾ ਨੇ ਪੀੜਤ ਔਰਤ ਦੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਂਵਾਂ ਵਿੱਚ ਅੱਠ ਮਹੀਨਿਆਂ ਦੇ ਰਹਿਣ, ਖਾਣ-ਪੀਣ ਅਤੇ ਆਵਾਜਾਈ ਦਾ ਪ੍ਰਬੰਧ ਕੀਤਾ ਸੀ: ਡੀਐਸਪੀ ਜਸ਼ਨਦੀਪ ਸਿੰਘ ਮਾਨ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਐਸਜੀਪੀਸੀ ਮੈਂਬਰ ਅਮਰਜੀਤ ਸਿੰਘ ਚਾਵਲਾ ਵਿਰੁੱਧ ਦਰਜ ਬਲਾਤਕਾਰ ਮਾਮਲੇ ਦੀ ਚੱਲ ਰਹੀ ਜਾਂਚ ਵਿੱਚ, ਕਾਨੂੰਨੀ ਨੋਟਿਸ ਮਿਲਣ ਉਪਰੰਤ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਤਾਇਨਾਤ ਡਰਾਈਵਰ ਅੱਜ ਜਾਂਚ ਵਿੱਚ ਸ਼ਾਮਲ ਹੋਇਆ ਅਤੇ ਉਸ ਨੇ ਰੂਪਨਗਰ ਪੁਲਿਸ ਅੱਗੇ ਆਪਣਾ ਬਿਆਨ ਦਰਜ ਕਰਵਾਇਆ।

ਵੇਰਵੇ ਦਿੰਦਿਆਂ, ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀਐਸਪੀ) ਸ੍ਰੀ ਆਨੰਦਪੁਰ ਸਾਹਿਬ, ਜਸ਼ਨਦੀਪ ਸਿੰਘ ਮਾਨ ਨੇ ਦੱਸਿਆ ਕਿ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀਐਨਐਸਐਸ) ਦੀ ਧਾਰਾ 35 ਤਹਿਤ ਡਰਾਈਵਰ ਮੋਹਨ ਸਿੰਘ ਵਾਸੀ ਮੁਹੱਲਾ ਕੁਹਾਲੀਵਾਲਾ, ਸ੍ਰੀ ਆਨੰਦਪੁਰ ਸਾਹਿਬ ਨੂੰ ਨੋਟਿਸ ਜਾਰੀ ਕੀਤਾ ਗਿਆ ਸੀ। ਇਸ ਨੋਟਿਸ ਰਾਹੀਂ ਉਸਨੂੰ ਪੁਲਿਸ ਸਟੇਸ਼ਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਭਾਰਤੀ ਨਿਆ ਸੰਹਿਤਾ ਦੀਆਂ ਧਾਰਾਵਾਂ 64, 127(2) ਅਤੇ 351(2) ਤਹਿਤ ਦਰਜ ਕੀਤੀ ਗਈ ਦਰਜ ਐਫਆਈਆਰ ਨੰਬਰ 149 ਮਿਤੀ 21.08.2026 ਦੇ ਸਬੰਧ ਵਿੱਚ ਜਾਂਚ ਵਿੱਚ ਸ਼ਾਮਲ ਹੋਣ ਲਈ ਕਿਹਾ ਗਿਆ ਸੀ।

ਨੋਟਿਸ ਦੀ ਪਾਲਣਾ ਕਰਦਿਆਂ, ਮੋਹਨ ਸਿੰਘ ਪੁਲਿਸ ਚੌਕੀ ਸਿਟੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਪੇਸ਼ ਹੋਇਆ ਅਤੇ ਜਾਂਚ ਟੀਮ ਵੱਲੋਂ ਉਸ ਤੋਂ ਲਗਭਗ ਛੇ ਘੰਟੇ ਤੱਕ ਵਿਸਥਾਰਪੂਰਵਕ ਪੁੱਛਗਿੱਛ ਕੀਤੀ ਗਈ। ਪੁੱਛਗਿੱਛ ਦੌਰਾਨ ਹੋਏ ਖੁਲਾਸਿਆਂ ਬਾਰੇ ਜਾਣਕਾਰੀ ਦਿੰਦਿਆਂ ਡੀਐਸਪੀ ਨੇ ਦੱਸਿਆ ਕਿ ਮੋਹਨ ਸਿੰਘ ਨੇ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਡਰਾਈਵਰ ਵਜੋਂ ਆਪਣੀ ਨੌਕਰੀ ਦੀ ਪੁਸ਼ਟੀ ਕੀਤੀ। ਡਰਾਈਵਰ ਨੇ ਦੱਸਿਆ ਕਿ ਸ਼ਿਕਾਇਤਕਰਤਾ/ਪੀੜਤ ਔਰਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨੇੜੇ ਸਥਿਤ ਵੱਖ-ਵੱਖ ਸਰਾਂਵਾਂ ਵਿੱਚ ਲਗਭਗ ਅੱਠ ਮਹੀਨਿਆਂ ਤੱਕ ਰਹੀ ਸੀ। ਮੋਹਨ ਸਿੰਘ ਨੇ ਦੱਸਿਆ ਕਿ ਉਹ ਆਪਣੀ ਡਿਊਟੀ ਦੇ ਹਿੱਸੇ ਵਜੋਂ ਕਈ ਵਾਰ ਪੀੜਤ ਔਰਤ ਨੂੰ ਨੇੜਲੇ ਗੁਰਦੁਆਰਿਆਂ ਤੱਕ ਲੈ ਕੇ ਗਿਆ ਸੀ।

ਡਰਾਈਵਰ ਨੇ ਅੱਗੇ ਦੱਸਿਆ ਕਿ ਪੀੜਤ ਔਰਤ ਦੇ ਰਹਿਣ-ਸਹਿਣ, ਖਾਣ-ਪੀਣ ਅਤੇ ਸਥਾਨਕ ਆਵਾਜਾਈ ਸਬੰਧੀ ਸਾਰੇ ਜ਼ਰੂਰੀ ਪ੍ਰਬੰਧ ਮੁਲਜ਼ਮ ਅਮਰਜੀਤ ਸਿੰਘ ਚਾਵਲਾ ਵੱਲੋਂ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਂਵਾਂ ਵਿੱਚ ਕੀਤੇ ਗਏ ਸਨ ਅਤੇ ਚਾਵਲਾ ਉਸ ਨਾਲ ਲਗਾਤਾਰ ਸੰਪਰਕ ਵਿੱਚ ਰਹਿੰਦਾ ਸੀ। ਉਸਨੇ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਂਵਾਂ ਦੇ ਰੋਜ਼ਾਨਾ ਪ੍ਰਸ਼ਾਸਨਿਕ ਕੰਮਕਾਜ ਦੀ ਦੇਖ-ਰੇਖ ਕਰਨ ਵਾਲੇ ਐਸਜੀਪੀਸੀ ਦੇ ਕਰਮਚਾਰੀ ਇਨ੍ਹਾਂ ਪ੍ਰਬੰਧਾਂ ਅਤੇ ਅਮਰਜੀਤ ਸਿੰਘ ਚਾਵਲਾ ਤੇ ਪੀੜਤ ਔਰਤ ਵਿਚਕਾਰ ਚੱਲ ਰਹੇ ਸੰਪਰਕ ਬਾਰੇ ਪੂਰੀ ਤਰ੍ਹਾਂ ਜਾਣੂ ਸਨ।

ਨਿਰਪੱਖ ਅਤੇ ਡੂੰਘੀ ਜਾਂਚ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਡੀਐਸਪੀ ਜਸ਼ਨਦੀਪ ਸਿੰਘ ਮਾਨ ਨੇ ਕਿਹਾ ਕਿ ਸਾਰੇ ਤੱਥਾਂ ਅਤੇ ਬਿਆਨਾਂ ਦੀ ਵਿਆਪਕ ਪੱਧਰ 'ਤੇ ਤਸਦੀਕ ਕੀਤੀ ਜਾ ਰਹੀ ਹੈ ਅਤੇ ਕਾਨੂੰਨ ਅਨੁਸਾਰ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਰਾਜ ਮਿਸਤਰੀ ਦੀ ਬੰਦ ਕਮਰੇ 'ਚ ਖ਼ੂਨ ਨਾਲ ਅੱਧ ਨੰਗੀ ਮਿਲੀ ਲਾਸ਼, ਪੁਲਿਸ ਨੇ ਜਾਂਚ ਕੀਤੀ ਸ਼ੁਰੂ

**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨੇੜ੍ਹੇ ਇੱਕ ਬੰਦ ਕਮਰੇ ਵਿਚ ਰਾਸਮਿਸਤਰੀ ਚਰਨਜੀਤ ਸਿੰਘ ਉਰਫ਼ ਬਿੱਲਾ (50) ਦੀ ਖ਼ੂਨ ਨਾਲ ਲੱਥਪੱਥ ਅੱਧ ਨਗਨ ਹਾਲਤ ਵਿਚ ਲਾਸ਼ ਮਿਲੀ ਜਿਸ ਨਾਲ ਇਲਾਕੇ ਵਿਚ ਸਨਸਨੀ ਫੈਲ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਚਰਨਜੀਤ ਸਿੰਘ ਮਾਛੀਵਾੜਾ ਸ਼ਹਿਰ ਵਿਚ ਰਹਿੰਦੇ ਆਪਣੇ ਪਰਿਵਾਰ ਤੋਂ ਅਲੱਗ ਹੋ ਕੇ ਕਮਰਾ ਕਿਰਾਏ 'ਤੇ ਲੈ ਕੇ ਰਹਿ ਰਿਹਾ ਸੀ।

ਕਮਰੇ ਦਾ ਦਰਵਾਜਾ ਅੰਦਰੋਂ ਲੱਗਾ ਹੋਇਆ ਸੀ ਤਾਂ ਆਸਪਾਸ ਦੇ ਲੋਕਾਂ ਨੇ ਦੇਖਿਆ ਕਿ ਕਮਰੇ 'ਚੋਂ ਖ਼ੂਨ ਨਿਕਲ ਕੇ ਬਾਹਰ ਆ ਰਿਹਾ ਹੈ ਤਾਂ ਉਨ੍ਹਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਮੁਖੀ ਕਰਮਜੀਤ ਸਿੰਘ ਮੌਕੇ 'ਤੇ ਪਹੁੰਚ ਗਏ ਅਤੇ ਜਦੋਂ ਉਨ੍ਹਾਂ ਦਰਵਾਜਾ ਤੋੜ ਕੇ ਦੇਖਿਆ ਤਾਂ ਅੰਦਰ ਚਰਨਜੀਤ ਸਿੰਘ ਖ਼ੂਨ ਨਾਲ ਲੱਥਪੱਥ ਅੱਧ ਨਗਨ ਹਾਲਤ ਵਿਚ ਪਿਆ ਸੀ।

ਚਰਨਜੀਤ ਸਿੰਘ ਦੇ ਸਿਰ ਪਿੱਛੇ ਸੱਟ ਲੱਗੀ ਹੋਈ ਸੀ ਜਿੱਥੋਂ ਖ਼ੂਨ ਵਹਿ ਕੇ ਕਮਰੇ ਤੋਂ ਬਾਹਰ ਤੱਕ ਆ ਗਿਆ ਸੀ ਅਤੇ ਉਸਦੇ ਮੂੰਹ 'ਤੇ ਵੀ ਸੱਟ ਦੇ ਨਿਸ਼ਾਨ ਲੱਗ ਰਹੇ ਸਨ। ਮ੍ਰਿਤਕ ਚਰਨਜੀਤ ਸਿੰਘ ਦੇ ਪਰਿਵਾਰ ਨੂੰ ਪੁਲਸ ਨੇ ਸੂਚਿਤ ਕੀਤਾ ਤਾਂ ਉਸਦੀ ਪਤਨੀ ਜਸਪ੍ਰੀਤ ਕੌਰ ਨੇ ਦੱਸਿਆ ਕਿ ਉਸਦਾ ਪਤੀ ਸ਼ਰਾਬ ਪੀਣ ਦਾ ਆਦੀ ਸੀ ਅਤੇ ਘਰ ਵਿਚ ਲੜਾਈ-ਝਗੜਾ ਕਰਦਾ ਰਹਿੰਦਾ ਸੀ। ਪਿਛਲੇ ਕਰੀਬ 4 ਸਾਲ ਤੋਂ ਉਹ ਪਰਿਵਾਰ ਨਾਲੋਂ ਅਲੱਗ ਰਹਿ ਰਿਹਾ ਸੀ ਅਤੇ ਉਸਦਾ ਪਰਿਵਾਰਕ ਮੈਂਬਰਾਂ ਨਾਲ ਕੋਈ ਸਬੰਧ ਨਹੀਂ ਸੀ। ਅੱਜ ਸਵੇਰੇ ਉਨ੍ਹਾਂ ਨੂੰ ਪੁਲਸ ਰਾਹੀਂ ਸੂਚਨਾ ਮਿਲੀ ਕਿ ਚਰਨਜੀਤ ਸਿੰਘ ਕਮਰੇ ਅੰਦਰ ਮ੍ਰਿਤਕ ਹਾਲਤ ਵਿਚ ਪਿਆ ਹੈ। ਪੁਲਸ ਵਲੋਂ ਫਿਲਹਾਲ ਲਾਸ਼ ਨੂੰ ਕਬਜੇ 'ਚ ਕਰ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ ਹੈ। ਥਾਣਾ ਮੁਖੀ ਕਰਮਜੀਤ ਸਿੰਘ ਨੇ ਦੱਸਿਆ ਕਿ ਜੋ ਮ੍ਰਿਤਕ ਦੇ ਸੱਟਾਂ ਹਨ ਉਹ ਡਿੱਗਣ ਕਾਰਨ ਲੱਗੀਆਂ ਹਨ ਜਾਂ ਕਿਸੇ ਨੇ ਉਸ ਨੂੰ ਮਾਰ ਕੇ ਕਤਲ ਕੀਤਾ ਹੈ, ਇਸ ਸਬੰਧੀ ਪੋਸਟ ਮਾਰਟਮ ਰਿਪੋਰਟ ਆਉਣ ਤੋਂ ਬਾਅਦ ਪਤਾ ਲੱਗੇਗਾ। ਉਨ੍ਹਾਂ ਕਿਹਾ ਕਿ ਪੁਲਸ ਵਲੋਂ ਆਸਪਾਸ ਲੱਗੇ ਸੀਸੀਟੀਵੀ ਕੈਮਰੇ ਤੇ ਜਿਹੜੇ ਵਿਅਕਤੀਆਂ ਨਾਲ ਮ੍ਰਿਤਕ ਚਰਨਜੀਤ ਸਿੰਘ ਦਾ ਮੇਲ-ਮਿਲਾਪ ਸੀ ਉਨ੍ਹਾਂ ਤੋਂ ਵੀ ਪੁੱਛਗਿੱਛ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਾਛੀਵਾੜਾ ਪੁਲਸ ਜਲਦ ਇਸ ਮਾਮਲੇ ਨੂੰ ਸੁਲਝਾ ਲਵੇਗੀ।

# ਡੋਪ ਟੈਸਟ ਨੂੰ ਲੈ ਕੇ ਖੰਨਾ ਹਸਪਤਾਲ ਵਿੱਚ ਮਚਿਆ ਸਿਆਸੀ ਘਮਸਾਣ; ਖੰਨਾ ਦੇ ਸਿਵਲ ਹਸਪਤਾਲ ਵਿੱਚ ਮੰਤਰੀ ਦੇ ਡੋਪ ਟੈਸਟ ਦੀ ਪ੍ਰਕਿਰਿਆ ਨੂੰ ਲੈ ਕੇ ਆਹੋ-ਆਹਮਣੇ ਹੋਏ 'ਆਪ' ਅਤੇ ਵਿਰੋਧੀ ਧਿਰਾਂ ਦੇ ਆਗੂ

**ਖੰਨਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਿਆਂ ਦੇ ਮੁੱਦੇ 'ਤੇ ਸਿਵਲ ਹਸਪਤਾਲ ਖੰਨਾ ਵਿਖੇ ਸਿਆਸੀ ਆਗੂਆਂ ਦੇ ਹੋਣ ਵਾਲੇ ਡੋਪ ਟੈਸਟ ਮੌਕੇ ਵੱਡਾ ਵਿਵਾਦ ਹੋ ਗਿਆ। ਜਿਸ ਨੇ ਡੋਪ ਟੈਸਟ ਰਿਪੋਰਟ ਦੀ ਥਾਂ ਸੈਂਪਲ ਇੱਕਠਾ ਕਰਨ ਦੀ ਪ੍ਰਕਿਰਿਆ ਅਤੇ ਹਸਪਤਾਲ ਪ੍ਰਬੰਧਨ ਦੀ ਭੂਮਿਕਾ 'ਤੇ ਸਵਾਲ ਖੜ੍ਹੇ ਕੀਤੇ। ਪੰਜਾਬ ਦੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੀ ਡੋਪ ਟੈਸਟ ਰਿਪੋਰਟ ਨੈਗੇਟਿਵ ਆਉਣ ਤੋਂ ਬਾਅਦ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਆਗੂਆਂ ਨੇ ਗੰਭੀਰ ਸਵਾਲ ਉਠਾਏ।

ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਡੋਪ ਟੈਸਟ ਸਵੇਰੇ 11 ਵਜੇ ਨਿਰਧਾਰਤ ਕੀਤਾ ਗਿਆ ਸੀ ਅਤੇ ਮੰਤਰੀ ਸੌਂਦ ਸਰਕਾਰੀ ਹਸਪਤਾਲ ਵਿੱਚ ਲਗਪਗ 10 ਮਿੰਟ ਪਹਿਲਾਂ ਪਹੁੰਚੇ। ਉਹ ਸਿੱਧੇ ਐੱਸ.ਐੱਮ.ਓ. ਡਾ. ਮਨਿੰਦਰ ਸਿੰਘ ਭਸੀਨ ਦੇ ਕਮਰੇ ਵਿੱਚ ਗਏ ਅਤੇ ਟੈਸਟ ਲਈ ਨਮੂਨਾ ਦਿੱਤਾ ਅਤੇ ਕੁਝ ਮਿੰਟਾਂ ਬਾਅਦ ਟੈਸਟ ਦਾ ਨਤੀਜਾ ਨੈਗੇਟਿਵ ਘੋਸ਼ਿਤ ਕੀਤਾ ਗਿਆ। ਜਦੋਂ ਅਕਾਲੀ ਦਲ ਦੇ ਹਲਕਾ ਇੰਚਾਰਜ਼ ਯਾਦਵਿੰਦਰ ਸਿੰਘ ਯਾਦੂ, ਸਾਬਕਾ ਕਾਂਗਰਸੀ ਮੰਤਰੀ ਗੁਰਕੀਰਤ ਸਿੰਘ ਕੋਟਲੀ ਅਤੇ ਭਾਜਪਾ ਆਗੂ ਅਨਿਲ ਦੱਤ ਫੱਲੀ, ਅਨੁਜ ਛਾਹੜੀਆ ਅਤੇ ਐਡਵੋਕੇਟ ਚਿਰਾਂਸ਼ੂ ਰਤਨ ਸਵੇਰੇ 11 ਵਜੇ ਦੇ ਕਰੀਬ ਹਸਪਤਾਲ ਪਹੁੰਚੇ ਤਾਂ ਸਥਿਤੀ ਗਰਮਾ ਗਈ।

ਉਨ੍ਹਾਂ ਸਵਾਲ ਕੀਤਾ ਕਿ ਮੰਤਰੀ ਦਾ ਸੈਂਪਲ ਸਮੇਂ ਤੋਂ ਪਹਿਲਾਂ ਕਿਉਂ ਲਿਆ ਗਿਆ ਜਦੋਂ ਕਿ ਸਾਰਿਆਂ ਲਈ ਨਿਰਧਾਰਤ ਸਮਾਂ ਤੈਅ ਕੀਤਾ ਗਿਆ ਸੀ। ਉਨ੍ਹਾਂ ਦੋਸ਼ ਲਾਇਆ ਕਿ ਹਸਪਤਾਲ ਵਿੱਚ ਮੌਜੂਦ ਹੋਰ ਲੈਬ ਟੈਕਨੀਸ਼ੀਅਨਾਂ ਦੀ ਥਾਂ ਮੰਤਰੀ ਦਾ ਸੈਂਪਲ ਲੈਣ ਲਈ ਇੱਕ ਮਹਿਲਾ ਕਰਮਚਾਰੀ ਨੂੰ ਨਿਯੁਕਤ ਕੀਤਾ ਗਿਆ ਸੀ। ਇਸ ਲਈ ਸਵਾਲ ਪੈਦਾ ਹੁੰਦਾ ਹੈ ਕਿ ਜੇਕਰ ਹਸਪਤਾਲ ਵਿੱਚ ਹੋਰ ਪੁਰਸ਼ ਲੈਬ ਟੈਕਨੀਸ਼ੀਅਨ ਮੌਜੂਦ ਸਨ ਤਾਂ ਮੰਤਰੀ ਦੀ ਡਿਊਟੀ ਇੱਕ ਮਹਿਲਾ ਕਰਮਚਾਰੀ ਨੂੰ ਕਿਉਂ ਸੌਂਪੀ ਗਈ।



ਵਿਰੋਧੀ ਧਿਰਾਂ ਨੇ ਦੋਸ਼ ਲਗਾਇਆ ਕਿ ਸੈਂਪਲ ਲੈਣ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੋਣੀ ਚਾਹੀਦੀ ਸੀ। ਉਨ੍ਹਾਂ ਕਿਹਾ ਕਿ ਜੇਕਰ ਸਾਰੀਆਂ ਸਿਆਸੀ ਪਾਰਟੀਆਂ ਡੋਪ ਟੈਸਟ ਲਈ ਇੱਕੋ ਜਗ੍ਹਾ ਅਤੇ ਸਮੇਂ 'ਤੇ ਪਹੁੰਚੀਆਂ ਸਨ ਤਾਂ ਇਹ ਪ੍ਰਕਿਰਿਆ ਸਾਰਿਆਂ ਲਈ ਇਕਸਾਰ ਕਿਉਂ ਨਹੀਂ ਸੀ? ਇਨ੍ਹਾਂ ਸਵਾਲਾਂ ਨੂੰ ਲੈ ਕੇ ਐੱਸ.ਐੱਮ.ਓ. ਦਫ਼ਤਰ ਵਿਖੇ 'ਆਪ', ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਦੇ ਆਗੂਆਂ ਵਿਚਕਾਰ ਬਹਿਸ ਛਿੜ ਗਈ ਜਿਸ ਨੂੰ ਮੌਜੂਦ ਪੁਲੀਸ ਅਧਿਕਾਰੀਆਂ ਨੇ ਦਖ਼ਲ ਦੇ ਕੇ ਮੰਤਰੀ ਸੌਂਦ ਨੂੰ ਕਮਰੇ ਤੋਂ ਬਾਹਰ ਕੱਢਿਆ। ਇਸ ਦੌਰਾਨ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਇੱਕ ਦੂਜੇ ਵਿਰੁੱਧ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਯਾਦਵਿੰਦਰ ਸਿੰਘ ਯਾਦੂ ਅਤੇ ਗੁਰਕੀਰਤ ਸਿੰਘ ਕੋਟਲੀ ਨੇ ਵੀ ਡੋਪ ਟੈਸਟ ਕਰਵਾਏ ਜੋ ਨੈਗੇਟਿਵ ਆਏ। ਮੰਤਰੀ ਸੌਂਦ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਕੋਈ ਮੁੱਦਾ ਨਹੀਂ ਹੈ ਜੋ ਜਾਣਬੁੱਝ ਕੇ ਬੇਬੁਨਿਆਦ ਦੋਸ਼ ਲਗਾ ਰਹੀ ਹੈ। ਵਿਰੋਧੀ ਧਿਰ ਕੋਲ ਨਾ ਤਾਂ ਵਿਕਾਸ ਦੇ ਮੁੱਦਿਆਂ 'ਤੇ ਬਹਿਸ ਕਰਨ ਦੀ ਤਾਕਤ ਹੈ ਅਤੇ ਨਾ ਹੀ ਡੋਪ ਟੈਸਟ ਦੀ ਚੁਣੌਤੀ ਦਾ ਸਾਹਮਣਾ ਕਰਨ ਤੋਂ ਬਾਅਦ ਕੋਈ ਮੁੱਦਾ ਬਚਿਆ ਹੈ।

ਯਾਦੂ ਨੇ ਕਿਹਾ ਕਿ ਮੰਤਰੀ ਦੀ ਰਿਪੋਰਟ ਝੂਠੀ ਤਿਆਰ ਕੀਤੀ ਗਈ ਸੀ। ਜੇਕਰ ਮੰਤਰੀ ਨੂੰ ਰਿਪੋਰਟ 'ਤੇ ਪੂਰਾ ਭਰੋਸਾ ਹੈ ਤਾਂ ਡੋਪ ਟੈਸਟ ਲਈ ਉਨ੍ਹਾਂ ਨਾਲ ਪੀ.ਜੀ.ਆਈ. ਚੰਡੀਗੜ੍ਹ ਅਤੇ ਅੰਬਾਲਾ ਜਾਣਾ ਚਾਹੀਦਾ ਹੈ। ਸਾਬਕਾ ਕਾਂਗਰਸੀ ਮੰਤਰੀ ਕੋਟਲੀ ਨੇ ਦੋਸ਼ ਲਗਾਇਆ ਕਿ ਸੌਂਦ ਦਾ ਡੋਪ ਟੈਸਟ ਸੈਂਪਲ ਪਾਰਦਰਸ਼ੀ ਨਹੀਂ ਸੀ।

# ਰੋਪੜ ਰੋਡ ਤੋਂ ਰਾਹੋਂ ਰੋਡ ਫਿਰਨੀ ਦਾ ਵਿਧਾਇਕ ਦਿਆਲਪੁਰਾ ਨੇ ਕੀਤਾ ਉਦਘਾਟਨ



**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਾਲਤ ਬਹੁਤ ਖਸਤਾ ਹੋ ਚੁੱਕੀ ਸੀ ਜਿਸ ਕਾਰਨ ਦੁਕਾਨਦਾਰਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਸ ਸੜਕ ਦਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਸਾਂਝੇ ਤੌਰ 'ਤੇ ਉਦਘਾਟਨ ਕੀਤਾ ਗਿਆ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਉਕਤ ਸੜਕ ਉੱਪਰੋਂ ਵੱਡੀ ਗਿਣਤੀ 'ਚ ਆਵਾਜਾਈ ਵੀ ਹਰ ਰੋਜ਼ ਗੁਜ਼ਰਦੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਰੋਡ ਦਾ ਟੈਂਡਰ 19 ਲੱਖ ਰੁਪਏ ਦੇ ਨਾਲ ਪੂਰਾ ਹੋ ਚੁੱਕਿਆ ਹੈ ਜੋ ਕਿ 1 ਮਹੀਨੇ ਅੰਦਰ-ਅੰਦਰ ਬਣ ਕੇ ਤਿਆਰ ਹੋ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਜਿੱਥੇ ਸੜਕ ਇੰਟਰਲਾਕ ਨਾਲ ਬਣੀ ਹੈ ਉੱਥੇ ਟਾਈਲ ਲਗਾਈ ਜਾਵੇਗੀ ਅਤੇ ਮੁਰੰਮਤ ਵਾਲੀ ਥਾਂ ਨੂੰ ਠੀਕ ਕੀਤਾ ਜਾਵੇਗਾ। ਦੁਕਾਨਦਾਰਾਂ ਨੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਦਾ ਧੰਨਵਾਦ ਕੀਤਾ ਜਿਨ੍ਹਾਂ ਵਲੋਂ ਪਹਿਲੀ ਵਾਰ ਵਿਚ ਹੀ ਸੜਕ ਦੇ ਨਿਰਮਾਣ ਸ਼ੁਰੂ ਕਰਵਾ ਦਿੱਤਾ। ਨਗਰ ਕੌਂਸਲ ਪ੍ਰਧਾਨ ਨੇ ਕਿਹਾ ਕਿ ਇਸ ਤੋਂ ਇਲਾਵਾ 1 ਕਰੋੜ ਦੇ ਹੋਰ ਟੈਂਡਰ ਦੀ ਸ਼ਹਿਰ ਨੂੰ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਪੂਰੇ ਹੋ ਚੁੱਕੇ ਹਨ ਜੋ ਜਲਦ ਤੋਂ ਜਲਦ ਉਹ ਕੰਮ ਵੀ ਸ਼ੁਰੂ ਕੀਤੇ ਜਾਣਗੇ। ਇਸ ਤੋਂ ਇਲਾਵਾ ਜਦੋਂ ਜਦੋਂ ਨਗਰ ਕੌਂਸਲ ਪ੍ਰਧਾਨ ਨੂੰ ਖਾਲਸਾ ਚੌਂਕ ਦੇ ਨਵੀਨੀਕਰਨ ਮੁਕੰਮਲ ਹੋਣ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਖਾਲਸਾ ਚੌਂਕ ਦਾ ਕੰਮ ਸਿਰਫ 50 ਪ੍ਰਤੀਸ਼ਤ ਹੀ ਹੋਇਆ ਹੈ ਜਿਸ ਦਾ 4 ਲੱਖ ਰੁਪਏ ਦਾ ਹੋਰ ਟੈਂਡਰ ਲਗਾਇਆ ਗਿਆ ਸੀ ਜੋ ਕਿ ਪਾਸ ਹੋ ਚੁੱਕਿਆ ਹੈ।

ਉਨ੍ਹਾਂ ਕਿਹਾ ਕਿ ਇਸ ਵਿਚ ਖੰਡਾ ਲਗਾਉਣ ਤੋਂ ਬਾਅਦ ਦਿੱਖ ਨੂੰ ਹੋਰ ਸੁੰਦਰ ਬਣਾਇਆ ਜਾਵੇਗਾ ਜੋ ਕਿ ਆਉਣ ਜਾਣ ਵਾਲੇ ਰਾਹਗੀਰਾਂ ਲਈ ਆਕਰਸ਼ਣ ਦਾ ਕੇਂਦਰ ਬਣੇਗਾ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਅਮਨਦੀਪ ਸਿੰਘ ਤਨੇਜਾ, ਨੀਰਜ ਕੁਮਾਰ, ਜਸਵੀਰ ਸਿੰਘ ਭੱਟੀਆਂ ਵਾਲੇ, ਕਿਸ਼ੋਰ ਕੁਮਾਰ (ਸਾਰੇ ਕੌਂਸਲਰ), ਪਰਵੀਨ ਮੱਕੜ, ਜਸਵੀਰ ਸਿੰਘ ਗਿੱਲ ਵੀ ਮੌਜੂਦ ਸਨ।

# ਰੂਸੀ ਸਰਹੱਦ 'ਤੇ NATO ਨੇ ਵਧਾਇਆ ਫ਼ੌਜੀ ਜਮਾਵੜਾ

**ਰੀਗਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਸੀ ਸਰਹੱਦ ਨੇੜੇ NATO ਨੇ ਆਪਣੀ ਫ਼ੌਜੀ ਮੌਜੂਦਗੀ ਨੂੰ ਸਤੰਬਰ 'ਚ ਤੇਜ਼ੀ ਨਾਲ ਵਧਾਇਆ ਹੈ। ਉਸ ਨੇ ਉੱਤਰ-ਪੂਰਬੀ ਮੋਰਚੇ 'ਤੇ ਬਹੁ-ਰਾਸ਼ਟਰੀ ਬਟਾਲੀਅਨ ਤਾਇਨਾਤ ਕਰ ਦਿੱਤੀ ਹੈ ਅਤੇ ਫ਼ਰੰਟ ਲਾਈਨ 'ਚ ਫ਼ੌਜੀਆਂ ਦੀ ਗਿਣਤੀ ਨੂੰ ਕਾਫ਼ੀ ਵਧਾ ਦਿੱਤਾ ਹੈ। NATO ਨੇ ਲਾਤਵੀਆ 'ਚ ਤਾਇਨਾਤ ਆਪਣੇ ਮਲਟੀਨੈਸ਼ਨਲ ਬੈਟਲ ਗਰੁੱਪ ਦਾ ਵਿਸਥਾਰ ਕਰ ਕੇ ਉਸ ਨੂੰ NATO ਮਲਟੀਨੈਸ਼ਨਲ ਬ੍ਰਿਗੇਡ ਲਾਤਵੀਆ ਦੇ ਰੂਪ 'ਚ ਅੱਪਗ੍ਰੇਡ ਕੀਤਾ ਹੈ। ਇਸ ਬ੍ਰਿਗੇਡ ਨੇ ਆਪਣੀ ਪੂਰੀ ਜੰਗੀ ਤਿਆਰੀ ਹਾਸਿਲ ਕਰ ਲਈ ਹੈ। ਇਸ ਨਵੀਂ ਬ੍ਰਿਗੇਡ 'ਚ 3,500 ਤੋਂ ਵੱਧ ਫ਼ੌਜੀ ਸ਼ਾਮਿਲ ਹਨ। ਇਸ ਫ਼ੌਜੀ ਟੁਕੜੀ ਦੀ ਅਗਵਾਈ ਕੈਨੇਡਾ ਕਰ ਰਿਹਾ ਹੈ ਅਤੇ ਉਸ ਦੇ ਆਪਣੇ 2, 200 ਫ਼ੌਜੀ ਇਸ 'ਚ ਤਾਇਨਾਤ ਹਨ। ਇੱਥੇ ਕੁੱਲ 14 ਦੇਸ਼ਾਂ ਦੇ ਫ਼ੌਜੀ ਆਧੁਨਿਕ ਹਥਿਆਰਾਂ ਨਾਲ ਡਟੇ ਹੋਏ ਹਨ। ਹਾਲ ਹੀ 'ਚ ਲਾਤਵੀਆਈ ਹਵਾਈ ਖੇਤਰ 'ਚ ਰੂਸੀ ਡਰੋਨਾਂ ਦੀ ਘੁਸਪੈਠ ਤੋਂ ਬਾਅਦ ਜਰਮਨੀ ਨੇ ਵੀ ਇੱਥੇ ਆਪਣੇ ਚਾਰ ਯੂਰੋਫਾਈਟਰ ਜੈੱਟ ਅਤੇ ਵਾਧੂ ਫ਼ੌਜੀ ਤਾਇਨਾਤ ਕੀਤੇ ਹਨ।

**12 ਹਜ਼ਾਰ ਫ਼ੌਜੀ ਕਰਨਗੇ ਜੰਗੀ ਅਭਿਆਸ:** ਰੂਸੀ ਸਰਹੱਦ ਨੇੜੇ ਲਾਤਵੀਆ ਦੇ ਪੂਰਬੀ ਖੇਤਰ ਡੌਗਾਵਪਿਲਸ 'ਚ NATO ਫ਼ੌਜੀਆਂ ਦੀ ਮੌਜੂਦਗੀ ਨੂੰ ਸਥਾਈ ਕਰ ਦਿੱਤਾ ਗਿਆ ਹੈ। ਉੱਥੇ ਲਾਤਵੀਆਈ ਫ਼ੌਜ ਅਤੇ NATO ਦੇਸ਼ ਮਿਲ ਕੇ ਨਾਮੇਜਸ-2026 ਨਾਂ ਤੋਂ ਜੰਗੀ ਅਭਿਆਸ ਕਰ ਰਹੇ ਹਨ ਜਿਸ 'ਚ 12 ਹਜ਼ਾਰ ਤੋਂ ਵੱਧ ਫ਼ੌਜੀ ਹਿੱਸਾ ਲੈ ਰਹੇ ਹਨ। ਇਹ ਅਭਿਆਸ ਅਕਤੂਬਰ ਤਕ ਚੱਲੇਗਾ। **ਪੂਰਬੀ ਮੋਰਚੇ 'ਤੇ ਇਨ੍ਹਾਂ ਦੇਸ਼ਾਂ 'ਚ NATO ਨੇ ਸਤੰਬਰ 'ਚ ਵਧਾਈ ਤਾਇਨਾਤੀ।** ਫ਼ਿਨਲੈਂਡ 'ਚ **F-35**: ਇਹ ਰੂਸ ਨਾਲ ਲੱਗਦੀ NATO ਦੀ ਸਭ ਤੋਂ ਲੰਬੀ ਸਰਹੱਦ ਹੈ। ਇਸ ਨੂੰ ਮਜ਼ਬੂਤ ਕਰਨ ਲਈ **F-35** ਸਟੈੱਲਥ ਫ਼ਾਈਟਰ ਜੈੱਟਾਂ ਦੀ ਪਹਿਲੀ ਖੇਪ ਤਾਇਨਾਤ ਕੀਤੀ ਜਾ ਰਹੀ ਹੈ। ਫ਼ਿਨਲੈਂਡ ਨੇ 14 ਸਤੰਬਰ ਨੂੰ ਫ਼ਰਾਂਸ ਦੇ ਫ਼ਾਰਵਰਡ ਡੈਟਰੈਂਸ ਪ੍ਰਮਾਣੂ ਪ੍ਰੋਗਰਾਮ 'ਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ। **ਪੋਲੈਂਡ ਹਾਈ ਐਲਰਟ 'ਤੇ:** ਇਸ ਦੀ ਸਰਹੱਦ ਯੂਕ੍ਰੇਨ ਅਤੇ ਬੇਲਾਰੂਸ ਨਾਲ ਲੱਗਦੀ ਹੈ। 17 ਸਤੰਬਰ ਨੂੰ ਪੋਲੈਂਡ ਸਰਹੱਦ ਨੇੜੇ ਯੂਕ੍ਰੇਨ 'ਤੇ ਰੂਸ ਨੇ ਭਿਆਨਕ ਹਮਲਾ ਕੀਤਾ ਸੀ। ਉਸ ਤੋਂ ਬਾਅਦ ਪੋਲੈਂਡ ਦੀ ਹਵਾਈ ਸੁਰੱਖਿਆ ਅਤੇ ਰੇਡਾਰ ਪ੍ਰਣਾਲੀਆਂ ਹਾਈ ਅਲਰਟ 'ਤੇ ਹਨ। ਉਸ ਨੇ ਯੂਕ੍ਰੇਨ ਸਰਹੱਦੀ ਚੌਕੀਆਂ ਨੇੜੇ ਬਲਾਸਟ ਵਾਲ, ਬੰਕਰਾਂ ਦਾ ਨਿਰਮਾਣ ਸ਼ੁਰੂ ਕਰ ਦਿੱਤਾ ਹੈ।



**ਨੌਰਵੇ-ਰੂਸ ਸਰਹੱਦ:** ਰੂਸ ਨਾਲ 198 ਕਿਲੋਮੀਟਰ ਲੰਬੀ ਉੱਤਰੀ ਸਰਹੱਦ ਲੱਗਦੀ ਹੈ। ਇਸੇ ਸਰਹੱਦ ਨੇੜੇ ਰੂਸ ਦਾ ਉੱਤਰੀ ਸਮੁੰਦਰੀ ਫ਼ੌਜੀ ਬੇੜਾ ਤਾਇਨਾਤ ਹੈ। ਇਸ ਲਈ ਸਤੰਬਰ 'ਚ NATO ਨੇ ਇੱਥੇ ਆਪਣੀ ਫ਼ੌਜੀ ਮੌਜੂਦਗੀ ਨੂੰ ਤੇਜ਼ੀ ਨਾਲ ਵਧਾਇਆ ਹੈ। ਪੋਰਸਾਂਗਮੋਏਨ ਬੇਸ 'ਤੇ ਆਰਕਟਿਕ ਬ੍ਰਿਗੇਡ ਦੀ ਮਾਰੂ ਹਥਿਆਰਾਂ ਦੀ ਸਮਰੱਥਾ ਨੂੰ ਕਈ ਗੁਣਾ ਵਧਾਇਆ ਗਿਆ ਹੈ।

**ਐਸਟੋਨੀਆ:** ਰੂਸ ਨਾਲ 294 ਕਿਲੋਮੀਟਰ ਪੂਰਬੀ ਸਰਹੱਦ ਸਾਂਝੀ ਕਰਦਾ ਹੈ। 21 ਸਤੰਬਰ ਤੋਂ NATO ਹਵਾਈ ਫ਼ੌਜ ਨੇ ਐਸਟੋਨੀਆਈ ਹਵਾਈ ਖੇਤਰ 'ਚ ਲੋਅ-ਐਲਟੀਟਿਊਡ ਅਤੇ ਸੁਪਰਸੋਨਿਕ ਲੜਾਕੂ ਜਹਾਜ਼ਾਂ ਦੀਆਂ ਟ੍ਰੇਨਿੰਗ ਉਡਾਣਾਂ ਸ਼ੁਰੂ ਕੀਤੀਆਂ ਹਨ।

# ਸੁਨੀਲ ਸਿਲਕ ਸਟੋਰ ਮਾਛੀਵਾੜਾ ਵਿਖੇ ਹੋਇਆ ਚੇਅਰਮੈਨ ਦੀਪਕ ਸ਼ਾਹ ਦਾ ਸਨਮਾਨ



**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀ ਵਿਸ਼ਵ ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਸਰਕਾਰ ਚੇਅਰਮੈਨ ਦੀਪਕ ਸ਼ਾਹ ਮਾਛੀਵਾੜਾ ਸਾਹਿਬ ਵਿਖੇ ਖੰਡਾ ਚੌਂਕ ਨਜ਼ਦੀਕ ਸੁਨੀਲ ਸਿਲਕ ਸਟੋਰ ਵਾਲਿਆਂ ਦੀ ਦੁਕਾਨ ਤੇ ਪੁੱਜੇ ਜਿੱਥੇ ਉਹਨਾਂ ਦਾ ਸਨਮਾਨ ਕੀਤਾ ਗਿਆ। ਹਲਕਾ ਫਤਿਹਗੜ੍ਹ ਸਾਹਿਬ ਤੋਂ ਸੂਫੀ ਸੰਤ ਸਮਾਜ ਦੇ ਇੰਚਾਰਜ ਬਾਬਾ ਸੁਖਦੇਵ ਸਿੰਘ ਈਸਾਪੁਰ ਵਾਲਿਆਂ ਨੇ ਦੱਸਿਆ ਕਿ ਬੀਤੇ ਦਿਨੀ ਪੰਜਾਬ ਦਾ ਪਹਿਲਾ ਵਿਸ਼ਵ ਸੂਫੀ ਸੰਤ ਸੰਮੇਲਨ ਮਾਛੀਵਾੜਾ ਸਾਹਿਬ ਵਿਖੇ ਕਰਵਾਇਆ ਗਿਆ ਸੀ ਜਿਸ ਵਿੱਚ ਪੂਰੇ ਪੰਜਾਬ ਭਰ ਵਿੱਚੋਂ ਡੇਰੇਦਾਰਾਂ ਅਤੇ ਸੂਫੀ ਸੰਤ, ਫਕੀਰਾਂ ਨੇ ਸ਼ਿਰਕਤ ਕੀਤੀ ਸੀ। ਉਸਦੀ ਅਪਾਰ ਸਫਲਤਾ ਤੋਂ ਬਾਅਦ ਚੇਅਰਮੈਨ ਦੀਪਕ ਸ਼ਾਹ ਉਚੇਚੇ ਤੌਰ ਤੇ ਉਹਨਾਂ ਨੂੰ ਮਾਛੀਵਾੜਾ ਸਾਹਿਬ ਮਿਲਣ ਲਈ ਪੁੱਜੇ ਸਨ।

ਉਹਨਾਂ ਦੱਸਿਆ ਕਿ ਸੁਨੀਲ ਸਿਲਕ ਸਟੋਰ ਮਾਛੀਵਾੜੇ ਵਾਲਿਆਂ ਦਾ ਚੇਅਰਮੈਨ ਦੀਪਕ ਸ਼ਾਹ ਨਾਲ ਨਿੱਘਾ ਪਿਆਰ ਅਤੇ ਸਤਿਕਾਰ ਹੈ। ਚੇਅਰਮੈਨ ਦੀਪਕ ਸ਼ਾਹ ਦਾ ਸੁਨੀਲ ਸਿਲਕ ਸਟੋਰ ਵਾਲਿਆਂ ਵੱਲੋਂ ਆਪਣੀ ਦੁਕਾਨ ਉੱਤੇ ਪੁੱਜਣ ਤੇ ਭਰਵਾਂ ਸਵਾਗਤ ਕਰਦਿਆਂ ਸਨਮਾਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਦੀਪਕ ਸ਼ਾਹ ਨੇ ਕਿਹਾ ਕਿ ਪੰਜਾਬ ਭਰ ਵਿੱਚ ਡੇਰੇਦਾਰਾਂ ਸੂਫੀ ਸੰਤ ਫਕੀਰ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਵਿਸ਼ਵ ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਦਾ ਗਠਨ ਕੀਤਾ ਗਿਆ ਹੈ। ਤੇ ਪੂਰੇ ਪੰਜਾਬ ਭਰ ਵਿੱਚ ਡੇਰੇਦਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਪ੍ਰਤੀ ਸ਼ਿਕਾਇਤਾਂ ਮਿਲਣ ਉਪਰੰਤ ਉਹਨਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਰਿਹਾ ਹੈ।

ਇਸ ਮੌਕੇ ਹਲਕਾ ਸਮਰਾਲਾ ਇੰਚਾਰਜ ਹਰਦੇਵ ਸਿੰਘ ਬਾਗ ਵਾਲੇ, ਸੁਨੀਲ ਕੁਮਾਰ, ਪਰਮਜੀਤ ਸਿੰਘ ਤਾਜੋਵਾਲ ਦੁਆਬਾ ਜੋਨ ਸੈਕਟਰੀ, ਸੁਰਪ੍ਰੀਤ ਸਿੰਘ ਸੈਕਟਰੀ ਭੁਲੱਥ ਵੀ ਮੌਜੂਦ ਸਨ।

# ਮੁੱਖ ਚੋਣ ਕਮਿਸ਼ਨਰ ਖ਼ਿਲਾਫ਼ ਸੜਕਾਂ 'ਤੇ ਉੱਤਰੀ ਕਾਂਗਰਸ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਵੱਲੋਂ ਦੇਸ਼ ਭਰ ਵਿੱਚ ਭਾਰਤੀ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਨੂੰ ਲੈ ਕੇ ਲਗਾਤਾਰ ਸਵਾਲ ਚੁੱਕੇ ਜਾ ਰਹੇ ਹਨ। ਇਸੇ ਦੌਰਾਨ ਅੱਜ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਕਾਂਗਰਸ ਪੰਜਾਬ ਦੀਆਂ ਸੜਕਾਂ 'ਤੇ ਉੱਤਰ ਆਈ। ਪਾਰਟੀ ਵੱਲੋਂ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰ 'ਤੇ ਗਿਆਨੇਸ਼ ਕੁਮਾਰ ਖ਼ਿਲਾਫ਼ ਮੁਜ਼ਾਹਰੇ ਕੀਤੇ ਗਏ ਅਤੇ ਗਿਆਨੇਸ਼ ਕੁਮਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਸਾੜੇ ਗਏ।

ਇਸ ਮੌਕੇ ਗਿਆਨੇਸ਼ ਕੁਮਾਰ ਨੂੰ ਹਟਾਉਣ ਅਤੇ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਗਈ।

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਵੱਡੀ ਗਿਣਤੀ ਕਾਂਗਰਸੀਆਂ ਨੇ ਫਿਰੋਜ਼ਪੁਰ ਵਿਖੇ ਪ੍ਰਦਰਸ਼ਨ ਕੀਤਾ ਗਿਆ। ਇਸ ਤੋਂ ਇਲਾਵਾ ਹੋਰ ਜ਼ਿਲ੍ਹਿਆਂ ਵਿੱਚ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੀਨੀਅਰ ਆਗੂਆਂ ਦੀ ਅਗਵਾਈ ਹੇਠ ਪ੍ਰਦਰਸ਼ਨ ਕੀਤੇ ਗਏ। ਕਾਂਗਰਸੀਆਂ ਨੇ ਕਿਹਾ ਕਿ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਦੇਸ਼ ਦੀ ਚੋਣ ਪ੍ਰਕਿਰਿਆ ਨੂੰ ਖਰਾਬ ਕਰ ਦਿੱਤਾ ਹੈ। ਚੋਣ ਕਮਿਸ਼ਨ ਵੱਲੋਂ ਦੇਸ਼ ਭਰ ਵਿੱਚ ਕਰਵਾਈ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ ਆਈ ਆਰ) ਦੌਰਾਨ 14 ਕਰੋੜ ਦੇ ਕਰੀਬ ਵੋਟਰਾਂ ਦੀਆਂ ਵੋਟਾਂ ਕੱਟੀਆਂ ਗਈਆਂ ਹਨ, ਜਿਨ੍ਹਾਂ ਸੂਬਿਆਂ ਵਿੱਚ ਐੱਸ ਆਈ ਆਰ ਦੌਰਾਨ ਵੋਟਾਂ ਕੱਟੀਆਂ ਗਈਆਂ ਹਨ, ਉੱਥੇ ਭਾਜਪਾ ਨੇ ਆਪਣੀ ਸਰਕਾਰ ਬਣਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਇਸ ਵਿੱਚ ਸਭ ਤੋਂ ਵੱਧ ਬਿਹਾਰ, ਪੱਛਮੀ ਬੰਗਾਲ, ਮੱਧ ਪ੍ਰਦੇਸ਼, ਛੱਤੀਸਗੜ੍ਹ ਤੇ ਹਰਿਆਣਾ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੀ ਐੱਸ ਆਈ ਆਰ ਦੌਰਾਨ 20 ਲੱਖ ਤੋਂ ਵੱਧ ਵੋਟਰਾਂ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ। ਇਸ ਲਈ ਪੰਜਾਬ ਦੀਆਂ ਚੋਣਾਂ ਪੁਰਾਣੀ ਵੋਟਰ ਸੂਚੀਆਂ ਦੇ ਆਧਾਰ 'ਤੇ ਕਰਵਾਈ ਜਾਣੀਆਂ ਚਾਹੀਦੀਆਂ ਹਨ।



# ਝੋਨੇ ਦੀ ਖ਼ਰੀਦ ਲਈ 42,786 ਕਰੋੜ ਦੀ ਨਗਦ ਕਰਜ਼ਾ ਹੱਦ ਮਨਜ਼ੂਰ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਸੂਬੇ ਵਿੱਚ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਸਰਕਾਰੀ ਖ਼ਰੀਦ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਸ ਦੇ ਨਾਲ ਹੀ ਕੇਂਦਰ ਸਰਕਾਰ ਨੇ ਪੰਜਾਬ ਵਿੱਚ ਝੋਨੇ ਦੀ ਖ਼ਰੀਦ ਤੋਂ ਪਹਿਲਾਂ ਅਕਤੂਬਰ ਮਹੀਨੇ ਲਈ 42786.68 ਕਰੋੜ ਰੁਪਏ ਦੀ ਨਗਦ ਕਰਜ਼ਾ ਹੱਦ (ਸੀ ਸੀ ਐੱਲ) ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਸੀ ਸੀ ਐੱਲ ਦੀ ਮਨਜ਼ੂਰੀ ਮਿਲਣ ਨਾਲ ਸੂਬਾ ਸਰਕਾਰ ਵੱਲੋਂ ਖ਼ਰੀਦੇ ਜਾਣ ਵਾਲੇ ਝੋਨੇ ਲਈ ਕਿਸਾਨਾਂ ਨੂੰ ਤੁਰੰਤ ਅਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਸਕੇਗਾ। ਇਸ ਤੋਂ ਇਲਾਵਾ ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਭਰਾਈ ਲਈ 5 ਲੱਖ ਬਾਰਦਾਨਾ ਵੀ ਪਹੁੰਚ ਗਿਆ ਹੈ। ਪੰਜਾਬ ਸਰਕਾਰ ਨੇ ਝੋਨੇ ਦੇ ਖ਼ਰੀਦ ਸੀਜ਼ਨ 2026-27 ਦੌਰਾਨ 180 ਲੱਖ ਮੀਟਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਮਿਥਿਆ ਹੈ। ਇਸ ਸੀਜ਼ਨ ਦੌਰਾਨ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦੀ ਜਾਵੇਗੀ।



ਝੋਨੇ ਦੀ ਖ਼ਰੀਦ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੂਬੇ ਭਰ ਵਿੱਚ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਅਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦੇਗੀ ਅਤੇ ਬਾਹਰੀ ਸੂਬਿਆਂ ਤੋਂ ਪੰਜਾਬ ਦੀਆਂ ਮੰਡੀਆਂ 'ਚ ਇੱਕ ਵੀ ਦਾਣਾ ਨਹੀਂ ਆਉਣ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਅਤੇ ਇਸ ਦਾ ਨਿਰਵਿਘਨ ਸੰਚਾਲਨ ਯਕੀਨੀ ਬਣਾਉਣ ਲਈ ਉਹ ਖ਼ੁਦ ਅਤੇ ਪੰਜਾਬ ਦੇ ਸਾਰੇ ਮੰਤਰੀ ਤੇ ਵਿਧਾਇਕ ਮੰਡੀਆਂ ਦਾ ਖ਼ੁਦ ਦੌਰਾ ਕਰਨਗੇ।

# ਗੋਲਡੀ ਬਰਾੜ ਦੇ ਸਿਰ 'ਤੇ ਸਾਢੇ ਨੌਂ ਕਰੋੜ ਰੁਪਏ ਦਾ ਇਨਾਮ ਐਲਾਨਿਆ; ਅਮਰੀਕਾ ਦੀ 10 ਮੋਸਟ ਵਾਂਟੇਡ ਸੂਚੀ ਵਿੱਚ ਸ਼ਾਮਲ ਹੈ ਗੋਲਡੀ ਬਰਾੜ ਦਾ ਨਾਂ

**ਵੈਨਕੂਵਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਦੀ ਪ੍ਰਮੁੱਖ ਜਾਂਚ ਏਜੰਸੀ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐੱਫ.ਬੀ.ਆਈ.) ਨੇ ਕਈ ਕਥਿਤ ਵੱਡੇ ਅਪਰਾਧਾਂ ਵਿੱਚ ਨਾਮਜ਼ਦ ਕੀਤੇ ਹੋਏ ਭਾਰਤੀ ਮੂਲ ਦੇ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦੇ ਸਿਰ 'ਤੇ ਰੱਖਿਆ ਇਨਾਮ 1 ਲੱਖ ਡਾਲਰ ਤੋਂ ਵਧਾ ਕੇ 10 ਲੱਖ ਡਾਲਰ ਕਰਨ ਦਾ ਐਲਾਨ ਕੀਤਾ ਹੈ। ਉਸ ਉੱਤੇ ਜੂਨ 2023 ਵਿੱਚ ਸਰੀ ਦੇ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਿੱਚ ਮਾਰੇ ਗਏ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਸਾਜ਼ਿਸ਼ ਦਾ ਵੀ ਦੋਸ਼ ਹੈ। ਮਾਰੇ ਜਾਣ ਮੌਕੇ ਨਿੱਝਰ ਉਸੇ ਗੁਰਦੁਆਰਾ ਕਮੇਟੀ ਦਾ ਪ੍ਰਧਾਨ ਸੀ। ਕੈਨੇਡਾ ਪੁਲੀਸ ਵੱਲੋਂ ਉਸ ਕਤਲ ਦੇ ਦੋਸ਼ ਵਿੱਚ ਤਿੰਨ ਜਣਿਆਂ ਨੂੰ ਗ੍ਰਿਫ਼ਤਾਰ ਕਰਕੇ ਦੋਸ਼ ਆਇਦ ਕੀਤੇ ਗਏ ਸਨ ਅਤੇ ਮਾਮਲਾ ਅਦਾਲਤੀ ਸੁਣਵਾਈ ਅਧੀਨ ਹੈ।

ਐੱਫ.ਬੀ.ਆਈ. ਦੇ ਸਹਾਇਕ ਨਿਰਦੇਸ਼ਕ ਪੈਟਰਿਕ ਗਰੈਂਡੀ ਨੇ Los Angeles ਵਾਲੇ ਦਫ਼ਤਰ ਵਿੱਚ ਕੀਤੀ ਪੱਤਰਕਾਰ ਸੰਮੇਲਨ ਵਿੱਚ ਦੱਸਿਆ ਕਿ ਭਾਰਤ ਦੇ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਸਾਥੀ ਸਤਿੰਦਰਜੀਤ ਸਿੰਘ, ਜਿਸ ਨੂੰ ਆਮ ਕਰਕੇ ਗੋਲਡੀ ਬਰਾੜ ਵਜੋਂ ਜਾਣਿਆ ਜਾਂਦਾ ਹੈ, ਵੱਲੋਂ ਉੱਤਰੀ ਅਮਰੀਕਾ (ਯਾਨੀ ਅਮਰੀਕਾ ਅਤੇ ਕੈਨੇਡਾ) ਵਿੱਚ ਭਾੜੇ ਦੇ ਕਤਲ, ਲੁੱਟਾਂ ਅਤੇ ਫਿਰੌਤੀਆਂ ਦੇ ਦਹਿਸ਼ਤ ਦੀ ਸ਼ੁਰੂਆਤ ਕਰਨ ਕਰਕੇ ਉਸ ਨੂੰ ਅਮਰੀਕਾ ਦੀ 10 ਮੋਸਟ ਵਾਂਟੇਡ ਸੂਚੀ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ ਅਤੇ ਕੋਈ ਵੀ ਸੂਚਨਾਕਾਰ, ਜੋ ਉਸ ਦੀ ਗ੍ਰਿਫ਼ਤਾਰੀ ਵਿੱਚ ਮਦਦ ਕਰੇਗਾ, ਉਸ ਨੂੰ ਐਲਾਨਿਆ ਗਿਆ ਇਨਾਮ ਦਿੱਤਾ ਜਾਵੇਗਾ। ਉਸ ਨੇ ਕਿਹਾ ਕਿ ਗੋਲਡੀ ਬਰਾੜ ਨੂੰ ਫੜਨਾ ਉਨ੍ਹਾਂ ਦੀ ਪਹਿਲ ਵਿੱਚ ਸ਼ਾਮਲ ਹੋ ਗਿਆ ਹੈ।

ਅਧਿਕਾਰੀ ਨੇ ਦੱਸਿਆ ਕਿ ਭਾਰਤ ਦੀ ਜੇਲ੍ਹ ਵਿੱਚ ਬੈਠੇ ਲਾਰੈਂਸ ਬਿਸ਼ਨੋਈ ਵੱਲੋਂ ਜੇਲ੍ਹ ਵਿੱਚੋਂ ਅਮਰੀਕਾ-ਕੈਨੇਡਾ ਲਈ ਥਾਪੇ ਗਏ ਆਪਣੇ ਸਾਥੀ ਗੋਲਡੀ ਨੂੰ ਅਪਰਾਧ ਕਰਨ ਦੀ ਸੂਚੀ ਭੇਜੀ ਜਾਂਦੀ ਹੈ। ਇਸੇ ਪੱਤਰਕਾਰ ਸੰਮੇਲਨ ਮੌਕੇ ਕੈਨੇਡਾ ਪੁਲੀਸ ਦੀ ਉਪ ਕਮਿਸ਼ਨਰ ਲੀਜ਼ਾ ਮੋਰਲੈਂਡ ਵੀ ਹਾਜ਼ਰ ਸੀ। ਕੈਨੇਡਾ ਵੱਲੋਂ ਪਿਛਲੇ ਸਾਲ ਬਿਸ਼ਨੋਈ ਗੈਂਗ ਅਤਿਵਾਦੀ ਸੰਗਠਨ ਐਲਾਨਿਆ ਗਿਆ ਸੀ। ਪੁਲੀਸ ਅਧਿਕਾਰੀ ਅਨੁਸਾਰ ਗੋਲਡੀ ਦੇ ਅਮਰੀਕਾ ਦੇ ਕੈਲੀਫ਼ੋਰਨੀਆ ਸੂਬੇ ਵਿੱਚ ਕਿਸੇ ਥਾਂ ਜਾਂ ਕੈਨੇਡਾ ਦੇ ਕਿਸੇ ਗੁਪਤ ਠਿਕਾਣੇ 'ਤੇ ਹੋਣ ਦੀਆਂ ਸੂਚਨਾਵਾਂ ਹਨ।

ਗੌਰਤਲਬ ਹੈ ਕਿ ਕੈਨੇਡਾ ਦੇ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡਾ ਦੇ ਪਾਰਲੀਮੈਂਟ ਸੈਸ਼ਨ ਦੌਰਾਨ ਖੜ੍ਹੇ ਹੋ ਕੇ ਆਪਣੇ ਚੌਕਸੀ ਵਿਭਾਗ ਦੇ ਹਵਾਲੇ ਨਾਲ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਦੋਸ਼ ਭਾਰਤੀ ਏਜੰਸੀਆਂ ਦੇ ਸਿਰ ਮੜ੍ਹੇ ਸਨ, ਜੋ ਬਾਅਦ ਵਿੱਚ ਦੋਹਾਂ ਦੇਸ਼ਾਂ ਦੇ ਸਬੰਧਾਂ ਵਿੱਚ ਖਟਾਸ ਦਾ ਕਾਰਨ ਬਣਿਆ। ਉਸ ਤੋਂ ਬਾਅਦ ਪਹਿਲਾਂ ਕੈਨੇਡਾ ਸਰਕਾਰ ਨੇ ਭਾਰਤ ਦੇ ਕੌਂਸਲੇਟ ਜਨਰਲਾਂ ਨੂੰ ਕੈਨੇਡਾ ਵਿੱਚੋਂ ਕੱਢਿਆ ਅਤੇ ਬਦਲੇ ਵਿੱਚ ਭਾਰਤ ਨੇ ਵੀ ਇੰਜ ਦੀ ਕਾਰਵਾਈ ਕੀਤੀ ਸੀ। ਇਸ ਖਟਾਸ ਕਾਰਨ ਉਦੋਂ ਕੈਨੇਡਾ ਵੱਸੇ ਭਾਰਤੀ ਮੂਲ ਦੇ ਲੋਕਾਂ ਨੂੰ ਭਾਰਤ ਦਾ ਵੀਜ਼ਾ ਲੈਣ ਵਿੱਚ ਵੀ ਦੋ-ਢਾਈ ਮਹੀਨੇ ਕਈ ਔਖਿਆਈਆਂ ਦਾ ਸਾਹਮਣਾ ਕਰਨਾ ਪਿਆ ਸੀ। ਦੋਹਾਂ ਦੇਸ਼ਾਂ ਦਾ ਵਪਾਰ ਇੱਕ ਤਰ੍ਹਾਂ ਬੰਦ ਹੋ ਗਿਆ ਸੀ, ਜਿਸ ਨੂੰ ਮੌਜੂਦਾ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਲੰਘੇ ਫ਼ਰਵਰੀ ਮਹੀਨੇ ਭਾਰਤ ਦਾ ਦੌਰਾ ਕਰਕੇ ਸੁਧਾਰਨ ਦੇ ਯਤਨ ਅਰੰਭੇ ਹੋਏ ਹਨ।

# 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਗੋਇੰਦਵਾਲ ਸਾਹਿਬ ਵਿਖੇ ਹੋਵੇਗਾ ਵਿਸ਼ਾਲ ਸਮਾਗਮ

**ਤਰਨ ਤਾਰਨ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਦਾਣਾ ਮੰਡੀ, ਗੋਇੰਦਵਾਲ ਸਾਹਿਬ ਵਿਖੇ ਇਕ ਵਿਸ਼ਾਲ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਨਮਾਨ ਰਾਸ਼ੀ ਦੀ ਦੂਜੀ ਕਿਸ਼ਤ ਜਾਰੀ ਕਰਨਗੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੇ ਅੱਜ ਸਮਾਗਮ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ।

ਇਸ ਦੌਰਾਨ ਸਮਾਗਮ ਦੀ ਰੂਪ-ਰੇਖਾ, ਸੁਰੱਖਿਆ ਪ੍ਰਬੰਧਾਂ ਅਤੇ ਤਾਲਮੇਲ ਆਦਿ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਜ਼ਰੂਰੀ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ।



ਇਸ ਦੌਰਾਨ ਉਨ੍ਹਾਂ ਨੇ ਸਟੇਜ, ਸ਼ਾਮਿਆਨੇ, ਸਜਾਵਟ, ਸਾਊਂਡ, ਵੱਖ-ਵੱਖ ਬਲਾਕਾਂ, ਸਫ਼ਾਈ, ਪੀਣ ਵਾਲੇ ਪਾਣੀ, ਰਿਫਰੈਸ਼ਮੈਂਟ, ਨਿਰਵਿਘਨ ਬਿਜਲੀ ਸਪਲਾਈ, ਆਰਜ਼ੀ ਪਖਾਨੇ, ਸਿਹਤ ਸੇਵਾਵਾਂ, ਬੈਰੀਕੇਡਿੰਗ, ਟ੍ਰੈਫਿਕ ਪ੍ਰਬੰਧਨ ਅਤੇ ਪਾਰਕਿੰਗ ਆਦਿ ਦੇ ਪ੍ਰਬੰਧਾਂ ਸਬੰਧੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਅਤੇ ਮਿਹਨਤ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੰਜੀਵ ਕੁਮਾਰ, ਐਸ.ਪੀ ਡਾ. ਰਿਪੁਤਾਮਨ ਸਿੰਘ, ਐੱਸ.ਡੀ.ਐੱਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐੱਸ.ਡੀ.ਐੱਮ ਖਡੂਰ ਸਾਹਿਬ ਸੰਜੀਵ ਸ਼ਰਮਾ, ਐੱਸ.ਡੀ.ਐੱਮ ਪੱਟੀ ਅਮਨਦੀਪ, ਐੱਸ.ਡੀ.ਐੱਮ ਭਿੱਖੀਵਿੰਡ ਜਗਦੀਪ ਸਿੰਘ, ਡੀ.ਐੱਸ.ਪੀ ਅਤੁਲ ਸੋਨੀ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਅਨੂਪ੍ਰੀਆ ਸਿੰਘ ਅਤੇ ਡੀ.ਐਫ.ਐਸ.ਸੀ ਹਰਵੀਨ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਕਾਰਵਾਈ ਰਜਿਸਟਰ ਮਾਮਲੇ 'ਚ ਨਗਰ ਕੌਂਸਲ ਪ੍ਰਧਾਨ ਤੇ ਸਾਬਕਾ ਪ੍ਰਧਾਨ ਆਹਮੋ-ਸਾਹਮਣੇ



**ਮੂਣਕ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਕੌਂਸਲ ਲਹਿਰਾਗਾਗਾ ਦੇ ਕਾਰਵਾਈ ਰਜਿਸਟਰ ਨੂੰ ਲੈ ਕੇ ਚੱਲ ਰਿਹਾ ਵਿਵਾਦ ਸੁਲਘ ਰਿਹਾ ਹੈ। ਇਸੇ ਸੰਦਰਭ ਵਿਚ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਬਲਵਿੰਦਰ ਕੌਰ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਥਾਣੇ ਅੱਗੇ ਧਰਨਾ ਲਗਾਏ ਜਾਣ ਤੋਂ ਬਾਅਦ ਮੌਜੂਦਾ ਪ੍ਰਧਾਨ ਕਾਂਤਾ ਗੋਇਲ ਨੇ ਪ੍ਰੈਸ ਕਾਨਫਰੰਸ ਕਰਕੇ ਸਾਥੀ ਕੌਂਸਲਰਾਂ ਦੀ ਹਾਜ਼ਰੀ ਵਿਚ ਆਪਣਾ ਵੀ ਪੱਖ ਰੱਖਿਆ। ਸ੍ਰੀਮਤੀ ਕਾਂਤਾ ਗੋਇਲ ਨੇ ਕਿਹਾ ਕਿ ਬਲਵਿੰਦਰ ਕੌਰ ਵੱਲੋਂ ਨਗਰ ਕੌਂਸਲ ਦਾ ਸਰਕਾਰੀ ਕਾਰਵਾਈ ਰਜਿਸਟਰ ਦਫ਼ਤਰ ਤੋਂ ਬਾਹਰ ਲੈ ਕੇ ਜਾਣਾ ਨਿਯਮਾਂ ਅਨੁਸਾਰ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਜਾਂ ਕਿਸੇ ਹੋਰ ਕੌਂਸਲਰ ਨੂੰ ਕੌਂਸਲ ਦੀ ਕਾਰਵਾਈ ਸਬੰਧੀ ਕੋਈ ਇਤਰਾਜ਼ ਜਾਂ ਦਿੱਕਤ ਸੀ ਤਾਂ ਉਹ ਲਿਖਤੀ ਰੂਪ ਵਿੱਚ ਆਪਣੀ ਗੱਲ ਨਗਰ ਕੌਂਸਲ ਕੋਲ ਰੱਖ ਸਕਦੇ ਹਨ। ਦੂਜੇ ਪਾਸੇ ਸਾਬਕਾ ਪ੍ਰਧਾਨ ਬਲਵਿੰਦਰ ਕੌਰ ਨੇ ਕਿਹਾ ਕਿ ਕਾਰਵਾਈ ਰਜਿਸਟਰ ਵਿੱਚ ਖਾਲੀ ਪੰਨੇ ਛੱਡ ਕੇ ਅੱਗੇ ਦਸਤਖ਼ਤ ਕਰਵਾਉਣੇ ਠੀਕ ਨਹੀਂ ਹਨ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਰਜਿਸਟਰ 'ਤੇ ਦਸਤਖ਼ਤ ਕਰਵਾਉਣ ਦੀ ਪ੍ਰਕਿਰਿਆ ਅਤੇ ਇਸ ਪਿੱਛੇ ਨਗਰ ਕੌਂਸਲ ਦੇ ਪਦਾਧਿਕਾਰੀਆਂ ਦੀ ਮਨਸ਼ਾ ਬਾਰੇ ਸਵਾਲ ਉੱਠਦੇ ਹਨ। ਬਲਵਿੰਦਰ ਕੌਰ ਨੇ ਮਤੇ ਆਨਲਾਈਨ ਭੇਜਣ ਦੇ ਮਾਮਲੇ 'ਤੇ ਵੀ ਸਵਾਲ ਚੁੱਕਦਿਆਂ ਕਿਹਾ ਕਿ ਮਤਾ ਆਨਲਾਈਨ ਭੇਜਣ ਤੋਂ ਪਹਿਲਾਂ ਉਸ ਨੂੰ ਕਾਰਵਾਈ ਰਜਿਸਟਰ ਵਿੱਚ ਦਰਜ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਤੋਂ ਬਾਅਦ ਹੀ ਉਸ ਦੀ ਪੀਡੀਐੱਫ ਭੇਜੀ ਜਾਣੀ ਚਾਹੀਦੀ ਹੈ। ਉਨ੍ਹਾਂ ਇਸ ਸਬੰਧੀ ਨਗਰ ਕੌਂਸਲ ਤੋਂ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ। ਇਸ ਦੌਰਾਨ ਪ੍ਰਧਾਨ ਕਾਂਤਾ ਗੋਇਲ ਨੇ ਕੌਂਸਲਰ ਬਲਵਿੰਦਰ ਕੌਰ 'ਤੇ ਕੌਂਸਲ ਦੀਆਂ ਮੀਟਿੰਗਾਂ ਵਿੱਚ ਰੁਕਾਵਟ ਪਾਉਣ ਦੇ ਇਲਜ਼ਾਮ ਲਾਉਂਦਿਆ ਕਿਹਾ ਕਿ ਬਲਵਿੰਦਰ ਕੌਰ ਵੱਲੋਂ ਮੀਟਿੰਗਾਂ ਦੀ ਕਾਰਵਾਈ ਵਿੱਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ ਅਤੇ ਆਪਣੇ ਵਾਰਡ ਨਾਲ ਸਬੰਧਤ ਵਿਕਾਸ ਦੇ ਮੁੱਦੇ ਵੀ ਮੀਟਿੰਗਾਂ ਵਿੱਚ ਕੋਈ ਸਵਾਲ ਨਹੀਂ ਚੁੱਕੇ ਗਏ। ਸਾਬਕਾ ਪ੍ਰਧਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਥਾਣੇ ਅੱਗੇ ਲਗਾਏ ਧਰਨੇ ਨੂੰ ਲੈਕੇ ਪ੍ਰਧਾਨ ਕਾਂਤਾ ਗੋਇਲ ਨੇ ਕਿਹਾ ਕਿ ਇਹ ਮਾਮਲੇ ਨੂੰ ਸਿਆਸੀ ਰੰਗਤ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਨੂੰ ਸਿਆਸੀ ਰੋਟੀਆਂ ਸੇਕਣ ਲਈ ਮੁੱਦਾ ਚਾਹੀਦਾ ਹੈ। ਇਸ ਮੌਕੇ ਕੌਂਸਲਰ ਕਪਲਾਸ ਤਾਇਲ ਅਤੇ ਹੋਰ ਕੌਂਸਲਰਾਂ ਨੇ ਵੀ ਆਪਣਾ ਪੱਖ ਰੱਖਿਆ। ਕੌਂਸਲਰਾਂ ਮੁਤਾਬਕ ਜਿਸ ਦਿਨ ਰਜਿਸਟਰ ਨੂੰ ਲੈ ਕੇ ਵਿਵਾਦ ਹੋਇਆ, ਉਸ ਦਿਨ ਦੀ ਮੀਟਿੰਗ ਵਿੱਚ ਸਫ਼ਾਈ ਸੇਵਕਾਂ ਨੂੰ ਪੱਕਾ ਕਰਨ ਨਾਲ ਸਬੰਧਤ ਮਾਮਲੇ 'ਤੇ ਵੀ ਵਿਚਾਰ ਕੀਤਾ ਜਾਣਾ ਸੀ। ਕੌਂਸਲਰ ਰਜਨੀਸ਼ ਗੁਪਤਾ ਨੇ ਕਿਹਾ ਕਿ ਨਗਰ ਕੌਂਸਲ ਦੀ ਕਾਰਵਾਈ ਨਿਯਮਾਂ ਅਨੁਸਾਰ ਹੋਣੀ ਚਾਹੀਦੀ ਹੈ ਅਤੇ ਸਰਕਾਰੀ ਦਸਤਾਵੇਜ਼ਾਂ ਨਾਲ ਸਬੰਧਤ ਮਾਮਲਿਆਂ ਨੂੰ ਨਿਯਮਾਂ ਮੁਤਾਬਕ ਹੀ ਨਿਪਟਾਇਆ ਜਾਣਾ ਚਾਹੀਦਾ ਹੈ। ਫਿਲਹਾਲ ਕਾਰਵਾਈ ਰਜਿਸਟਰ ਨੂੰ ਲੈ ਕੇ ਦੋਵਾਂ ਧਿਰਾਂ ਵੱਲੋਂ ਵੱਖ-ਵੱਖ ਦਾਅਵੇ ਕੀਤੇ ਜਾ ਰਹੇ ਹਨ। ਮਾਮਲੇ ਸਬੰਧੀ ਦੋਵਾਂ ਪੱਖਾਂ ਦੇ ਦਾਅਵਿਆਂ ਦੀ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ ਅਤੇ ਇਹ ਵਿਵਾਦ ਲਹਿਰਾਗਾਗਾ ਦੀ ਸਥਾਨਕ ਸਿਆਸਤ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

# ਘਮਰੌਦਾ ਤੇ ਮੰਡੌਰ 'ਚ ਗੰਦੇ ਪਾਣੀ ਦੀ ਸਮੱਸਿਆ ਦਾ ਹੋਵੇਗਾ ਹੱਲ: ਡਾ. ਬਲਬੀਰ ਸਿੰਘ



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦਿਹਾਤੀ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡ ਘਮਰੌਦਾ ਅਤੇ ਮੰਡੌਰ ਵਿਖੇ ਸੈਨੀਟੇਸ਼ਨ ਅਤੇ ਛੱਪੜਾਂ ਦੇ ਨਵੀਨੀਕਰਨ ਕਾਰਜਾਂ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰ. ਦਮਨਜੀਤ ਸਿੰਘ ਮਾਨ ਅਤੇ ਐੱਸ.ਡੀ.ਐੱਮ. ਨਾਭਾ ਸ੍ਰ. ਰਵਿੰਦਰਪਾਲ ਸਿੰਘ ਸੋਂਸਲ ਵੀ ਮੌਜੂਦ ਸਨ।

ਇਸ ਤੋਂ ਇਲਾਵਾ ਡਾ. ਬਲਬੀਰ ਸਿੰਘ ਨੇ ਪਿੰਡ ਹਿਆਣਾ ਕਲਾਂ ਵਿਖੇ 24 ਘੰਟੇ ਬਿਜਲੀ ਸਪਲਾਈ ਦੀ ਸ਼ੁਰੂਆਤ ਵੀ ਕਰਵਾਈ। ਉਨ੍ਹਾਂ ਦੱਸਿਆ ਕਿ ਮੰਡੌਰ ਵਿਖੇ ਲਗਭਗ 2.5 ਕਰੋੜ ਰੁਪਏ ਅਤੇ ਘਮਰੌਦਾ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਸੈਨੀਟੇਸ਼ਨ ਅਤੇ ਛੱਪੜਾਂ ਦੇ ਨਵੀਨੀਕਰਨ ਦੇ ਕੰਮ ਸ਼ੁਰੂ ਕੀਤੇ ਗਏ ਹਨ। ਸਿਹਤ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਦੇ ਨਾਲ-ਨਾਲ ਪਾਣੀ ਨੂੰ ਸਾਫ਼ ਕਰਕੇ ਇਸ ਦੀ ਸੁਚੱਜੀ ਮੁੜ ਵਰਤੋਂ ਅਤੇ ਪਿੰਡਾਂ ਦੇ ਵਾਤਾਵਰਨ ਨੂੰ ਬਿਹਤਰ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਘਮਰੌਦਾ ਅਤੇ ਮੰਡੌਰ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਦੋਵਾਂ ਪਿੰਡਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਲੰਮੇ ਸਮੇਂ ਤੋਂ ਲੋਕਾਂ ਲਈ ਮੁਸ਼ਕਲ ਦਾ ਕਾਰਨ ਬਣੀ ਹੋਈ ਸੀ। ਇਸ ਦੇ ਹੱਲ ਲਈ ਆਧੁਨਿਕ ਸੀਵਰੇਜ ਟ੍ਰੀਟਮੈਂਟ ਪ੍ਰਣਾਲੀ ਵਿਕਸਤ ਕੀਤੀ ਜਾ ਰਹੀ ਹੈ, ਜਿਸ ਤਹਿਤ ਗੰਦੇ ਪਾਣੀ ਨੂੰ ਵੱਖ-ਵੱਖ ਪੜਾਵਾਂ ਵਿੱਚੋਂ ਲੰਘਾ ਕੇ ਸਾਫ਼ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਘਮਰੌਦਾ ਪਿੰਡ ਵਿੱਚ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਕਾਰਨ ਲਗਭਗ ਸਾਢੇ ਚਾਰ ਏਕੜ ਰਕਬੇ ਵਿੱਚ ਗੰਦਗੀ ਅਤੇ ਬਦਬੂ ਦੀ ਸਮੱਸਿਆ ਪੈਦਾ ਹੋ ਰਹੀ ਸੀ। ਹੁਣ ਇੱਥੇ ਆਧੁਨਿਕ ਤਕਨੀਕ ਰਾਹੀਂ ਸੀਵਰੇਜ ਦੇ ਪਾਣੀ ਨੂੰ ਟ੍ਰੀਟ ਕਰਨ ਲਈ ਚੈੱਕ ਬਣਾਏ ਜਾ ਰਹੇ ਹਨ। ਇਸ ਪ੍ਰਾਜੈਕਟ ਲਈ ਆਈ.ਆਈ.ਟੀ. ਰੋਪੜ ਦੀ ਤਕਨੀਕੀ ਸਹਾਇਤਾ ਵੀ ਲਈ ਜਾ ਰਹੀ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਟ੍ਰੀਟਮੈਂਟ ਤੋਂ ਬਾਅਦ ਪਾਣੀ ਦੀ ਮੁੜ ਵਰਤੋਂ ਕੀਤੀ ਜਾ ਸਕੇਗੀ ਅਤੇ ਇਸ ਵਿੱਚ ਮੱਛੀ ਪਾਲਣ ਵਰਗੀਆਂ ਗਤੀਵਿਧੀਆਂ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ। ਮੱਛੀ ਪਾਲਣ ਤੋਂ ਹੋਣ ਵਾਲੀ ਆਮਦਨ ਪੰਚਾਇਤ ਦੇ ਖਾਤੇ ਵਿੱਚ ਜਾਵੇਗੀ, ਜਿਸ ਨਾਲ ਪ੍ਰਾਜੈਕਟ ਦੀ ਦੇਖ-ਰੇਖ ਅਤੇ ਰੱਖ-ਰਖਾਅ ਲਈ ਲੋੜੀਂਦੇ ਮਨੁੱਖੀ ਸਰੋਤਾਂ ਦਾ ਪ੍ਰਬੰਧ ਕੀਤਾ ਜਾ ਸਕੇਗਾ।

ਸਿਹਤ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਨੂੰ ਸਿਰਫ਼ ਗੰਦੇ ਪਾਣੀ ਦੇ ਨਿਪਟਾਰੇ ਤੱਕ ਸੀਮਤ ਨਹੀਂ ਰੱਖਿਆ ਜਾ ਰਿਹਾ, ਸਗੋਂ ਇਨ੍ਹਾਂ ਨੂੰ ਮਾਡਲ ਵਾਤਾਵਰਨ ਪਾਰਕਾਂ ਵਜੋਂ ਵਿਕਸਤ ਕਰਨ ਦੀ ਯੋਜਨਾ ਹੈ। ਇਨ੍ਹਾਂ ਥਾਵਾਂ 'ਤੇ ਨਾਨਕ ਬਗੀਚੀ, ਪੌਦੇ ਲਗਾਉਣ, ਵਿਰਾਸਤੀ ਰੁੱਖਾਂ ਦੀ ਸੰਭਾਲ ਅਤੇ ਬਟਰਫਲਾਈ ਪਾਰਕ ਵਰਗੀਆਂ ਗਤੀਵਿਧੀਆਂ ਵਿਕਸਤ ਕੀਤੀਆਂ ਜਾਣਗੀਆਂ।

# ਪਵਨ ਦੀਵਾਨ ਦੀ ਅਗਵਾਈ ਹੇਠ ਕਾਂਗਰਸ ਦਾ ਪ੍ਰਦਰਸ਼ਨ, ਸੀਈਸੀ ਦੇ ਅਸਤੀਫ਼ੇ ਤੇ ਪੰਜਾਬ ਵਿੱਚ ਐੱਸਆਈਆਰ ਰੱਦ ਕਰਨ ਦੀ ਮੰਗ



**ਲੁਧਿਆਣਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਸਰਾਭਾ ਨਗਰ ਵਿਖੇ ਕਾਂਗਰਸੀ ਵਰਕਰਾਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਅਤੇ ਪੁਤਲਾ ਫੂਕਿਆ। ਇਸ ਦੌਰਾਨ ਵਰਕਰਾਂ ਨੇ 'ਵੋਟ ਚੋਰ, ਗੱਦੀ ਛੋੜ' ਸਮੇਤ ਵੱਖ-ਵੱਖ ਨਾਅਰੇ ਲਗਾਏ। ਪਵਨ ਦੀਵਾਨ ਨੇ ਦੋਸ਼ ਲਗਾਇਆ ਕਿ ਚੋਣ ਪ੍ਰਕਿਰਿਆ ਦੀ ਭਰੋਸੇਯੋਗਤਾ 'ਤੇ ਸਵਾਲ ਉੱਠ ਰਹੇ ਹਨ। ਉਨ੍ਹਾਂ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਵਿੱਚੋਂ ਹਟਾਏ ਗਏ ਯੋਗ ਵੋਟਰਾਂ ਦੇ ਨਾਮ ਮੁੜ ਬਹਾਲ ਕੀਤੇ ਜਾਣ ਅਤੇ ਵੋਟਰ ਸੂਚੀਆਂ ਵਿੱਚ ਤਬਦੀਲੀਆਂ ਸਬੰਧੀ ਪਾਰਦਰਸ਼ੀ ਪ੍ਰਕਿਰਿਆ ਯਕੀਨੀ ਬਣਾਈ ਜਾਵੇ। ਦੀਵਾਨ ਨੇ ਕਿਹਾ ਕਿ ਹਰ ਯੋਗ ਨਾਗਰਿਕ ਨੂੰ ਬਿਨਾਂ ਕਿਸੇ ਰੁਕਾਵਟ ਦੇ ਵੋਟ ਦਾ ਅਧਿਕਾਰ ਮਿਲਣਾ ਚਾਹੀਦਾ ਹੈ ਅਤੇ ਚੋਣ ਕਮਿਸ਼ਨ ਨੂੰ ਵੋਟਰਾਂ ਦਾ ਭਰੋਸਾ ਕਾਇਮ ਰੱਖਣ ਲਈ ਪਾਰਦਰਸ਼ੀ ਢੰਗ ਨਾਲ ਕੰਮ ਕਰਨਾ ਚਾਹੀਦਾ ਹੈ। ਪ੍ਰਦਰਸ਼ਨ ਵਿੱਚ ਸੁਸ਼ੀਲ ਮਲਹੋਤਰਾ, ਨਿੱਕੀ ਰਿਆਤ, ਜਸਵਿੰਦਰ ਓਸਾਹਨ, ਕੁਲਬੀਰ ਨੀਟਾ, ਰੋਹਿਤ ਪਾਹਵਾ, ਦੀਪਕ ਹੰਸ, ਬ੍ਰਿਜ ਮੋਹਨ ਕਾਲੀਆ, ਬਲਜੀਤ ਆਹੂਜਾ, ਅਵਤਾਰ ਸਿੰਘ, ਮੋਹਿਤ ਚੁੱਘ, ਹਰਭਗਤ ਗਰੇਵਾਲ, ਗੁਰਨਾਮ ਸਿੰਘ ਕਲੇਰ ਸਮੇਤ ਕਈ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# 70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ/14 ਲੜਕਿਆਂ ਦੇ ਵਾਲੀਬਾਲ ਮੁਕਾਬਲਿਆਂ ਦਾ ਹੋਇਆ ਆਗਾਜ਼



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕਿਆਂ ਦਾ ਵਾਲੀਬਾਲ ਟੂਰਨਾਮੈਂਟ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨਜ਼ ਪਟਿਆਲਾ ਵਿਖੇ ਮਿਤੀ 3 ਅਕਤੂਬਰ ਤੋਂ 1 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਵਾਲੀਬਾਲ ਦੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਅੱਜ ਦੇ ਹੋਏ ਮੁਕਾਬਲਿਆਂ ਵਿੱਚ ਗੁਰਦਾਸਪੁਰ ਦੇ ਰੂਪ ਨਗਰ ਨੂੰ,ਹੁਸ਼ਿਆਰਪੁਰ ਨੇ ਫਤਿਹਗੜ੍ਹ ਸਾਹਿਬ ਨੂੰ,ਕਪੂਰਥਲੇ ਨੇ ਸ਼ਹੀਦ ਭਗਤ ਸਿੰਘ ਨਗਰ ਨੂੰ, ਪਠਾਨਕੋਟ ਨੇ ਮੋਗੇ ਨੂੰ ਹਰਾਇਆ।ਇਸ ਮੌਕੇ ਤੇ ਰਾਜਿੰਦਰ ਸਿੰਘ,ਦਵਿੰਦਰ ਸਿੰਘ,ਭਰਪੂਰ ਸਿੰਘ,ਗੁਰਪ੍ਰੀਤ ਸਿੰਘ ਟਿਵਾਣਾ,ਰੁਪਿੰਦਰ ਕੌਰ, ਕੁਲਦੀਪ ਕੌਰ,ਹਰਪ੍ਰੀਤ ਕੌਰ, ਜਸਵੀਰ ਕੌਰ,ਜਸਵਿੰਦਰ ਖਾਨ, ਬਹਾਦਰ ਸਿੰਘ,ਰਾਜਨਪ੍ਰੀਤ ਕੌਰ,ਸ਼ਿਵ ਭੰਡੀਰ,ਰਾਕੇਸ਼ ਕੁਮਾਰ,ਸੁਨੀਲ ਕੁਮਾਰ,ਹਰਜੀਤ ਸਿੰਘ,ਬਲਕਾਰ ਸਿੰਘ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਰਾਮਪੁਰ ਕਲਾਂ ਵਿਖੇ ਲੋਕ ਮਿਲਣੀ ਦੌਰਾਨ ਵਿਧਾਇਕ ਦਿਨੇਸ਼ ਚੱਢਾ ਨੇ 5 ਲੱਖ ਦੀ ਗ੍ਰਾਂਟ ਭੇਟ ਕੀਤੀ

**ਨੂਰਪੁਰਬੇਦੀ 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਪਿੰਡ ਰਾਮਪੁਰ ਕਲਾਂ ਵਿਖੇ ਲੋਕ ਮਿਲਣੀ ਕਰਵਾਈ ਗਈ। ਇਸ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਲਈ ਗ੍ਰਾਮ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਪ੍ਰਦਾਨ ਕੀਤੀ ਗਈ। ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲੋੜ ਅਨੁਸਾਰ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਵਿਕਾਸ ਕਾਰਜਾਂ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਅਤੇ ਮੰਗਾਂ ਵਿਧਾਇਕ ਦੇ ਧਿਆਨ ਵਿੱਚ ਲਿਆਂਦੀਆਂ। ਵਿਧਾਇਕ ਨੇ ਲੋਕਾਂ ਦੀਆਂ ਗੱਲਾਂ ਸੁਣਦਿਆਂ ਕਿਹਾ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ।

# ਪਟਿਆਲਾ ਨਗਰ ਨਿਗਮ ਚੋਣਾਂ ਮਾਮਲੇ 'ਚ ਸੁਪਰੀਮ ਕੋਰਟ ਵੱਲੋਂ ਫੈਕਟ-ਫਾਇੰਡਿੰਗ ਕਮੇਟੀ ਦੀ ਰਿਪੋਰਟ ਸਵੀਕਾਰ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਲੜਾਈ ਨੂੰ ਲੈ ਕੇ ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਨੇ ਪਟਿਆਲਾ ਵਾਸੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਫੈਕਟ-ਫਾਇਡਿੰਗ ਕਮੇਟੀ ਦੀ ਰਿਪੋਰਟ ਨੂੰ ਮਾਨਤਾ ਦਿੱਤੇ ਜਾਣ ਨਾਲ ਪਟਿਆਲਾ ਦੇ ਲੋਕਾਂ ਵੱਲੋਂ ਲੋਕਤੰਤਰਿਕ ਹੱਕਾਂ ਲਈ



ਲੜੀ ਜਾ ਰਹੀ ਲੜਾਈ ਨੂੰ ਵੱਡਾ ਬਲ ਮਿਲਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਵੱਲੋਂ ਪਿਛਲੇ ਢਾਈ ਸਾਲ ਤੋਂ ਇਸ ਮਾਮਲੇ ਨੂੰ ਲਗਾਤਾਰ ਕਾਨੂੰਨੀ ਅਤੇ ਲੋਕਤੰਤਰਿਕ ਪੱਧਰ 'ਤੇ ਉਠਾਇਆ ਜਾ ਰਿਹਾ ਸੀ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਪਟਿਆਲਾ ਨਗਰ ਨਿਗਮ ਚੋਣਾਂ ਦੌਰਾਨ ਨਾਮਜ਼ਦਗੀਆਂ ਨਾਲ ਸਬੰਧਤ ਕਈ ਗੰਭੀਰ ਸਵਾਲ ਉੱਠੇ ਸਨ, ਜਿਸ ਤੋਂ ਬਾਅਦ ਇਸ ਮਾਮਲੇ ਨੂੰ ਕਾਨੂੰਨੀ ਤੌਰ 'ਤੇ ਅੱਗੇ ਲਿਜਾਇਆ ਗਿਆ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ ਜਸਟਿਸ ਨਿਰਮਲਜੀਤ ਕੌਰ ਦੀ ਅਗਵਾਈ ਵਿੱਚ ਬਣੀ ਫੈਕਟ-ਫਾਇਡਿੰਗ ਕਮੇਟੀ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਆਪਣੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਅਨੁਸਾਰ ਹੁਣ ਇਸ ਰਿਪੋਰਟ ਨੂੰ ਸੁਪਰੀਮ ਕੋਰਟ ਵੱਲੋਂ ਸਵੀਕਾਰ ਕੀਤੇ ਜਾਣ ਨਾਲ ਇਸ ਮਾਮਲੇ ਵਿੱਚ ਅਗਲੀ ਕਾਨੂੰਨੀ ਕਾਰਵਾਈ ਲਈ ਰਾਹ ਖੁੱਲ੍ਹਿਆ ਹੈ।

ਮੋਹਿੰਦਰਾ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਉਨ੍ਹਾਂ ਸਾਰੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਇਸ ਲੜਾਈ ਵਿੱਚ ਉਨ੍ਹਾਂ ਦਾ ਸਾਥ ਦਿੱਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਪਟਿਆਲਾ ਦੇ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਸਮੇਤ ਪਾਰਟੀ ਦੀ ਸੂਬਾਈ ਲੀਡਰਸ਼ਿਪ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਉਠਾਇਆ। ਉਨ੍ਹਾਂ ਸੀਨੀਅਰ ਐਡਵੋਕੇਟ ਵਿਵੇਕ ਤਨਖਾਹ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਕਾਨੂੰਨੀ ਤੌਰ 'ਤੇ ਪੇਸ਼ ਕੀਤਾ।

ਸਾਬਕਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਨੇ ਕਿਹਾ ਕਿ ਨਗਰ ਨਿਗਮ ਚੋਣਾਂ ਦੌਰਾਨ ਕਈ ਕਾਂਗਰਸੀ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾ ਖ਼ਲ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਅਤੇ ਉਨ੍ਹਾਂ ਦੇ ਲੋਕਤੰਤਰਿਕ ਹੱਕਾਂ ਵਿੱਚ ਰੁਕਾਵਟਾਂ ਪੈਦਾ ਕੀਤੀਆਂ ਗਈਆਂ।

# ਸੂਬੇ ਵਿੱਚ ਪੀਜ਼ਾ ਨਾਲੋਂ ਵੀ ਤੇਜ਼ੀ ਨਾਲ ਹੋ ਰਹੀ ਹੈ ਨਸ਼ਿਆਂ ਦੀ ਹੋਮ ਡਿਲੀਵਰੀ': ਸੰਜੇ ਭਾਟੀਆ

**ਨਾਭਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਦੇ ਰਾਜ ਸਭਾ ਮੈਂਬਰ ਸੰਜੇ ਭਾਟੀਆ ਨੇ ਕਿਹਾ ਹੈ ਕਿ ਨਸ਼ਿਆਂ ਦੀ ਸਮੱਸਿਆ ਸਿਰਫ਼ ਪੰਜਾਬ ਜਾਂ ਭਾਰਤ ਤੱਕ ਸੀਮਤ ਨਹੀਂ, ਸਗੋਂ ਪੂਰੀ ਦੁਨੀਆ ਲਈ ਚੁਣੌਤੀ ਹੈ ਅਤੇ ਅਸਲ ਫ਼ਰਕ ਇਸ ਗੱਲ ਦਾ ਹੁੰਦਾ ਹੈ ਕਿ ਸਰਕਾਰਾਂ ਇਸ ਨਾਲ ਕਿਵੇਂ ਨਜਿੱਠਦੀਆਂ ਹਨ।

ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਸੋਮਵਾਰ ਨੂੰ ਨਾਭਾ ਪੁੱਜੇ ਭਾਟੀਆ ਇਹ ਜਵਾਬ ਉਸ ਵੇਲੇ ਦੇ ਰਹੇ ਸਨ ਜਦੋਂ ਪੱਤਰਕਾਰਾਂ ਨੇ ਉਨ੍ਹਾਂ ਤੋਂ ਪੁੱਛਿਆ ਕਿ ਭਾਜਪਾ ਨੇ ਹੁਣ ਤੱਕ ਆਪਣੇ ਕਿੰਨੇ ਸ਼ਾਸਿਤ ਰਾਜਾਂ ਨੂੰ ਨਸ਼ਾ ਮੁਕਤ ਬਣਾਇਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਰਗੀ ਸਮੱਸਿਆ ਦਾ ਪੂਰੀ ਤਰ੍ਹਾਂ ਖ਼ਾਤਮਾ ਕਿਸੇ ਇੱਕ ਸੂਬੇ ਵਿੱਚ ਨਹੀਂ ਹੋਇਆ, ਪਰ ਭਾਜਪਾ ਸ਼ਾਸਿਤ ਰਾਜਾਂ ਵਿੱਚ ਇਸ ਖ਼ਿਲਾਫ਼ ਸਖ਼ਤ ਅਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਸੋਮਵਾਰ ਨੂੰ ਨਾਭਾ ਪੁੱਜੀ, ਜਿੱਥੇ ਰਾਜ ਸਭਾ ਮੈਂਬਰ ਸੰਜੇ ਭਾਟੀਆ ਦਾ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ, ਨੌਜਵਾਨ ਆਗੂ ਵਿਸ਼ਾਲ ਸ਼ਰਮਾ ਅਤੇ ਹੋਰ ਸਥਾਨਕ ਆਗੂਆਂ ਵੱਲੋਂ ਸਵਾਗਤ ਕੀਤਾ ਗਿਆ। ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਜਦੋਂ ਪੱਤਰਕਾਰਾਂ ਨੇ



ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਅਧੀਨ ਹਨ, ਫਿਰ ਵੀ ਨਸ਼ੀਲੇ ਪਦਾਰਥ ਪੰਜਾਬ ਤੱਕ ਪਹੁੰਚ ਜਾਂਦੇ ਹਨ, ਤਾਂ ਭਾਟੀਆ ਨੇ ਕਿਹਾ ਕਿ ਸਰਹੱਦ ਪਾਰੋਂ ਨਸ਼ੇ ਆਉਣ ਦਾ ਮੁੱਦਾ ਆਪਣੀ ਥਾਂ ਹੈ, ਪਰ ਪੰਜਾਬ ਸਰਕਾਰ ਸੂਬੇ ਦੇ ਅੰਦਰ ਨਸ਼ਿਆਂ ਦੀ ਸਪਲਾਈ ਅਤੇ ਵੰਡ ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਹੋਮ ਡਿਲੀਵਰੀ ਹੋ ਰਹੀ ਹੈ ਅਤੇ ਇਹ ਪੀਜ਼ਾ ਦੀ ਡਿਲੀਵਰੀ ਨਾਲੋਂ ਵੀ ਤੇਜ਼ੀ ਨਾਲ ਲੋਕਾਂ ਤੱਕ ਪਹੁੰਚ ਰਹੇ ਹਨ। ਭਾਟੀਆ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਭ੍ਰਿਸ਼ਟਾਚਾਰ ਕਾਰਨ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਭਿਆਨਕ ਰੂਪ ਧਾਰ ਚੁੱਕੀ ਹੈ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਪੰਜਾਬ ਵਿੱਚ ਪੁਲੀਸ 'ਤੇ ਉੱਚ ਲੀਡਰਸ਼ਿਪ ਵੱਲੋਂ ਨਸ਼ਾ ਤਸਕਰਾਂ ਨੂੰ ਬਚਾਉਣ ਲਈ ਦਬਾਅ ਬਣਾਇਆ ਜਾਂਦਾ ਹੈ। ਉਨ੍ਹਾਂ ਦੇ ਅਨੁਸਾਰ ਭਾਜਪਾ ਸ਼ਾਸਿਤ ਰਾਜਾਂ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਤੁਰੰਤ ਕਾਰਵਾਈ ਹੁੰਦੀ ਹੈ, ਜਦਕਿ ਪੰਜਾਬ ਪੁਲੀਸ ਨੂੰ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਉਨ੍ਹਾਂ ਨਾਲ ਨਜਿੱਠਣ ਵਿੱਚ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਭਾਟੀਆ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਾ ਸਥਾਈ ਹੱਲ ਸਿਰਫ਼ ਭਾਜਪਾ ਹੀ ਕਰ ਸਕਦੀ ਹੈ ਅਤੇ ਪਾਰਟੀ ਨੂੰ ਮੌਕਾ ਮਿਲਣ 'ਤੇ ਨਸ਼ਾ ਤਸਕਰੀ ਅਤੇ ਨਸ਼ਿਆਂ ਦੇ ਕਾਰੋਬਾਰ ਖ਼ਿਲਾਫ਼ ਸਖ਼ਤ ਮੁਹਿੰਮ ਚਲਾਈ ਜਾਵੇਗੀ।

# ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਭਾਜਪਾ ਦੀ 'ਨਸ਼ਾ ਮੁਕਤ ਯਾਤਰਾ' ਮੁਕੇਰੀਆਂ ਪੁੱਜੀ

**ਮੁਕੇਰੀਆਂ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਾਜਪਾ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਦੂਜੇ ਦਿਨ ਮੁਕੇਰੀਆਂ ਹਲਕੇ ਵਿੱਚ ਯਾਤਰਾ ਦੀ ਸ਼ੁਰੂਆਤ ਹਾਜੀਪੁਰ ਤੋਂ ਹੋਈ।



ਸਾਬਕਾ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ, ਜਨਰਲ ਸਕੱਤਰ ਪਰਮਿੰਦਰ ਬਰਾੜ, ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਤੋਂ ਵਿਧਾਇਕ ਸ਼ਗੁਨ ਪਰਿਹਾਰ, ਸਾਬਕਾ ਕੇਂਦਰੀ ਮੰਤਰੀ ਵਿਜੈ ਸਾਂਪਲਾ, ਹਲਕਾ ਵਿਧਾਇਕ ਜੰਗੀ ਲਾਲ ਮਹਾਜਨ, ਜ਼ਿਲ੍ਹਾ ਪ੍ਰਧਾਨ ਸੰਜੀਵ ਮਨਹਾਸ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਜੈ ਕੌਸ਼ਲ ਸੇਠੂ ਸਮੇਤ ਹੋਰਨਾਂ ਆਗੂਆਂ ਦੀ ਅਗਵਾਈ ਹੇਠ ਇਹ ਯਾਤਰਾ ਗੱਡੀਆਂ, ਰੱਥਾਂ, ਟਰੈਕਟਰ-ਟਰਾਲੀਆਂ ਅਤੇ ਮੋਟਰਸਾਈਕਲਾਂ ਦੇ ਕਾਫ਼ਲੇ ਨਾਲ ਹਾਜੀਪੁਰ ਤੋਂ ਖੁੰਦਪੁਰ ਸਮੇਤ ਵੱਖ-ਵੱਖ ਪਿੰਡਾਂ ਵਿੱਚੋਂ ਹੁੰਦੀ ਹੋਈ ਮੁਕੇਰੀਆਂ ਪਹੁੰਚੀ। ਇਸ ਦੌਰਾਨ ਭਾਜਪਾ ਆਗੂਆਂ ਤੇ ਵਰਕਰਾਂ ਨੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੱਤਾ। ਮੁਕੇਰੀਆਂ ਪਹੁੰਚਣ 'ਤੇ ਪ੍ਰਦੀਪ ਪਲਾਹਾ ਅਤੇ ਮਾਤਾ ਰਾਣੀ ਚੌਂਕ ਵਿਖੇ ਸਨਤ ਮਹਾਜਨ ਦੀ ਅਗਵਾਈ ਹੇਠ ਨੌਜਵਾਨਾਂ ਵੱਲੋਂ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਉਪਰੰਤ ਯਾਤਰਾ ਦੁਸ਼ਹਿਰਾ ਗਰਾਊਂਡ ਵਿਖੇ ਪਹੁੰਚੀ, ਜਿੱਥੇ ਹੋਈ ਇਕੱਤਰਤਾ ਨੂੰ ਭਾਜਪਾ ਆਗੂਆਂ ਨੇ ਸੰਬੋਧਨ ਕੀਤਾ। ਭਾਰੀ ਇੱਕਠ ਨੂੰ ਸੰਬੋਧਨ ਕਰਦਿਆ ਭਾਜਪਾ ਸਾਬਕਾ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਨੌਜਵਾਨਾਂ ਦੀਆਂ ਨਸ਼ੇ ਕਾਰਨ ਹੋ ਰਹੀਆਂ ਮੌਤਾਂ ਲਈ ਪੰਜਾਬ ਸਰਕਾਰ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਯਾਤਰਾ ਦਾ ਮਕਸਦ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਅਤੇ ਕਿਸੇ ਹੋਰ ਨੌਜਵਾਨ ਨੂੰ ਨਸ਼ੇ ਦੀ ਭੇਟ ਚੜ੍ਹਨ ਤੋਂ ਬਚਾਉਣਾ ਹੈ।

ਇਸ ਮੌਕੇ ਆਪਣੇ ਸੰਬੋਧਨ ਰਾਂਹੀ ਮੁਕੇਰੀਆਂ ਵਿਧਾਇਕ ਜੰਗੀ ਲਾਲ ਮਹਾਜਨ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰੀ ਦੀ ਲੜੀ ਤੋੜਨ , ਨੌਜਵਾਨਾਂ ਦੇ ਪੁਨਰਵਾਰ ਅਤੇ ਨਸ਼ਿਆਂ ਵਿੱਚ ਲੱਗ ਰਹੇ ਪੈਸੇ ਦੇ ਸਰੋਤਾਂ ਨੂੰ ਰੋਕਣ ਲਈ ਸਖ਼ਤ ਕਦਮ ਲੋੜੀਂਦੇ ਹਨ ।

# ਵਿਸ਼ਵ ਰੇਬੀਜ਼ ਦਿਵਸ ਮੌਕੇ ਲੋਕਾਂ ਨੂੰ ਕੀਤਾ ਜਾਗਰੂਕ



**ਸੰਦੌੜ 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਮਾਲੇਰਕੋਟਲਾ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜੀ ਐਸ ਭਿੰਡਰ ਦੀ ਅਗਵਾਈ ਹੇਠ ਸਿਹਤ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖ਼ੇ ਵਿਸ਼ਵ ਰੇਬੀਜ਼ ਦਿਵਸ' ਨੂੰ ਮੁੱਖ ਰੱਖਦੇ ਹੋਏ ਲੋਕਾਂ ਨੂੰ ਰੇਬੀਜ਼ ਦੀ ਬਿਮਾਰੀ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬਲਾਕ ਬੀ ਈ ਈ ਹਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਸਾਲ ਵਿਸ਼ਵ ਰੇਬੀਜ਼ ਦਿਵਸ ਦਾ ਥੀਮ ਇਕੱਠੇ ਹੋ ਕੇ ਵਧੇਰੇ ਮਜ਼ਬੂਤ ਹੈ। ਇਸ ਮੌਕੇ ਮਿੱਠੇਵਾਲ ਸਿਹਤ ਕੇਂਦਰ ਵਿਖ਼ੇ ਲੋਕਾਂ ਨੂੰ ਜਾਗਰੂਕ ਕਰਦਿਆਂ ਸਿਹਤ ਕਰਮਚਾਰੀ ਸ੍ਰੀ ਰਾਜੇਸ਼ ਰਿਖੀ ਨੇ ਕਿਹਾ ਗਿਆ ਕਿ ਰੇਬੀਜ਼ ਦੀ ਰੋਕਥਾਮ ਲਈ ਕੇਵਲ ਸਿਹਤ ਵਿਭਾਗ ਹੀ ਨਹੀਂ ਬਲਕਿ ਪਸ਼ੂ ਪਾਲਣ ਵਿਭਾਗ, ਸਥਾਨਕ ਸੰਸਥਾਵਾਂ, ਪਸ਼ੂ-ਭਲਾਈ ਸੰਸਥਾਵਾਂ ਅਤੇ ਗ਼ੈਰ ਸਰਕਾਰੀ ਸੰਗਠਨ ਵੀ ਯਤਨ ਕਰ ਰਹੇ ਹਨ ਤੇ ਲੋਕਾਂ ਨੂੰ ਵੀ ਇਸ ਬਿਮਾਰੀ ਤੋਂ ਬਚਾਅ ਲਈ ਜਾਗਰੂਕ ਹੋਣ ਦੀ ਲੋੜ ਹੈਂ ਤਾਂ ਜੋ ਰੇਬੀਜ਼ ਦਾ ਖ਼ਾਤਮਾ ਕੀਤਾ ਜਾ ਸਕੇ ।ਇਸ ਮੌਕੇ ਉਹਨਾਂ ਵੱਲੋਂ ਲੋਕਾਂ ਨੂੰ ਰੇਬੀਜ਼ ਤੋਂ ਬਚਾਅ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ,ਇਸ ਮੌਕੇ ਐੱਸ.ਐੱਮ.ਓ. ਡਾ. ਭਿੰਡਰ ਨੇ ਦੱਸਿਆ ਕਿ ਬਲਾਕ ਵਿੱਚ ਕੁਠਾਲਾ, ਪੰਜਗਰਾਈਆਂ, ਕੁੱਪ ਕਲਾਂ ਤੇ ਦਸੋਧਾ ਸਿੰਘ ਵਾਲਾ ਆਮ ਆਦਮੀ ਕਲੀਨਕਾਂ ਤੇ ਹਲਕਾਅ ਰੋਕੂ ਟੀਕੇ ਲਗਾਏ ਜਾ ਰਹੇ ਹਨ।

ਉਹਨਾਂ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਕੁੱਤੇ ਜਾਂ ਕਿਸੇ ਹੋਰ ਸ਼ੱਕੀ ਜਾਨਵਰ ਦੇ ਕੱਟਣ ਦੀ ਸੂਰਤ ਵਿੱਚ ਜ਼ਖ਼ਮ ਨੂੰ ਤੁਰੰਤ ਸਾਬਣ ਅਤੇ ਵਗਦੇ ਪਾਣੀ ਨਾਲ ਚੰਗੀ ਤਰ੍ਹਾਂ ਧੋਣ ਉਪਰੰਤ ਬਿਨਾਂ ਦੇਰੀ ਨਜ਼ਦੀਕੀ ਸਿਹਤ ਕੇਂਦਰ ਵਿਖੇ ਪਹੁੰਚ ਕੇ ਡਾਕਟਰੀ ਸਲਾਹ ਅਨੁਸਾਰ ਐਂਟੀ-ਰੇਬੀਜ਼ ਇਲਾਜ ਅਤੇ ਟੀਕਾਕਰਨ ਜ਼ਰੂਰ ਕਰਵਾਇਆ ਜਾਵੇ ।ਇਸ ਮੌਕੇ ਹਰਪ੍ਰੀਤ ਕੌਰ ਬੀ ਈ ਈ ਰਾਜੇਸ਼ ਰਿਖੀ, ਅਮਰਜੀਤ ਕੌਰ ਸਮੇਤ ਸਮੂਹ ਸਟਾਫ਼ ਹਾਜ਼ਰ ਸੀ

# ਜੀ.ਜੀ.ਐੱਸ.ਐੱਸ.ਟੀ.ਪੀ.ਹਾਈ ਸਕੂਲ ਨੂਹੋਂ ਕਲੋਨੀ ਦੇ ਖਿਡਾਰੀਆਂ ਨੇ ਅਥਲੈਟਿਕਸ ਮੀਟ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ



**ਰੂਪਨਗਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਵਿਭਾਗ , ਪੰਜਾਬ ਵੱਲੋਂ 70ਵੀਂ ਜੋਨ ਐਥਲੈਟਿਕ ਮੀਟ ਜੋ ਕਿ ਸਰਕਾਰੀ ਹਾਈ ਸਕੂਲ, ਘਨੌਲਾ ਵਿਖੇ ਮਿਤੀ 26-09-2026 ਨੂੰ ਕਰਵਾਈ ਗਈ। ਜਿਸ ਵਿੱਚ ਜੀ.ਜੀ.ਐੱਸ.ਐੱਸ.ਟੀ. ਪੀ. ਹਾਈ ਸਕੂਲ, ਨੂੰਹੋਂ ਕਲੋਨੀ,ਰੋਪੜ ਦੇ ਲੜਕਿਆਂ ਅਤੇ ਲੜਕੀਆਂ ਨੇ ਵੱਖ-ਵੱਖ ਉਮਰ ਵਰਗ ਦੇ ਵੱਖ-ਵੱਖ ਈਵੈਂਟਾਂ ਵਿੱਚ ਭਾਗ ਲਿਆ। ਇੰਚਾਰਜ ਸ੍ਰੀ ਅਵਤਾਰ ਕ੍ਰਿਸ਼ਨ ਜੀ ਦੀ ਯੋਗ ਅਗਵਾਈ ਹੇਠ ਖਿਡਾਰੀਆਂ ਨੇ ਮੱਲਾਂ ਮਾਰੀਆਂ। 14 ਸਾਲ ਉਮਰ ਵਰਗ (ਲੜਕੀਆਂ) ਵਿੱਚ 200 ਮੀਟਰ ਦੀ ਦੌੜ ਵਿੱਚੋਂ ਕੋਮਲ ਨੇ ਦੂਜਾ, ਦਰਸ਼ਨਾ ਨੇ ਤੀਜਾ ਸਥਾਨ ਹਾਸਲ ਕੀਤਾ। 14 ਸਾਲ ਵਰਗ (ਲੜਕਿਆਂ) ਦੀ 600 ਮੀਟਰ ਦੌੜ ਵਿੱਚੋਂ ਪ੍ਰਿੰਸ ਨੇ ਪਹਿਲਾਂ ਸਥਾਨ ਅਤੇ 100 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ, 200 ਮੀਟਰ ਦੌੜ ਵਿੱਚੋਂ ਜਸ ਵਰਮਾ ਨੇ ਪਹਿਲਾਂ ਸਥਾਨ, 200 ਮੀਟਰ ਦੌੜ ਵਿੱਚੋਂ ਮਾਨਵੀਰ ਨੇ ਦੂਜਾ ਸਥਾਨ, ਜੈਵਲਿਨ ਥਰੋ ਵਿੱਚ ਰਾਜਾ ਕੁਮਾਰ ਨੇ ਪਹਿਲਾਂ ਸਥਾਨ ਹਾਸਲ ਕੀਤਾ।

17 ਸਾਲ ਉਮਰ ਵਰਗ (ਲੜਕੀਆ) ਦੇ ਡਿਸਕਸ ਥਰੋ ਮੁਕਾਬਲੇ ਵਿੱਚੋਂ ਦੀਆ ਨੇ ਤੀਜਾ ਸਥਾਨ ਹਾਸਲ ਕੀਤਾ, 19 ਸਾਲ ਉਮਰ ਵਰਗ (ਲੜਕਿਆਂ) ਦੇ ਡਿਸਕਸ ਥਰੋ ਮੁਕਾਬਲਿਆਂ ਵਿੱਚੋਂ ਆਸ਼ੀਸ਼ ਨੇ ਦੂਜਾ ਅਤੇ ਰਾਜੂ ਚੌਹਾਨ ਨੇ ਤੀਜਾ ਅਤੇ ਲੰਬੀ ਛਾਲ ਦੇ ਮੁਕਾਬਲੇ ਵਿੱਚੋਂ ਰਾਜੂ ਚੌਹਾਨ ਨੇ ਦੂਜਾ ਸਥਾਨ ਹਾਸਲ ਕੀਤਾ।

ਇਹਨਾਂ ਖਿਡਾਰਣਾਂ ਅਤੇ ਖਿਡਾਰੀਆਂ ਦੇ ਅੱਜ ਸਕੂਲ ਪਹੁੰਚਣ ਤੇ ਜੀ.ਜੀ.ਐੱਸ.ਐੱਸ.ਟੀ.ਪੀ.ਹਾਈ ਸਕੂਲ, ਨੂੰਹੋਂ ਕਲੋਨੀ ਦੇ ਇੰਚਾਰਜ ਸ੍ਰੀ ਅਵਤਾਰ ਕ੍ਰਿਸ਼ਨ ਜੀ ਨੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਅਤੇ ਵਧਾਈ ਦਿੱਤੀ। ਉਹਨਾਂ ਦੱਸਿਆ ਕਿ ਹੁਣ ਇਸ ਸਕੂਲ ਦੇ ਖਿਡਾਰੀ ਜ਼ਿਲ੍ਹਾ ਪੱਧਰ ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਭਾਗ ਲੈਣਗੇ। ਇਸ ਮੌਕੇ ਤੇ ਫਿਜ਼ੀਕਲ ਅਧਿਆਪਕ ਸ੍ਰੀ ਹਰਵਿੰਦਰ ਸਿੰਘ, ਸ੍ਰੀਮਤੀ ਫਰੀਦਾ ਬਾਨੋ, ਸ੍ਰੀਮਤੀ ਰੇਨੂੰ ਸ਼ਰਮਾ, ਸ੍ਰੀਮਤੀ ਮਿਨਾਕਸ਼ੀ ਆਦਿ ਹਾਜ਼ਰ ਸਨ।

# ਬਲਜਿੰਦਰ ਸਿੰਘ ਤੂਰ ਪੰਜਾਬ ਗਤਕਾ ਐਸੋਸੀਏਸ਼ਨ ਦੇ ਮੁੜ ਬਣੇ ਜਨਰਲ ਸਕੱਤਰ




**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਗੱਤਕਾ ਐਸੋਸੀਏਸ਼ਨ ਦੀ ਸਲਾਨਾ ਜਨਰਲ ਬਾਡੀ ਮੀਟਿੰਗ ਪੰਜਾਬ ਓਲੰਪਿਕ ਭਵਨ ਮੋਹਾਲੀ ਵਿਖੇ ਕਰਵਾਈ ਗਈ। ਇਸ ਮੀਟਿੰਗ ਦਾ ਮੁੱਖ ਏਜੰਡਾ ਪੰਜਾਬ ਗੱਤਕਾ ਐਸੋਸੀਏਸ਼ਨ ਦੀ ਗਵਰਨਿੰਗ ਬਾਡੀ ਦੀ ਚੋਣ ਕਰਨਾ ਸੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਪੰਜਾਬ ਗੱਤਕਾ ਐਸੋਸੇਸ਼ਨ ਜੋ ਕਿ ਪੰਜਾਬ ਸਟੇਟ ਸਪੋਰਟਸ ਕੌਂਸਲ, ਪੰਜਾਬ ਓਲੰਪਿਕ ਐਸੋਸੀਏਸ਼ਨ ਅਤੇ ਗਤਕਾ ਫੈਡਰੇਸ਼ਨ ਆਫ ਇੰਡੀਆ ਤੋਂ ਮਾਨਤਾ ਪ੍ਰਾਪਤ ਸੰਸਥਾ ਹੈ ਅਤੇ ਪੂਰੇ ਪੰਜਾਬ ਵਿੱਚ ਗਤਕਾ ਖੇਡ ਨੂੰ ਪ੍ਰਫੁੱਲਤ ਕਰਨ ਲਈ ਕੰਮ ਕਰ ਰਹੀ ਹੈ, ਦਾ ਚਾਰ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਤੋ ਬਾਅਦ ਨਵੀਂ ਗਵਰਨਿੰਗ ਬਾਡੀ ਦੀ ਚੋਣ ਕੀਤੀ ਗਈ।ਇਸ ਮੀਟਿੰਗ ਦੇ ਵਿੱਚ ਪੰਜਾਬ ਓਲੰਪਿਕ ਐਸੋਸੀਏਸ਼ਨ ਦੇ ਐਗਜੀਕਿਊਟਿਵ ਮੈਂਬਰ ਐਡਵੋਕੇਟ ਅੰਕੁਰ ਗੁਪਤਾ ਅਤੇ ਗੱਤਕਾ ਫੈਡਰੇਸ਼ਨ ਆਫ ਇੰਡੀਆ ਤੋਂ ਰਾਜਵੀਰ ਸਿੰਘ ਨੇ ਅਬਜਰਵਰ ਦੇ ਤੌਰ 'ਤੇ ਡਿਊਟੀ ਨਿਭਾਈ। ਇਸ ਮੀਟਿੰਗ ਦੇ ਵਿੱਚ ਸਰਬ ਸੰਮਤੀ ਦੇ ਨਾਲ ਡਾ. ਰਜਿੰਦਰ ਸਿੰਘ ਸੋਹਲ ਨੂੰ ਮੁੜ ਪੰਜਾਬ ਗੱਤਕਾ ਐਸੋਸੀਏਸ਼ਨ ਦਾ ਪ੍ਰਧਾਨ ਚੁਣਿਆ ਗਿਆ ਅਤੇ ਬਲਜਿੰਦਰ ਸਿੰਘ ਤੂਰ ਨੂੰ ਦੁਬਾਰਾ ਤੋਂ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।

ਸਮੁੱਚੇ ਮੈਂਬਰਾਂ ਵੱਲੋਂ ਪ੍ਰਧਾਨ ਅਤੇ ਸਕੱਤਰ ਸਾਹਿਬ ਨੂੰ ਬਾਕੀ ਐਡਜੈਕਟਿਵ ਕਮੇਟੀ ਦੀ ਚੋਣ ਕਰਨ ਦੇ ਅਧਿਕਾਰ ਦਿੱਤੇ ਗਏ, ਜਿਸ ਤਹਿਤ ਦਵਿੰਦਰ ਸਿੰਘ ਜੁਗਨੀ ਵਾਈਸ ਪ੍ਰਧਾਨ, ਅਰਸ਼ਦ ਡਾਲੀ ਵਾਈਸ ਪ੍ਰਧਾਨ, ਰਘਵੀਰ ਸਿੰਘ ਸਕੱਤਰ, ਕੁਲਦੀਪ ਸਿੰਘ ਫਾਇਨਾਂਸ ਸਕੱਤਰ, ਜਗਕਿਰਨ ਕੌਰ ਸਹਾਇਕ ਸਕੱਤਰ, ਇੰਦਰਜੀਤ ਸਿੰਘ ਮੱਲ੍ਹੀ ਮੈਂਬਰ, ਪਲਵਿੰਦਰ ਸਿੰਘ ਕੰਡਾ ਮੈਂਬਰ, ਅਤੇ ਕੁਲਦੀਪ ਸਿੰਘ ਧਾਲੀਵਾਲ ਨੂੰ ਮੈਂਬਰ ਵਜੋਂ ਨਾਮਜਦ ਕੀਤਾ ਗਿਆ। ਵੱਖ-ਵੱਖ ਜਿਲ੍ਹਿਆਂ ਤੋਂ ਆਏ ਹੋਏ ਪ੍ਰਧਾਨ ਅਤੇ ਸਕੱਤਰ ਸਾਹਿਬਾਨ ਵੱਲੋਂ ਸਰਬ ਸੰਮਤੀ ਦੇ ਨਾਲ ਇਹ ਚੋਣ ਕੀਤੀ ਗਈ।

ਇਸ ਮੌਕੇ ਬੋਲਦਿਆਂ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਨੇ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਮੇਂ ਦੌਰਾਨ ਪੰਜਾਬ ਐਸੋਸੀਏਸ਼ਨ ਨੇ ਵੱਡੀਆਂ ਪੁਲਾਂਘਾਂ ਪੁੱਟੀਆਂ ਹਨ ਉਸੇ ਤਰਾਂ ਆਉਣ ਵਾਲੇ ਸਮੇਂ ਵਿੱਚ ਵੀ ਗਤਕਾ ਖੇਡ ਨੂੰ ਪ੍ਰਫੁੱਲਤ ਕਰਨ ਲਈ ਹੋਰ ਵੱਡੇ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਸਾਰੇ ਮੈਂਬਰਾਂ ਵੱਲੋਂ ਮਤਾ ਪਾਸ ਕੀਤਾ ਗਿਆ ਕਿ ਪੰਜਾਬ ਦੇ ਵਿੱਚ ਇੱਕ ਵੱਡੇ ਪੱਧਰ ਦਾ ਗਤਕਾ ਭਵਨ ਬਣਾਇਆ ਜਾਵੇ ਜਿਸ ਦੇ ਲਈ ਸਮੁੱਚੀਆਂ ਸਿੱਖ ਸੰਸਥਾਵਾਂ, ਪੰਜਾਬ ਸਰਕਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮਦਦ ਲਈ ਜਾਵੇ। ਇਸ ਮੌਕੇ ਸਾਰੇ ਮੈਂਬਰਾਂ ਵੱਲੋਂ ਜਿੱਥੇ ਨਵ ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਗਈ ਉੱਥੇ ਪੂਰਨ ਸਹਿਯੋਗ ਕਰਨ ਦਾ ਵੀ ਵਿਸ਼ਵਾਸ਼ ਦਵਾਇਆ ਗਿਆ।

# ਪਿੰਡ ਰਾਮਪੁਰਾ ਜਵਾਹਰਵਾਲਾ ਵਿਖੇ ਵੱਖ-ਵੱਖ ਪਾਰਟੀਆਂ ਨੂੰ ਝਟਕਾ; 50 ਪਰਿਵਾਰ 'ਆਪ' ਵਿੱਚ ਸ਼ਾਮਲ

**ਲਹਿਰਾਗਾਗਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਲਹਿਰਾਗਾਗਾ ਦੇ ਪਿੰਡ ਰਾਮਪੁਰਾ ਜਵਾਹਰਵਾਲਾ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਪਿੰਡ ਦੇ ਕਰੀਬ 50 ਪਰਿਵਾਰ ਵੱਖ-ਵੱਖ ਰਵਾਇਤੀ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਹ ਸਮਾਗਮ ਪੰਚਾਇਤ ਮੈਂਬਰ ਜਸਵਿੰਦਰ ਸਿੰਘ ਦੇ ਗ੍ਰਿਹ ਵਿਖੇ ਕਰਵਾਇਆ ਗਿਆ।




ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਅਤੇ ਮੋਹਤਬਰ ਵਿਅਕਤੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਰੇਕ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਸੇਵਾਵਾਂ ਦਾ ਪਾਰਟੀ ਤੇ ਹਲਕੇ ਦੀ ਬਿਹਤਰੀ ਲਈ ਸੁਚੱਜੇ ਢੰਗ ਨਾਲ ਲਾਭ ਲਿਆ ਜਾਵੇਗਾ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਮੁਫ਼ਤ ਬਿਜਲੀ, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਕਾਰਜਾਂ ਤੋਂ ਸੂਬੇ ਦਾ ਹਰ ਵਰਗ ਪ੍ਰਭਾਵਿਤ ਹੈ। ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪਾਰਦਰਸ਼ੀ ਕਾਰਜਸ਼ੈਲੀ ਸਦਕਾ ਲੋਕਾਂ ਦਾ ਆਮ ਆਦਮੀ ਪਾਰਟੀ ਪ੍ਰਤੀ ਵਿਸ਼ਵਾਸ ਲਗਾਤਾਰ ਵਧ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਆਮ ਲੋਕਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ, ਜਦਕਿ 'ਆਪ' ਸਰਕਾਰ ਨੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਨੂੰ ਪਹਿਲ ਦਿੰਦਿਆਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਦਿਖਾਇਆ ਹੈ। ਹਲਕਾ ਲਹਿਰਾਗਾਗਾ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।

ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੂੰ ਸੱਦਾ ਦਿੱਤਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਅਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਲੋਕ ਸੇਵਾ ਵਿੱਚ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੀ ਸ਼ਮੂਲੀਅਤ ਨਾਲ ਪਿੰਡ ਰਾਮਪੁਰਾ ਜਵਾਹਰਵਾਲਾ ਸਮੇਤ ਸਮੁੱਚੇ ਹਲਕੇ ਵਿੱਚ ਆਮ ਆਦਮੀ ਪਾਰਟੀ ਹੋਰ ਮਜ਼ਬੂਤ ਹੋਵੇਗੀ।

ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਹਨ। ਉਨ੍ਹਾਂ ਪਾਰਟੀ ਦੀ ਮਜ਼ਬੂਤੀ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਜਗਸੀਰ ਸਿੰਘ, ਜਗਜੀਤ ਸਿੰਘ, ਬੱਬਲਜੀਤ ਸਿੰਘ, ਗਗਨਦੀਪ ਸਿੰਘ, ਗੁਰਪੀਤ ਸਿੰਘ, ਸਤਿਨਾਮ ਸਿੰਘ, ਕੁਲਵਿੰਦਰ ਸਿੰਘ, ਸੁਖਚੈਨ ਸਿੰਘ, ਜੱਗੀ ਸਿੰਘ ਗੁਰਦਰਸ਼ਨ ਸਿੰਘ ਤੇ ਹੋਰ ਲੋਕਾਂ ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਵੀ ਪਾਰਟੀ ਵਿੱਚ ਸ਼ਾਮਲ ਹੋਈਆਂ।

# ਹਿਬਰੂ ਭਾਸ਼ਾ ਦੇ ਮਾਹਿਰ ਸਨ ਯਿਸੂ

**ਈਸਾਈ ਧਰਮ ਦੇ ਬਾਨੀ ਯਿਸੂ ਮਸੀਹ ਦੇ ਬਚਪਨ ਦੇ ਉਹ ਅਦਭੁੱਤ 18 ਸਾਲ, ਜਿਨ੍ਹਾਂ ਦੇ ਵੇਰਵੇ ਪਵਿੱਤਰ ਬਾਈਬਲ ਵਿਚ ਨਹੀਂ ਮਿਲਦੇ।**

*(ਆਧਾਰ/ਸਰੋਤ - ਇੰਗਲੈਂਡ ਦੇ 'ਬਾਈਬਲ ਡੌਟ ਔਰਗ ਡੌਟ ਯੂ.ਕੇ.' ਵੱਲੋਂ ਪ੍ਰਕਾਸ਼ਿਤ 1,262 ਪੰਨਿਆਂ ਦੀ ਵਿਸ਼ਵ ਪ੍ਰਸਿੱਧ ਪੁਸਤਕ 'ਯੂਰੈਂਸ਼ੀਆ', ਜੋ ਪਹਿਲੀ ਵਾਰ 1925 ਤੋਂ ਲੈ ਕੇ 1955 ਦੌਰਾਨ ਕਿਸੇ ਵੇਲੇ ਅਮਰੀਕੀ ਸੂਬੇ ਇਲੀਨੋਇ ਦੇ ਸ਼ਹਿਰ ਸ਼ਿਕਾਗੋ 'ਚ ਸਾਹਮਣੇ ਆਈ ਸੀ)*

ਨਾਸਰਤ 'ਚ ਵਿਦਿਆਰਥੀ ਫ਼ਰਸ਼ 'ਤੇ ਅਰਧ-ਗੋਲ਼ਾਕਾਰ ਬਣਾ ਕੇ ਬੈਠਦੇ ਸਨ ਅਤੇ ਅਧਿਆਪਕ ਜੋ ਆਮ ਤੌਰ 'ਤੇ ਉਸ ਧਾਰਮਿਕ ਸਥਾਨ ਦਾ ਮੁਖੀ ਹੀ ਹੁੰਦਾ ਸੀ, ਉਨ੍ਹਾਂ ਸਾਹਮਣੇ ਬੈਠਦਾ ਸੀ। ਉਨ੍ਹਾਂ ਦੀ ਪੜ੍ਹਾਈ ਮੌਜੂਦਾ ਬਾਈਬਲ ਦੀ ਤੀਜੀ ਪੁਸਤਕ 'ਲੇਵੀਆਂ ਦੀ ਪੋਥੀ' (ਹਿੰਦੀ 'ਚ 'ਲੈਵਯਵਿਵਸਥਾ') ਤੋਂ ਸ਼ੁਰੂ ਹੁੰਦੀ ਸੀ। ਉਹ ਕਾਨੂੰਨ ਦੀਆਂ ਹੋਰ ਪੁਸਤਕਾਂ ਦਾ ਅਧਿਐਨ ਵੀ ਕਰਦੇ ਸਨ। ਉਸ ਤੋਂ ਬਾਅਦ ਵੱਖੋ-ਵੱਖਰੇ ਨਬੀਆਂ ਤੇ ਫਿਰ 'ਜ਼ਬੂਰਾਂ ਦੀ ਪੋਥੀ' (ਜੋ ਹੁਣ ਪਵਿੱਤਰ ਬਾਈਬਲ ਦੇ ਪੁਰਾਣੇ ਨਿਯਮ ਦੀ 19ਵੀਂ ਪੁਸਤਕ ਹੈ) ਦਾ ਅਧਿਐਨ ਕਰਵਾਇਆ ਜਾਂਦਾ ਸੀ। ਨਾਸਰਤ ਦੇ ਉਨ੍ਹਾਂ ਧਾਰਮਿਕ ਸਥਾਨਾਂ ਕੋਲ ਤਦ ਇਨ੍ਹਾਂ ਧਾਰਮਿਕ ਗ੍ਰੰਥਾਂ ਦੀ ਇਕ ਕਾਪੀ ਹਿਬਰੂ ਭਾਸ਼ਾ ਵਿਚ ਹੁੰਦੀ ਸੀ। ਬਾਰ੍ਹਾਂ ਸਾਲਾਂ ਦੀ ਉਮਰ ਤਕ ਇਨ੍ਹਾਂ ਧਰਮ-ਗ੍ਰੰਥਾਂ ਦਾ ਅਧਿਐਨ ਮੁਕੰਮਲ ਕਰਵਾ ਦਿੱਤਾ ਜਾਂਦਾ ਸੀ। ਗਰਮੀਆਂ ਦੇ ਮੌਸਮ ਵਿਚ ਸਕੂਲ ਬਹੁਤ ਘੱਟ ਸਮੇਂ ਲਈ ਲੱਗਦਾ ਸੀ (ਯੂਰੈਂਸ਼ੀਆ 123:5.3)



ਯਿਸੂ ਬਹੁਤ ਛੇਤੀ ਹਿਬਰੂ ਭਾਸ਼ਾ ਦੇ ਮਾਹਿਰ ਬਣ ਗਏ ਸਨ। ਇਸੇ ਲਈ ਉਨ੍ਹਾਂ ਨੂੰ ਆਮ ਤੌਰ 'ਤੇ ਸਬਤ ਦੇ ਦਿਨ ਨਿਯਮਤ ਤੌਰ 'ਤੇ ਨਾਸਰਤ ਦੇ ਵੱਖੋ-ਵੱਖਰੇ ਧਾਰਮਿਕ ਸਥਾਨਾਂ 'ਤੇ ਇਕੱਠੇ ਹੋਣ ਵਾਲੇ ਵਿਸ਼ਵਾਸੀਆਂ ਲਈ ਹਿਬਰੂ ਭਾਸ਼ਾ ਵਿਚ ਧਾਰਮਿਕ ਗ੍ਰੰਥ ਪੜ੍ਹਨ ਲਈ ਸੱਦਿਆ ਜਾਂਦਾ ਸੀ (ਯੂਰੈਂਸ਼ੀਆ 123:5.4)

ਉਨ੍ਹਾਂ ਧਾਰਮਿਕ ਸਕੂਲਾਂ ਵਿਚ ਕੋਈ ਪਾਠ-ਪੁਸਤਕਾਂ ਨਹੀਂ ਹੁੰਦੀਆਂ ਸਨ। ਇਸੇ ਲਈ ਅਧਿਆਪਕ ਵਾਰ-ਵਾਰ ਦੁਹਰਾਉਂਦੇ ਸਨ। ਇਸ ਤਰ੍ਹਾਂ ਉਹ ਸਭ ਕੁਝ ਜ਼ੁਬਾਨੀ ਚੇਤੇ ਕਰ ਲੈਂਦੇ ਸਨ (ਯੂਰੈਂਸ਼ੀਆ 123:5.5)

ਯਿਸੂ ਨੂੰ ਆਮ ਮਨੁੱਖੀ ਸੁਭਾਅ ਬਾਰੇ ਜਾਣਨ ਦੀ ਬਹੁਤ ਉਤਸੁਕਤਾ ਰਹਿੰਦੀ ਸੀ। ਉਨ੍ਹਾਂ ਦੇ ਦੁਨਿਆਵੀ ਪਿਤਾ ਯੂਸਫ਼ ਦੀ ਦੁਕਾਨ 'ਤੇ ਦੂਰੋਂ-ਦੂਰੋਂ ਲੋਕ ਆਉਂਦੇ ਸਨ। ਯਿਸੂ ਕਿਉਂਕਿ ਯੂਨਾਨੀ ਭਾਸ਼ਾ ਬਹੁਤ ਚੰਗੀ ਤਰ੍ਹਾਂ ਜਾਣਦੇ ਸਨ, ਇਸੇ ਲਈ ਉਹ ਵਿਦੇਸ਼ੀਆਂ ਨਾਲ ਵੀ ਬਹੁਤ ਸਹਿਜ ਸੁਭਾਅ ਗੱਲਬਾਤ ਕਰ ਲੈਂਦੇ ਸਨ (ਯੂਰੈਂਸ਼ੀਆ 123:5.6)

ਦੂਰ-ਦੁਰਾਡਿਓਂ ਆਉਣ ਵਾਲੇ ਯਾਤਰੀ ਨਾਸਰਤ ਜ਼ਰੂਰ ਆਉਂਦੇ ਸਨ ਅਤੇ ਇਹ ਸ਼ਹਿਰ ਯਹੂਦੀ ਰਵਾਇਤੀ ਕਾਨੂੰਨ ਦੀ ਉਦਾਰਵਾਦੀ ਵਿਆਖਿਆ ਦੇ ਕੇਂਦਰ ਵਜੋਂ ਵੀ ਪ੍ਰਸਿੱਧ ਸੀ। ਇੱਥੇ ਯਹੂਦੀ ਲੋਕ ਹੋਰ ਧਰਮਾਂ ਦੇ ਲੋਕਾਂ ਨਾਲ ਵੀ ਗੱਲਬਾਤ ਕਰ ਲੈਂਦੇ ਸਨ ਜਦ ਕਿ ਹੋਰ ਸਥਾਨਾਂ ਉੱਤੇ ਉਨ੍ਹਾਂ ਦਾ ਰਵੱਈਆ ਕੁਝ ਕੱਟੜ ਕਿਸਮ ਦਾ ਹੁੰਦਾ ਸੀ (ਯੂਰੈਂਸ਼ੀਆ 123:5.7)

ਯਿਸੂ ਨੂੰ ਨੈਤਿਕ ਸਿੱਖਿਆ ਅਤੇ ਅਧਿਆਤਮਕ ਸਭਿਆਚਾਰ ਉਨ੍ਹਾਂ ਨੂੰ ਆਪਣੇ ਘਰ ਤੋਂ ਹੀ ਮਿਲੇ ਸਨ। ਯਹੂਦੀ ਧਾਰਮਿਕ ਵਿਅਕਤੀਆਂ ਨੇ ਉਨ੍ਹਾਂ ਨੂੰ ਬੌਧਿਕ ਤੇ ਧਾਰਮਿਕ ਸਿੱਖਿਆ ਦਿੱਤੀ ਸੀ। ਉਹ ਆਪਣੇ ਸਾਥੀਆਂ ਨਾਲ ਬਹੁਤ ਘੁਲ਼-ਮਿਲ਼ ਕੇ ਰਹਿੰਦੇ ਸਨ। ਨੌਜਵਾਨਾਂ ਤੇ ਬਜ਼ੁਰਗਾਂ ਸਭਨਾਂ ਨਾਲ ਉਹ ਇੱਕੋ ਜਿੰਨੀ ਦਿਲਚਸਪੀ ਨਾਲ ਗੱਲਬਾਤ ਕਰ ਲੈਂਦੇ ਸਨ। ਮਨੁੱਖ ਜਾਤੀ ਨੂੰ ਉਨ੍ਹਾਂ ਨੇ ਇਨ੍ਹਾਂ ਹੀ ਸਬੰਧਾਂ ਰਾਹੀਂ ਜਾਣਿਆ ਤੇ ਸਮਝਿਆ ਸੀ। ਉਹ ਆਪਣੇ ਸਮੇਂ ਦੀ ਪ੍ਰਚਲਿਤ ਪੜ੍ਹਾਈ ਅਨੁਸਾਰ ਉੱਚ-ਸਿੱਖਿਆ ਪ੍ਰਾਪਤ ਸਨ ਅਤੇ ਹਰ ਕਿਸਮ ਦੇ ਲੋਕਾਂ ਨੂੰ ਬਹੁਤ ਛੇਤੀ ਸਮਝ ਸਕਦੇ ਸਨ। ਉਹ ਸਭ ਨੂੰ ਪਿਆਰ ਕਰਦੇ ਸਨ (ਯੂਰੈਂਸ਼ੀਆ 123 : 5.8)

ਯਹੂਦੀ ਧਾਰਮਿਕ ਸਥਾਨ 'ਤੇ ਯਿਸੂ ਨੇ ਜਿੰਨੇ ਸਾਲ ਵੀ ਸਿੱਖਿਆ ਹਾਸਲ ਕੀਤੀ, ਉਹ ਉੱਥੇ ਸਦਾ ਇਕ ਹੋਣਹਾਰ ਵਿਦਿਆਰਥੀ ਵਜੋਂ ਵੀ ਉੱਭਰੇ। ਉਨ੍ਹਾਂ ਨੂੰ ਕਿਉਂਕਿ ਉਸ ਸਮੇਂ ਦੀਆਂ ਪ੍ਰਚਲਿਤ ਤਿੰਨੇ ਮੁੱਖ ਭਾਸ਼ਾਵਾਂ ਆਉਂਦੀਆਂ ਸਨ ਤੇ ਇਹ ਗੁਣ ਹੋਰ ਕਿਸੇ ਵੀ ਵਿਦਿਆਰਥੀ ਕੋਲ ਨਹੀਂ ਸੀ। ਜਦੋਂ ਯਿਸੂ ਉਸ ਸਕੂਲ ਵਿਚ ਆਪਣਾ ਕੋਰਸ ਮੁਕੰਮਲ ਕਰਨ ਜਾ ਰਹੇ ਸਨ, ਤਾਂ ਮੁੱਖ ਅਧਿਆਪਕ ਨੇ ਪਿਤਾ ਯੂਸਫ਼ ਸਾਹਮਣੇ ਇਹ ਟਿੱਪਣੀ ਕੀਤੀ ਸੀ ਕਿ "ਅਸੀਂ ਯਿਸੂ ਤੋਂ ਵੱਧ ਸਿੱਖਿਆ ਕਿਉਂਕਿ ਜਿਸ ਤਰ੍ਹਾਂ ਉਹ ਪ੍ਰਸ਼ਨ ਪੁੱਛਦਾ ਸੀ, ਸਾਡੇ ਕੋਲ ਉਨ੍ਹਾਂ ਦੇ ਜਵਾਬ ਨਹੀਂ ਹੁੰਦੇ ਸਨ, ਇਸੇ ਲਈ ਸਾਨੂੰ ਉਨ੍ਹਾਂ ਦੇ ਜਵਾਬ ਵਿਸ਼ੇਸ਼ ਤੌਰ 'ਤੇ ਧਾਰਮਿਕ ਗ੍ਰੰਥਾਂ ਵਿੱਚੋਂ ਲੱਭਣੇ ਪੈਂਦੇ ਸਨ" (ਯੂਰੈਂਸ਼ੀਆ 123:5.9)

ਨਾਸਰਤ ਕਿਉਂਕਿ ਇਕ ਬੇਹੱਦ ਉਦਾਰਵਾਦੀ ਧਾਰਮਿਕ ਕੇਂਦਰ ਸੀ, ਇਸੇ ਲਈ ਉੱਥੇ ਸਮੁੱਚੇ ਇਜ਼ਰਾਇਲ ਦੇਸ਼ ਤੋਂ ਕੋਈ ਕੱਟੜਪ੍ਰਸਤ ਨਹੀਂ, ਸਗੋਂ ਸਿਰਫ਼ ਉਦਾਰਵਾਦੀ ਧਾਰਮਿਕ ਬੁਲਾਰੇ ਆਉਂਦੇ ਹੀ ਰਹਿੰਦੇ ਸਨ ਤੇ ਫਿਰ ਸਬਤ ਦੇ ਦਿਨ ਉਨ੍ਹਾਂ ਨੂੰ ਧਾਰਮਿਕ ਸਥਾਨ ਵਿਚ ਸੰਬੋਧਨ ਕਰਨ ਲਈ ਵੀ ਸੱਦਿਆ ਜਾਂਦਾ ਸੀ। ਯਿਸੂ ਉਨ੍ਹਾਂ ਸਾਰਿਆਂ ਨੂੰ ਬਹੁਤ ਧਿਆਨ ਨਾਲ ਸੁਣਦੇ ਸਨ। ਇੰਝ ਉਨ੍ਹਾਂ ਆਪਣੇ ਸਮੇਂ ਦੇ ਸਾਰੇ ਉੱਚ-ਪੱਧਰੀ ਬੁੱਧੀਜੀਵੀਆਂ ਨੂੰ ਸੁਣਿਆ (ਯੂਰੈਂਸ਼ੀਆ 123:5.10)

ਉਨ੍ਹੀਂ ਦਿਨੀਂ ਯਹੂਦੀਆਂ ਦਾ ਇਕ ਵਿਸ਼ੇਸ਼ ਤੇ ਲਾਜ਼ਮੀ ਵਿਦਿਅਕ ਕਾਨੂੰਨ ਸੀ ਕਿ ਜਦੋਂ ਬੱਚੇ ਨੂੰ 7 ਸਾਲ ਦੀ ਉਮਰ ਵਿਚ ਸਕੂਲ 'ਚ ਦਾਖ਼ਲ ਕਰਵਾਇਆ ਜਾਂਦਾ ਸੀ, ਤਾਂ ਬੱਚੇ ਨੂੰ ਉਸ ਸਮੇਂ ਪ੍ਰਚਲਿਤ ਯਹੂਦੀ ਧਰਮ-ਗ੍ਰੰਥਾਂ ਵਿੱਚੋਂ ਕੋਈ ਆਇਤ ਚੁਣਨੀ ਪੈਂਦੀ ਸੀ, ਜਿਸ ਨੂੰ 'ਜਨਮ-ਦਿਹਾੜੇ ਦੀ ਆਇਤ' (ਬਰਥਡੇਅ ਟੈਕਸਟ) ਕਿਹਾ ਜਾਂਦਾ ਸੀ। ਯਿਸੂ ਜਦੋਂ ਸਕੂਲ ਵਿਚ ਦਾਖ਼ਲ ਹੋਏ ਸਨ, ਤਾਂ ਉਨ੍ਹਾਂ ਨੇ ਆਪਣੇ ਲਈ ਯਸ਼ਾਯਾਹ ਨਬੀ ਵੱਲੋਂ ਰਚਿਤ ਪਵਿੱਤਰ ਬਾਈਬਲ ਵਿਚ ਦਰਜ ਪੁਸਤਕ 'ਯਸ਼ਾਯਾਹ' ਦੇ 61ਵੇਂ ਅਧਿਆਇ ਦੀ ਪਹਿਲੀ ਆਇਤ ਨੂੰ ਚੁਣਿਆ ਸੀ, ਜੋ ਕੁਝ ਇੰਝ ਹੈ - "ਪ੍ਰਭੂ ਯਹੋਵਾ ਦਾ ਆਤਮਾ ਮੇਰੇ 'ਤੇ ਹੈ ਕਿਉਂਕਿ ਯਹੋਵਾ ਨੇ ਸੁਸਮਾਚਾਰ ਸੁਣਾਉਣ ਲਈ ਮੇਰੀ ਚੋਣ ਕੀਤੀ ਅਤੇ ਮੈਨੂੰ ਇਸ ਲਈ ਭੇਜਿਆ ਹੈ ਕਿ ਦੁਖੀ ਮਨ ਦੇ ਲੋਕਾਂ ਨੂੰ ਸ਼ਾਂਤੀ ਦੇਵਾਂ, ਕਿ ਭਰਾਵਾਂ ਲਈ ਆਜ਼ਾਦੀ ਦਾ ਅਤੇ ਕੈਦੀਆਂ ਲਈ ਛੁਟਕਾਰੇ ਦਾ ਪ੍ਰਚਾਰ ਕਰਾਂ" (ਯੂਰੈਂਸ਼ੀਆ-123:5.11)

*ਅਨੁਵਾਦ -**ਮਹਿਤਾਬ-ਉਦ-ਦੀਨ***

# ਜ਼ਿੰਦਗੀ 'ਚ ਵਿਸ਼ੇਸ਼ ਸਥਾਨ ਰੱਖਦੀ ਹੈ ਪਰਖ

ਅਸੀਂ ਭਾਵੇਂ ਅਧਿਆਤਮਿਕ ਦੁਨੀਆ ਦੀ ਗੱਲ ਕਰੀਏ ਜਾਂ ਦੁਨਿਆਵੀ ਦੁਨੀਆ ਦੀ ਇਨ੍ਹਾਂ ਦੋਵਾਂ ਵਿਚ ਪਰਖ ਦਾ ਮਹੱਤਵਪੂਰਨ ਸਥਾਨ ਹੈ। ਅਸੀਂ ਦੇਖਦੇ ਹਾਂ ਜਦ ਕੋਈ ਨੌਜਵਾਨ ਕਿਸੇ ਸੰਸਥਾ ਵਿਚ ਨੌਕਰੀ ਲਈ ਜਾਂਦਾ ਹੈ ਤਾਂ ਸਭ ਤੋਂ ਪਹਿਲਾਂ ਉਸ ਦੀ ਪਰਖ ਭਾਵ ਉਸਦੀ ਇੰਟਰਵਿਊ ਹੁੰਦੀ ਹੈ। ਜੇ ਉਹ ਇਸ ਪਰਖ ਦੀ ਕਸਵੱਟੀ ਦੇ ਉੱਪਰ ਖਰਾ ਉਤਰਦਾ ਹੈ ਉਸ ਨੂੰ ਯੋਗ ਜਾਣਕੇ ਸੰਸਥਾ ਵਿਚ ਰੱਖ ਲਿਆ ਜਾਂਦਾ ਹੈ। ਪਰ ਜੋ ਪਰਖ ਦੀ ਕਸਵੱਟੀ ਉੱਤੇ ਪੂਰੇ ਨਹੀਂ ਉਤਰਦੇ ਉਹ ਜ਼ਿੰਦਗੀ ਵਿਚ ਅਸਫ਼ਲ ਹੋ ਜਾਂਦੇ ਨੇ। ਜ਼ਿੰਦਗੀ ਕਦਮ-ਕਦਮ 'ਤੇ ਮਨੁੱਖ ਦੇ ਇਮਤਿਹਾਨ ਲੈਂਦੀ ਹੈ ਜੋ ਇਨ੍ਹਾਂ ਦਾ ਮੁਕਾਬਲਾ ਦ੍ਰਿੜਤਾ 'ਤੇ ਅਡੋਲ ਜਜ਼ਬੇ ਨਾਲ ਕਰਦੇ ਹਨ ਉਹ ਹਮੇਸ਼ਾ ਬੁਲੰਦੀਆਂ ਨੂੰ ਛੂਹ ਲੈਂਦੇ ਹਨ। ਜਨਮ ਤੋਂ ਲੈ ਕੇ ਮੌਤ ਤਕ ਜ਼ਿੰਦਗੀ ਇਮਤਿਹਾਨ ਲੈਂਦੀ ਹੈ। ਪਰਖ ਹੀ ਮਨੁੱਖ ਦੀ ਕਾਬਲੀਅਤ ਦੀ ਸਹੀ ਪਛਾਣ ਕਰਵਾਉਂਦੀ ਹੈ। ਇਨਸਾਨ ਦੀ ਯੋਗਤਾ ਦਾ ਪਤਾ ਕਰਨ ਲਈ ਹਰ ਇਕ ਵਿਅਕਤੀ ਪਰਖ ਦਾ ਸਹਾਰਾ ਲੈਂਦਾ ਹੈ।



ਇਸੇ ਤਰ੍ਹਾਂ ਅਧਿਆਤਮਿਕ ਦੁਨੀਆ ਵਿਚ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀ ਗੁਰਗੱਦੀ ਯੋਗ ਹੱਥਾਂ ਵਿਚ ਦੇਣ ਲਈ ਆਪਣੇ ਨਜ਼ਦੀਕੀ ਦੇ ਗੁਰਸਿੱਖਾਂ ਦੀ ਪਰਖ ਕੀਤੀ। ਭਾਈ ਲਹਿਣਾ ਜੀ ਗੁਰੂ ਜੀ ਦੁਆਰਾ ਕੀਤੀ ਪਰਖ ਵਿਚ ਖਰੇ ਉਤਰੇ ਅਤੇ ਉਨ੍ਹਾਂ ਨੇ ਗੁਰੂ ਜੀ ਤੋਂ ਬੇਅੰਤ ਬਖਸ਼ਿਸ਼ਾਂ ਪ੍ਰਾਪਤ ਕੀਤੀਆਂ। ਇਸ ਤਰ੍ਹਾਂ ਅਧਿਆਤਮਿਕ ਰਸਤੇ ਦੇ ਪਾਧੀਂ ਦੀ ਕਦਮ-ਕਦਮ ਉੱਤੇ ਪਰਖ ਹੁੰਦੀ ਹੈ। ਇਸ ਦਾ ਸਬੂਤ ਸਾਨੂੰ ਇਤਿਹਾਸ ਨੂੰ ਪੜ੍ਹਨ 'ਤੇ ਭਲੀ-ਭਾਂਤ ਮਿਲ ਜਾਂਦਾ ਹੈ।

ਸੋ ਸਾਨੂੰ ਹਰ ਵੇਲੇ ਪਰਖ ਲਈ ਤਿਆਰ ਰਹਿਣਾ ਚਾਹੀਦਾ ਹੈ। ਪਰਖ ਦੀ ਕਸਵੱਟੀ ਉੱਪਰ ਖਰੇ ਉੱਤਰ ਕੇ ਹੀ ਅਸੀਂ ਆਪਣੀ ਜ਼ਿੰਦਗੀ ਨੂੰ ਅਧਿਆਤਮਿਕ ਤੇ ਦੁਨਿਆਵੀ ਦੋਵਾਂ ਪੱਖਾਂ ਵਿਚ ਸਫਲ ਬਣਾ ਸਕਦੇ ਹਾਂ।

**• ਨਵਜੋਤ ਸਿੰਘ**
**ਮੋਬਾਈਲ :** 8437923269

# ਇਤਿਹਾਸਕ ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਕਟਾਣਾ

**ਤਸਵਿੰਦਰ ਸਿੰਘ ਬੜੈਚ**

ਮੀਰੀ-ਪੀਰੀ ਦੇ ਮਾਲਿਕ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ 20 ਫੱਗਣ 1675 ਬਿਕਰਮੀ ਨੂੰ ਇਥੇ ਆਏ। ਗੁਰੂ ਜੀ ਪਾਸ 7 ਤੋਪਾਂ ਸਨ, ਨਾਲ ਹੀ 1100 ਘੋੜ ਸਵਾਰ ਅਤੇ ਚੰਦੂ ਕੈਦੀ (ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸ਼ਹੀਦ ਕਰਾਉਣ ਵਾਲਾ), ਇਕ 52 ਕਲੀਆਂ ਵਾਲਾ ਜਾਮਾ ਜਿਸ ਨਾਲ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਕੈਦੀ ਰਾਜੇ ਛਡਾਏ ਸੀ, ਸਨ। ਆਪ ਜੀ ਨੇ ਇਕ ਰਾਤ ਇਥੇ ਵਿਸ਼ਰਾਮ ਕੀਤਾ ਤੇ ਬੇਰੀ ਸਾਹਿਬ ਨਾਲ ਆਪਣਾ ਘੋੜਾ ਬੰਨ੍ਹਿਆ ਸੀ। ਇਸ ਤੋਂ ਇਲਾਵਾ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਉੱਚ ਦੇ ਪੀਰ ਬਣ ਕੇ 11 ਪੋਹ 1761 ਬਿਕਰਮੀ ਨੂੰ ਇਥੇ ਆਏ। ਆਪ ਜੀ ਦੇ ਨਾਲ ਭਾਈ ਦਇਆ ਸਿੰਘ, ਭਾਈ ਧਰਮ ਸਿੰਘ, ਭਾਈ ਮਾਨ ਸਿੰਘ, ਭਾਈ ਨਬੀ ਖ਼ਾਂ ਅਤੇ ਗਨੀ ਖ਼ਾਂ ਸਨ। ਆਪ ਜੀ ਨੇ ਇਥੇ ਬੇਰੀ ਸਾਹਿਬ ਹੇਠਾਂ ਆਪਣਾ ਪਲੰਘ ਰੱਖਵਾ ਕੇ ਵਿਸ਼ਰਾਮ ਕੀਤਾ। ਆਪ ਜੀ ਨੇ ਇਥੇ ਆਪਣੇ ਪਵਿੱਤਰ ਹੱਥਾਂ ਨਾਲ ਦੇਗ ਵਰਤਾਈ ਅਤੇ ਗੁਰਦੁਆਰੇ ਦਾ ਨਾਮ ਦੇਗਸਰ ਸਾਹਿਬ ਰੱਖਿਆ।

ਸੰਨ 1854 ਵਿਚ ਨਹਿਰ ਸਰਹੰਦ ਦਾ ਸਰਵੇ ਹੋਇਆ ਅਤੇ ਇਸ ਅਸਥਾਨ ਵਿੱਚੋਂ ਦੀ ਨਹਿਰ ਲੰਘਾਉਣ ਦੀ ਸਕੀਮ ਬਣੀ, ਪਰ ਖੁਦਾਈ ਕਰਾਉਣ ਵਾਲਾ ਅੰਗਰੇਜ਼ ਇੰਜੀਨੀਅਰ ਮਿਸਟਰ ਸਮਿਥ, ਬੇਰੀ ਸਾਹਿਬ ਵੱਢਣ ਲੱਗਾ ਅੰਨ੍ਹਾ ਹੋ ਗਿਆ। ਅੰਗਰੇਜ਼ ਇੰਜੀਨੀਅਰ ਬੜਾ ਪਛਤਾਇਆ ਅਤੇ 51 ਰੁਪੈ ਦੀ ਦੇਗ ਕਰਾਈ ਤਾਂ ਫਿਰ ਸੁਜਾਖਾ ਹੋ ਗਿਆ। ਇਸ ਅਸਥਾਨ ਨੂੰ ਜ਼ਰਾ ਨਾ ਛੇੜਿਆ



ਅਤੇ ਇਥੋਂ ਨਹਿਰ ਵਿੰਗੀ ਕਰ ਕੇ ਲੰਘਾਈ। ਗੁਰਦੁਆਰਾ ਸਾਹਿ ਦੇ ਕੋਲੋਂ ਲੰਘਾਈ ਨਹਿਰ ਸਾਰੇ ਇਤਿਹਾਸ ਦੀ ਗਵਾਹ ਹੈ ਅ ਉਹ ਬੇਰੀ ਸਾਹਿਬ ਅਜੇ ਵੀ ਮੌਜੂਦ ਹੈ। ਮਿਸਟਰ ਸਮਿਥ ਦ ਬਣਾਇਆ ਹੋਇਆ ਛੋਟਾ ਜਿਹਾ ਗੁਰਦੁਆਰਾ ਵੀ ਨਜ਼ਦੀਕ ਥੇਹ ਉੱਪਰ ਖੜ੍ਹਾ ਦਿੱਸਦਾ ਹੈ। ਉਹ ਇਸ ਗੁਰਦੁਆਰੇ ਨੂੰ ਢਾ ਕੇ ਉੱਪਰ ਗੁਰਦੁਆਰਾ ਬਣਾਉਣਾ ਚਾਹੁੰਦਾ ਸੀ, ਪਰ ਇ ਵੱਡਾ ਗੁਰਦੁਆਰਾ ਪੂਰੀ ਸ਼ਾਨ ਨਾਲ ਕਾਇਮ ਹੈ ਅਤੇ ਇਥੇ ਹ ਸੰਗਰਾਂਦ ਨੂੰ ਬੜਾ ਭਾਰੀ ਜੋੜ ਮੇਲਾ ਲੱਗਦਾ ਹੈ। ਜਿਸ ਵਿ ਦੂਰ-ਦੁਰਾਡੇ ਤੋਂ ਸੰਗਤਾਂ ਦਰਸ਼ਨ ਕਰਨ ਪੁੱਜਦੀਆਂ ਹਨ। ਇਥੇ ਹਰ ਸੰਗਰਾਂਦ ਨੂੰ ਅੰਮ੍ਰਿਤ ਸੰਚਾਰ ਵੀ ਹੁੰਦਾ ਹੈ। ਜੋ ਵਿਅਕਤ ਸੁੱਖਣਾ ਸੁੱਖ ਕੇ ਇਥੇ ਦੇਗ ਕਰਾਉਂਦਾ ਹੈ, ਉਹ ਗੁਰੂ ਸਾਹਿ ਜੀ ਦੀ ਬਖਸ਼ਿਸ ਨਾਲ ਪੂਰੀ ਹੋ ਜਾਂਦੀ ਹੈ। ਇਸ ਅਸਥਾਨ ਨੂੰ ਗੁਰੂਆਂ ਵੱਲੋਂ ਅਪਾਰ ਬਖਸ਼ਿਸ਼ਾਂ ਹੋਈਆਂ ਹਨ।

ਗੁਰਦੁਆਰਾ ਸ੍ਰੀ ਦੇਗਸਰ ਸਾਹਿਬ ਸਰਹੰਦ ਨਹਿਰ ਦੇ ਕੰ ਲੁਧਿਆਣਾ ਤੋਂ 22 ਕੁ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਅਤੇ ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਤੋਂ 8 ਕੁ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ। ਦੂਰ ਤੋਂ ਹੀ ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਨਜ਼ਰ ਆ ਜਾਂਦੀ ਹੈ। ਇਥੇ ਲੱਗੇ ਰੁੱਖ-ਪੌਦੇ ਕੁਦਰਤ ਦੀ ਸੁੰਦਰਤਾ ਨੂੰ ਦਰਸਾਉਂਦੇ ਹਨ।

**ਮੋਬਾਈਲ** 98763-2267

# ਸਿੱਖ ਧਰਮ ਦੇ ਮੋਢੀ ਗੁਰੂ ਨਾਨਕ ਦੇਵ ਜੀ

**ਰਮੇਸ਼ ਬੱਗਾ ਚੋਹਲਾ**

ਸਿੱਖ ਧਰਮ ਬਾਕੀ ਧਰਮਾਂ ਨਾਲੋਂ ਛੋਟੀ ਉਮਰ ਦਾ ਹੋਣ ਕਰਕੇ ਆਧੁਨਿਕਤਾ ਦੇ ਵੱਧ ਨੇੜੇ ਹੈ। ਇਸ ਧਰਮ ਨੂੰ ਵਿਗਿਆਨਕ ਧਰਮ ਵੀ ਕਿਹਾ ਜਾਂਦਾ ਹੈ। ਇਸ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਵਿਗਿਆਨਕ ਵਿਚਾਰਧਾਰਾ ਪ੍ਰਦਾਨ ਕੀਤੀ ਹੈ। ਸਿੱਖ ਧਰਮ ਦੇ ਮੋਢੀ ਗੁਰੂ ਨਾਨਕ ਦੇਵ ਜੀ ਨੇ 15 ਅਪ੍ਰੈਲ 1469 ਈ : ਨੂੰ ਅਜੋਕੇ ਪਾਕਿਸਤਾਨ ਦੇ ਜ਼ਿਲ੍ਹਾ ਸ਼ੇਖੂਪੁਰੇ ਦੇ ਪਿੰਡ ਤਲਵੰਡੀ ਵਿਖੇ ਬਾਬਾ ਕਲਿਆਣ ਦਾਸ ਉਰਫ ਮਹਿਤਾ ਕਾਲੂ (ਪਟਵਾਰੀ) ਅਤੇ ਮਾਤਾ ਤ੍ਰਿਪਤਾ ਦੇ ਗ੍ਰਹਿ ਵਿਖੇ ਅਵਤਾਰ ਧਾਰਿਆ। ਇਹ ਮਾਣਮੱਤਾ ਪਿੰਡ ਜਿਸ ਨੂੰ ਨਨਕਾਣਾ ਸਾਹਿਬ ਵੀ ਕਿਹਾ ਜਾਂਦਾ ਹੈ। ਦੁਨਿਆਵੀਂ ਸਿੱਖਿਆ ਹਾਸਲ ਕਰਨ ਲਈ ਉਨ੍ਹਾਂ ਨੂੰ 7 ਸਾਲ ਦੀ ਉਮਰ ਵਿਚ ਗੋਪਾਲ ਪੰਡਿਤ ਪਾਸੋਂ ਹਿੰਦੀ ਅਤੇ ਬਿਰਜ ਲਾਲ ਪਾਸੋਂ ਸੰਸਕ੍ਰਿਤ ਪੜ੍ਹਨ ਹਿੱਤ ਭੇਜਿਆ ਗਿਆ। ਇਥੇ ਹੀ ਬੱਸ ਨਹੀਂ 13 ਸਾਲ ਦੀ ਉਮਰ ਵਿਚ ਗੁਰੂ ਜੀ ਨੂੰ ਫ਼ਾਰਸੀ ਤਾਲੀਮ ਸਿੱਖਣ ਦੇ ਮਨੋਰਥ ਹਿੱਤ ਮੌਲਵੀ ਕੁਤਬਦੀਨ ਪਾਸ ਵੀ ਭੇਜਿਆ ਗਿਆ। ਆਪ ਜੀ ਨੇ ਜਿੱਥੇ ਉਪਰੋਕਤ ਉਸਤਾਦਾਂ ਪਾਸੋਂ ਸੰਸਾਰੀ ਸਿੱਖਿਆ ਗ੍ਰਹਿਣ ਕੀਤੀ, ਉੱਥੇ ਉਨ੍ਹਾਂ (ਉਸਤਾਦਾਂ) ਨੂੰ ਸੱਚੀ ਸਿੱਖਿਆ (ਰੱਬੀ ਗਿਆਨ) ਦਾ ਪਾਠ ਵੀ ਪੜ੍ਹਾਇਆ। ਆਪਣੇ ਹਾਣੀਆਂ ਨੂੰ ਵੀ ਗੁਰੂ ਜੀ ਨੇ ਸੱਚ/ਪ੍ਰਮਾਤਮਾ ਦੀ ਸਿੱਖਿਆ ਨਾਲ ਜੋੜਿਆ। ਰਾਇ ਬੁਲਾਰ ਭੱਟੀ ਗੁਰੂ ਸਾਹਿਬ ਦੇ ਜੀਵਨ ਤੋਂ ਏਨਾ ਪ੍ਰਭਾਵਿਤ ਹੋਇਆ ਹੈ ਕਿ ਉਸ ਨੂੰ ਸਭ ਤੋਂ ਪਹਿਲਾਂ ਸਿੱਖ ਹੋਣ ਦਾ ਸ਼ਰਫ ਹਾਸਿਲ ਹੈ।

ਜਦੋਂ ਗੁਰੂ ਨਾਨਕ ਦੇਵ 10-11 ਸਾਲ ਦੇ ਹੋਏ ਤਾਂ ਪੁਰੋਹਿਤ ਨੇ ਜਨੇਊ ਪਹਿਨਾਉਣ ਦੇ ਬਹੁਤ ਯਤਨ ਕੀਤੇ। ਪਰ ਆਪ ਤਾਂ ਜਗਤ ਜਲੰਦੇ ਨੂੰ ਤਾਰਨ ਹਿੱਤ ਧੁਰੋਂ ਪਠਾਏ ਹੋਏ ਗੁਰੂ ਸਨ। ਇਸ ਲਈ ਉਨ੍ਹਾਂ ਨੇ ਜਨੇਊ ਧਾਰਨ ਤੋਂ ਇਨਕਾਰ ਕਰ ਦਿੱਤਾ। ਇਸ ਮੌਕੇ 'ਤੇ ਗੁਰੂ ਜੀ ਵਲੋਂ ਇਹ ਸ਼ਬਦ ਉਚਾਰਿਆ ਗਿਆ :

ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ॥
ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ॥

ਪਿੰਡ ਤਲਵੰਡੀ ਦੇ ਵਸਨੀਕ ਭਾਈ ਮਰਦਾਨਾ ਜੀ ਜੋ ਗੁਰੂ ਜੀ ਦੇ ਬਹੁਤ ਪਿਆਰੇ ਮਿੱਤਰ ਸਨ, ਬਤੌਰ ਰਬਾਬੀ ਉਹ ਗੁਰੂ ਜੀ ਨਾਲ 6 ਦਹਾਕਿਆਂ ਤਕ ਰਹੇ। 18 ਸਾਲ ਦੀ ਉਮਰ ਵਿਚ ਗੁਰੂ ਨਾਨਕ ਦੇਵ ਜੀ ਦਾ ਆਨੰਦ ਕਾਰਜ ਬਟਾਲੇ ਸ਼ਹਿਰ ਦੇ ਬਸ਼ਿੰਦੇ ਮੂਲ ਚੰਦ ਦੀ ਧੀ ਸੁਲੱਖਣੀ ਨਾਲ ਹੋਇਆ। ਇਸ ਪਵਿੱਤਰ ਬੰਧਨ ਦੇ ਮੌਕੇ ਕੁਝ ਸ਼ਰਾਰਤੀ ਪੁਰੋਹਿਤਾਂ ਨੇ ਗੁਰੂ ਜੀ ਉੱਪਰ ਕੱਚੀ ਕੰਧ ਡੇਗਣ ਦੀ ਵਿਉਂਤਬੰਦੀ ਕੀਤੀ ਪਰ ਦਿਲਾਂ ਦੀਆਂ ਬੁੱਝਣ ਵਾਲੇ ਨਾਨਕ ਨੇ ਉਨ੍ਹਾਂ ਦੀ ਵਿਉਂਤ ਹਮੇਸ਼ਾ ਲਈ ਫੇਲ੍ਹ ਕਰ ਦਿੱਤੀ। ਇਹ ਕੰਧ ਅਜੇ ਵੀ ਬਟਾਲੇ ਵਿਚ ਯਾਦਗਾਰ ਦੇ ਤੌਰ 'ਤੇ ਕਾਇਮ ਹੈ। ਆਪ ਜੀ ਦੇ ਘਰ ਦੋ ਪੁੱਤਰ ਬਾਬਾ ਸ੍ਰੀ ਚੰਦ ਅਤੇ ਲਖਮੀ ਜੀ ਦਾਸ ਪੈਦਾ ਹੋਏ।

35 ਸਾਲ ਦੀ ਉਮਰ ਵਿਚ ਗੁਰੂ ਜੀ ਆਪਣੀ ਭੈਣ ਨਾਨਕੀ ਦੇ ਗ੍ਰਹਿ ਸੁਲਤਾਨਪੁਰ ਵਿਖੇ ਪਹੁੰਚ ਗਏ। ਇਥੇ ਆਪ ਨਵਾਬ ਦੌਲਤ ਖਾਂ ਲੋਧੀ ਦੇ ਮੋਦੀ ਬਣ ਗਏ। ਕਾਰੋਬਾਰ ਤੋਂ ਵਿਹਲੇ ਹੋ ਕੇ ਗੁਰੂ ਜੀ ਇਸ ਨਗਰ ਵਿਚ ਸਤਿਸੰਗ ਵੀ ਕਰਿਆ ਕਰਦੇ ਸਨ। ਇਸ ਸਤਿਸੰਗ ਦੀ ਬਦੌਲਤ ਸਿੱਖੀ ਧਾਰਕਾਂ ਦੀ ਗਿਣਤੀ ਵਿਚ ਚੋਖਾ ਵਾਧਾ ਹੋਇਆ। ਇਥੇ ਹੀ ਮਲਸੀਹਾਂ ਦੇ ਵਸਨੀਕ ਭਗੀਰਥ ਅਤੇ ਮਨਸੁੱਖ ਆਪ ਜੀ ਦੇ ਸਿੱਖ ਬਣੇ। 1507 ਈ: ਵਿੱਚ ਗੁਰੂ ਨਾਨਕ ਸਾਹਿਬ ਜੀ ਵਲੋਂ ਜਗਤ ਜਲੰਦੇ ਦੇ ਸੁਧਾਰ ਹਿੱਤ ਇਕਾਂਤਵਾਸ ਕੀਤਾ ਗਿਆ। ਇਸ ਇਕਾਂਤਵਾਸ ਤੋਂ ਬਾਦ ਉਨ੍ਹਾਂ ਨੇ ਭਟਕੀ ਹੋਈ ਲੋਕਾਈ ਨੂੰ ਇਕ ਨਵੀਨ 'ਨਾਅਰਾ ਨਾ ਕੋ ਹਿੰਦੂ ਨਾ ਮੁਸਲਮਾਨ' ਦਿੱਤਾ। ਮਨੁੱਖਤਾ ਨੂੰ ਪਰਨਾਏ ਇਸ ਨਾਅਰੇ ਦੀ ਖ਼ੂਬ ਚਰਚਾ ਹੋਈ ਪਰ ਇਹ ਚਰਚਾ ਉਸ ਵਕਤ ਦੇ ਨਵਾਬ ਅਤੇ ਕਾਜ਼ੀ ਨੂੰ ਹਜ਼ਮ ਨਾ ਹੋ ਸਕੀ। ਉਨ੍ਹਾਂ ਨੇ ਗੁਰੂ ਜੀ ਦੀ ਇਨਕਲਾਬੀ ਸੋਚ ਦਾ ਵਿਰੋਧ ਕੀਤਾ ਪਰ ਜਿੱਤ ਆਖ਼ਰ ਸੱਚ ਦੀ ਹੀ ਹੋਈ।

ਉਸ ਸਮੇਂ ਭਾਰਤੀ ਸਮਾਜ ਜਾਤੀਆਂ ਅਤੇ ਧਾਰਮਿਕ ਫਿਰਕਿਆਂ ਵਿਚ ਵੰਡਿਆ ਹੋਇਆ ਸੀ। ਮਨੁੱਖ ਦੀ ਪਛਾਣ ਕਰਮ ਆਧਾਰਿਤ ਨਾ ਹੋ ਕੇ ਸਗੋਂ ਜਨਮ ਆਧਾਰਿਤ ਸੀ। ਅਜਿਹੀ ਤਰਸਯੋਗ ਸੂਰਤ-ਏ-ਹਾਲ ਵਿਚ ਸਿਫ਼ਤੀ ਅਤੇ ਇਨਕਲਾਬੀ ਤਬਦੀਲੀ ਲਿਆਉਣ ਲਈ ਗੁਰੂ ਨਾਨਕ ਦੇਵ ਜੀ ਨੇ ਸਤੰਬਰ 1507 ਈ: ਨੂੰ ਭਾਈ ਮਰਦਾਨੇ ਨੂੰ ਨਾਲ ਲੈ ਕੇ ਦੁਨੀਆ ਦੀਆਂ ਵੱਖ-ਵੱਖ ਦਿਸ਼ਾਵਾਂ ਵਿਚ ਉਦਾਸੀਆਂ ਕੀਤੀਆਂ।

ਪਹਿਲੀ ਉਦਾਸੀ : ਇਸ ਦਾ ਸਮਾਂ ਲਗਪਗ 8 ਸਾਲ ਹੈ। ਇਸ ਉਦਾਸੀ ਦੌਰਾਨ ਉਹ ਸਭ ਤੋਂ ਪਹਿਲਾਂ ਐਮਨਾਬਾਦ ਗਏ ਜੋ ਤਲਵੰਡੀ ਤੋਂ ਲਗਪਗ 60 ਕਿ: ਮੀ:'ਤੇ ਸਥਿਤ ਹੈ। ਇਥੇ ਆਪ ਧਰਮ ਦੀ ਕਿਰਤ ਕਰਨ ਵਾਲੇ ਭਾਈ ਲਾਲੋ ਦੇ ਘਰ ਠਹਿਰੇ। ਭਾਈ ਸਾਹਿਬ ਲੱਕੜੀ ਦਾ ਕੰਮ ਕਰਦੇ ਸਨ। ਬ੍ਰਾਹਮਣਾਂ ਨੇ ਇਸ ਗੱਲ ਦਾ ਬੁਰਾ ਮਨਾਇਆ ਕਿ ਗੁਰੂ ਜੀ ਨੀਵੀਂ ਜਾਤੀ ਦੇ ਵਿਅਕਤੀ ਦੇ ਘਰ ਕਿਉਂ ਠਹਿਰੇ ਹਨ। ਪਰ ਆਪ ਨੇ ਇਸ ਵਿਰੋਧ ਦਾ ਕੋਈ ਅਸਰ ਨਾ ਕਬੂਲਿਆ। ਕਿਉਂਕਿ ਉਨ੍ਹਾਂ ਦਾ ਮਿਸ਼ਨ ਵੀ ਵਰਣਵਾਦੀ ਸਿਸਟਮ ਨੂੰ ਤੋੜਨਾ ਸੀ। ਇਸ ਮਿਸ਼ਨ ਦੀ ਹੀ ਪੁਸ਼ਟੀ ਕਰਦਾ ਹੈ ਉਨ੍ਹਾਂ ਦਾ ਇਹ ਫੁਰਮਾਨ :

ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ॥
ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ॥ (ਪੰਨਾ-15)

ਹਰਿਦੁਆਰ ਵਿਖੇ ਵਿਸਾਖੀ ਦਾ ਪੁਰਬ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਸੀ। ਸ਼ਰਧਾਲੂ ਗੰਗਾ ਵਿਚ ਸਿਰਫ਼ ਇਸ਼ਨਾਨ ਹੀ ਨਹੀਂ ਕਰਦੇ ਸਗੋਂ ਆਪਣੇ ਪਿੱਤਰਾਂ ਨੂੰ ਸੂਰਜ ਰਾਹੀਂ ਪਾਣੀ ਵੀ ਪਹੁੰਚਾਉਂਦੇ ਸਨ। ਗੁਰੂ ਜੀ ਨੇ ਜਿਥੇ ਬੜੇ ਨਾਟਕੀ ਢੰਗ ਨਾਲ ਅਜਿਹੇ ਵਿਚਾਰਾਂ ਨੂੰ ਤਿਲਾਂਜਲੀ ਦੇਣ ਦਾ ਉਪਦੇਸ਼ ਦਿੱਤਾ, ਉਥੇ ਵੈਸ਼ਨਵ ਸਾਧੂਆਂ ਨੂੰ ਮਨੁੱਖੀ ਬਰਾਬਰਤਾ ਦਾ ਸਬਕ ਵੀ ਦਿੱਤਾ।

ਗੋਰਖ ਮਤੇ ਗੋਰਖ ਨਾਥ ਅਤੇ ਉਸਦੇ ਚੇਲਿਆਂ ਦਾ ਗੜ੍ਹ ਸੀ। ਇਹ ਸਥਾਨ ਪੀਲੀਭੀਤ ਤੋਂ ਲਗਪਗ 20 ਕੁ ਕਿਲੋਮੀਟਰ ਦੀ ਵਿੱਥ 'ਤੇ ਸਥਿਤ ਹੈ। ਇਥੇ ਗੁਰੂ ਜੀ ਨੇ ਜੋਗੀਆਂ ਨੂੰ ਸਮਝਾਇਆ ਕਿ ਪਰਮਾਤਮਾ ਬਾਹਰੀ ਭੇਖ 'ਤੇ ਨਹੀਂ ਰੀਝਦਾ ਸਗੋਂ ਉਸ ਦੀ ਪ੍ਰਾਪਤੀ ਦੀ ਜੁਗਤ ਵਿਕਾਰ ਰਹਿਤ ਜੀਵਨ ਬਸਰ ਕਰਦਿਆਂ ਉਸ ਦੀ ਸਿਫਤ ਸਲਾਹ ਕਰਨਾ ਹੈ। ਗੁਰੂ ਜੀ ਦੀ ਆਮਦ ਸਦਕਾ ਇਸ ਸਥਾਨ ਦਾ ਨਾਂ ਗੋਰਖ ਮਤੇ ਤੋਂ ਤਬਦੀਲ ਹੋ ਕੇ ਨਾਨਕ ਮਤਾ ਪੈ ਗਿਆ।

ਨਾਨਕ ਮਤੇ ਤੋਂ ਪ੍ਰਚਾਰ ਕਰਦੇ ਹੋਏ ਗੁਰੂ ਨਾਨਕ ਸਾਹਿਬ ਜੀ ਦੀਵਾਲੀ ਵਾਲੇ ਦਿਨ ਅਯੁੱਧਿਆ ਪਹੁੰਚੇ। ਇਥੇ ਆਪ ਜੀ ਦੀ ਭੇਟ ਭਾਈ ਰਾਮਾਨੰਦ ਜੀ ਦੇ ਚੇਲਿਆਂ ਨਾਲ ਹੋਈ। ਇਨ੍ਹਾਂ ਬੈਰਾਗੀਆਂ ਨੂੰ ਮੁਕਤੀ ਮਾਰਗ ਬਾਰੇ ਦੱਸਦਿਆਂ ਗੁਰੂ ਜੀ ਨੇ ਫੁਰਮਾਇਆ ਕਿ ਮੂਰਤੀ ਪੂਜਾ ਨੂੰ ਤਿਆਗ ਕੇ ਇਕ ਅਕਾਲ ਪੁਰਖ ਦੀ ਪੂਜਾ ਵਿਚ ਲੱਗ ਜਾਉ।

ਬਨਾਰਸ ਸੰਸਕ੍ਰਿਤ ਵਿਦਿਆ ਅਤੇ ਹਿੰਦੂ ਧਰਮ ਦਾ ਕੇਂਦਰ ਹੈ। ਇਥੇ ਆਪ ਨੇ ਸਮਝਾਇਆ ਕਿ ਧਾਰਮਿਕ ਪਹਿਰਾਵਾ ਬ੍ਰਾਹਮਣ ਹੋਣ ਦੀ ਬਾਹਰਮੁਖੀ ਨਿਸ਼ਾਨੀ ਹੈ ਪਰ ਅਸਲੀ ਬ੍ਰਾਹਮਣ ਫੋਕਟ ਕਰਮਕਾਂਡਾਂ ਵਿਚ ਸਮਾਂ ਨਸ਼ਟ ਕਰਨ ਦੀ ਬਜਾਏ ਉਸ ਪ੍ਰਭੂ ਦੀ ਸਿਫਤ ਸਲਾਹ ਵਿਚ ਸਮਾਂ ਬਤੀਤ ਕਰਦਾ ਹੈ। ਇਥੋਂ ਆਪ ਨੇ ਸਤਿਗੁਰ ਕਬੀਰ, ਗੁਰੂ ਰਵਿਦਾਸ ਅਤੇ ਸੰਤ ਰਾਮਾਨੰਦ ਜੀ ਦੀ ਬਾਣੀ ਪ੍ਰਾਪਤ ਕੀਤੀ। ਗਯਾ ਬਿਹਾਰ ਪ੍ਰਾਂਤ ਵਿਚ ਲੋਕਾਂ ਨੂੰ ਸਿਖਿਆ ਦਿੰਦਿਆਂ ਕਿਹਾ ਕਿ ਮੌਤ ਪਿਛੋਂ ਕੀਤੀਆਂ ਜਾਣ ਵਾਲੀਆਂ ਰਸਮਾਂ ਦਾ ਵਿਛੜੀ ਹੋਈ ਆਤਮਾ ਨੂੰ ਕੋਈ ਲਾਭ ਨਹੀਂ ਪਹੁੰਚਦਾ।

**ਗੁਰੂ ਜੀ ਨੇ ਜੋਗੀਆਂ ਨੂੰ ਸਮਝਾਇਆ ਕਿ ਪਰਮਾਤਮਾ ਬਾਹਰੀ ਭੇਖ 'ਤੇ ਨਹੀਂ ਰੀਝਦਾ। ਉਸ ਦੀ ਪ੍ਰਾਪਤੀ ਦੀ ਜੁਗਤ ਵਿਕਾਰ ਰਹਿਤ ਜੀਵਨ ਬਸਰ ਕਰਨ 'ਚ ਹੈ...**



15 ਸਤੰਬਰ ਜੋਤੀ ਜੋਤ ਦਿਵਸ 'ਤੇ

ਢਾਕੇ ਵਿੱਚੋਂ ਗੁਰੂ ਜੀ ਨੇ ਭਗਤ ਜੈ ਸਾਹਿਬ ਜੀ ਦੇ ਦੋ ਸ਼ਬਦ ਪ੍ਰਾਪਤ ਕੀਤੇ। ਇਸ ਉਦਾਸੀ ਦੇ ਸਫ਼ਰ ਦੌਰਾਨ ਗੁਰੂ ਜੀ ਸਿੰਗਲਾਦੀਪ (ਸ੍ਰੀ ਲੰਕਾ) ਪਹੁੰਚੇ। ਇਥੋਂ ਦਾ ਰਾਜਾ ਸ਼ਿਵਨਾਭ ਜੋ ਕਿ ਗੁਰੂ ਜੀ ਦਾ ਅਨਿਨ ਸ਼ਰਧਾਲੂ ਸੀ, ਨੂੰ ਦਰਸ਼ਨਾਂ ਦੀ ਤੀਬਰ ਤਾਂਘ ਸੀ। ਗੁਰੂ ਜੀ ਨੇ ਉਸ ਨੂੰ ਦਰਸ਼ਨ ਦੇ ਕੇ ਉਸ ਦੀ ਤਾਂਘ ਪੂਰੀ ਕੀਤੀ। ਇਸ ਉਦਾਸੀ ਦੌਰਾਨ ਹੀ ਗੁਰੂ ਨਾਨਕ ਸਾਹਿਬ ਜੀ ਦਿੱਲੀ ਵਿਖੇ ਜਮਨਾ ਨਦੀ ਦੇ ਕਿਨਾਰੇ ਮਜਨੂੰ ਭਗਤ ਨੂੰ ਮਿਲੇ, ਉਨ੍ਹਾਂ ਦੇ ਮਿਲਾਪ ਦੀ ਸ਼ਾਹਦੀ ਭਰਦਾ ਹੈ, ਗੁਰਦੁਆਰਾ ਮਜਨੂੰ ਟਿੱਲਾ।

ਗੁਰੂ ਜੀ ਦੀ ਇਸ (ਪਹਿਲੀ) ਉਦਾਸੀ ਦਾ ਅੰਤਮ ਪੜਾਅ ਕੁਰੂਕਸ਼ੇਤਰ ਸੀ। ਇਥੇ ਆਪ ਨੇ ਸੂਰਜ ਗ੍ਰਹਿਣ ਸਮੇਂ ਭੋਜਨ ਦੇ ਛਕਣ ਦੇ ਵਿਚਾਰਾਂ ਦਾ ਖੰਡਣ ਕੀਤਾ ਜੋ ਬ੍ਰਾਹਮਣਾਂ ਦੁਆਰਾ ਨਿੱਜੀ ਸੁਆਰਥ ਹਿੱਤ ਫੈਲਾਏ ਗਏ ਸਨ।

ਦੂਜੀ ਉਦਾਸੀ : ਪਹਿਲੀ ਉਦਾਸੀ ਦੀ ਤਰਜ਼'ਤੇ ਦੂਜੀ ਉਦਾਸੀ ਦਾ ਮੁਹਾਣ ਵੀ ਹਿੰਦੂ ਤੀਰਥ ਅਸਥਾਨਾਂ ਅਤੇ ਸਿੱਧ ਜੋਗੀਆਂ ਦੇ ਟਿਕਾਣਿਆਂ ਵੱਲ ਸੀ। ਸੁਮੇਰ ਪਰਬਤ ਦੀਆਂ ਗੁਫਾਵਾਂ ਵਿਚ ਸਿੱਧ, ਜੋਗੀ ਤੇ ਨਾਥ ਨਿਵਾਸ ਕਰਦੇ ਸਨ। ਇਥੇ ਗੁਰੂ ਸਾਹਿਬ ਦੀਆਂ ਸਿੱਧਾਂ ਨਾਲ ਧਾਰਮਿਕ ਗੋਸ਼ਟੀਆਂ ਹੋਈਆਂ। ਜੋ ਸਿੱਧ ਜੋਗੀ ਗੁਰੂ ਜੀ ਦੇ ਤਰਕ ਦਾ ਸਾਹਮਣਾ ਨਾ ਕਰ ਸਕੇ ਤਾਂ ਉਨ੍ਹਾਂ ਨੇ ਕਰਾਮਾਤੀ ਚੱਕਰ ਚਲਾਉਣੇ ਸ਼ੁਰੂ ਕਰ ਦਿੱਤੇ ਪਰ ਇਹ ਚੱਕਰ ਵੀ ਗੁਰੂ ਸਾਹਿਬ 'ਤੇ ਕੋਈ ਪ੍ਰਭਾਵ ਨਾ ਪਾ ਸਕੇ। ਅਖੀਰ ਸਿੱਧਾਂ ਨੇ ਗੁਰੂ ਜੀ ਦੇ ਦਲੀਲਮਈ ਵਿਚਾਰਾਂ ਅੱਗੇ ਹਥਿਆਰ ਸੁੱਟ ਦਿੱਤੇ। ਸੁਮੇਰ ਪਰਬਤ ਤੋਂ ਬਾਅਦ ਗੁਰੂ ਜੀ ਨੇਪਾਲ ਪਹੁੰਚੇ ਅਤੇ ਉਥੋਂ ਦੇ ਰਾਜੇ ਰਘਬੀਰ ਨੂੰ ਆਪਣਾ ਸੇਵਕ ਬਣਾਇਆ।

ਕਸ਼ਮੀਰ ਦੇ ਇਲਾਕੇ ਵਿਚ ਗੁਰੂ ਜੀ ਨੇ ਸ੍ਰੀਨਗਰ, ਮਟਨ ਸਾਹਿਬ, ਅਮਰਨਾਥ ਅਤੇ ਵੈਸ਼ਨੋ ਸਾਹਿਬੀ ਦਾ ਰਟਨ ਕੀਤਾ ਅਤੇ ਲੋਕਾਂ ਨੂੰ ਸੱਚ ਦਾ ਰਾਹ ਵਿਖਾਇਆ। ਜੰਮੂ ਵਿਚ ਆਪ ਨੇ ਰਘੂਨਾਥ ਮੰਦਰ ਵਿਚ ਟਿਕਾਣਾ ਕੀਤਾ ਅਤੇ ਇਥੇ ਜੁੜੀ ਲੋਕਾਈ ਨੂੰ ਪੱਥਰ ਪੂਜਣ ਤੋਂ ਵਰਜਿਆ। ਸਿਆਲਕੋਟ ਵਿਚ ਗੁਰੂ ਨਾਨਕ ਸਾਹਿਬ ਜੀ ਨੇ ਪੀਰ ਹਮਜ਼ਾ ਗੌਂਸ ਨੂੰ ਸਿੱਧੇ ਰਾਹੇ ਪਾਇਆ ਅਤੇ ਮੌਤ ਦੀ ਸੱਚਾਈ ਨੂੰ ਬਿਆਨ ਕੀਤਾ। ਇਸ ਉਦਾਸੀ ਦਾ ਛੇਕੜਲਾ ਪੜਾਅ ਪਸਰੂਰ ਸੀ। ਇਥੇ ਗੁਰੂ ਜੀ ਦੀ ਮੀਆਂ ਮਿੱਠਾ ਰਾਮ ਦੇ ਫਕੀਰ ਨਾਲ ਚਰਚਾ ਹੋਈ ਅਤੇ ਆਪ ਨੇ ਉਸ ਨੂੰ ਗੁਰਮਤਿ ਗਿਆਨ ਦੀ ਬਖ਼ਸ਼ਿਸ਼ ਕੀਤੀ।

ਤੀਜੀ ਉਦਾਸੀ :- ਗੁਰੂ ਨਾਨਕ ਸਾਹਿ ਜੀ ਦੀ ਤੀਜੀ ਉਦਾਸੀ ਮੁਸਲਮਾਨੀ ਮੱਤ ਦੇ ਧਾਰਮਿਕ ਸਥਾਨਾਂ ਵੱਲ ਸੀ। ਤਿੰਨ ਵਰ੍ਹਿਆਂ ਦੀ ਇਸ ਉਦਾਸੀ ਦੌਰਾਨ ਗੁਰੂ ਨਾਨਕ ਸਾਹਿਬ ਜੀ ਨੇ ਇਸਲਾਮ ਧਰਮ ਦੇ ਪੀਰਾਂ, ਫਕੀਰਾਂ, ਮੌਲਵੀਆ ਅਤੇ ਹੋਰ ਪੈਰੋਕਾਰਾਂ ਨੂੰ ਅੱਲ੍ਹਾ ਤੋਂ ਦੂਰ ਲਿਜਾ ਵਾਲੇ ਵਿਚਾਰ ਅਤੇ ਵਿਵਹਾਰ ਤੋਂ ਪ੍ਰਹੇਜ ਕਰ ਦਾ ਉਪਦੇਸ਼ ਦਿੱਤਾ।

ਪਾਕਪਟਨ ਦਾ ਪਹਿਲਾ ਨਾਂ ਅਜੋਧਨ ਸੀ ਗੁਰੂ ਸਾਹਿਬ ਉਥੇ ਬਾਬਾ ਸ਼ੇਖ ਫਰੀਦ ਦੇ 11ਵੇ ਗੱਦੀ-ਨਸ਼ੀਨ ਬਾਬਾ ਸ਼ੇਖ ਬ੍ਰਹਮ ਨੂੰ ਮਿਲੇ ਅ ਬਾਬਾ ਫਰੀਦ ਦੀ ਬਾਣੀ ਪ੍ਰਾਪਤ ਕੀਤੀ ਜੋ ਗੁਰਮਤਿ ਦੀ ਅਨੁਸਾਰੀ ਸੀ।

ਇਸ ਤੋਂ ਅਗਲੇਰਾ ਪੈਂਡਾ ਤਹਿ ਕਰਦੇ ਗੁਰੂ ਜੀ ਤੁਲੰਬੇ ਜੋ ਲਾਹੌਰ ਤੋਂ ਮੁਲਤਾਨ ਵਾਲੀ ਸੜਕ ਉਤੇ ਸਥਿਤ ਹੈ, ਪਹੁੰਚੇ। ਇਥੋਂ ਦਾ ਵਸਨੀਕ ਸੱਜਣ ਮੱ ਪਹਿਲਾਂ ਆਏ-ਗਏ ਨੂੰ ਆਪਣੇ ਮੁਸਾਫਰਖਾ ਵਿਚ ਠਹਿਰਾ ਦਿੰਦਾ ਸੀ, ਪਰ ਬਾਅਦ ਵਿਚ ਲਾਲ ਵੱਸ ਆ ਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੰਦ ਸੀ। ਜਦੋਂ ਗੁਰੂ ਜੀ ਭਾਈ ਮਰਦਾਨੇ ਸਮੇਤ ਉਸ ਕੋਲ ਪਹੁੰਚੇ ਤਾਂ ਉਸ ਨੇ ਅਜਿਹੇ ਪਾਪਾਂ ਤੋਂ ਤੌਬ ਕੀਤੀ ਅਤੇ ਧਰਮੀ ਬੰਦਾ ਬਣਨ ਦਾ ਵਚਨ ਦਿੱਤਾ ਮੱਕਾ ਅਰਬ ਦੇਸ਼ ਦਾ ਅੰਤਰਰਾਸ਼ਟਰੀ ਪ੍ਰਸਿੱਧ ਦਾ ਸ਼ਹਿਰ ਹੈ। ਇਥੇ ਇਸਲਾਮ ਦੇ ਪੈਰੋਕਾਰਾਂ ਦ ਤੀਰਥ ਸਥਾਨ ਕਾਅਬਾ ਵਾਕਿਆ ਹੈ। ਇਥੇ ਆਪ ਨੇ ਮੁਸਲਮਾਨ ਕਾਜ਼ੀਆਂ, ਪੀਰਾਂ ਅਤੇ ਫਕੀਰਾਂ ਨੂੰ ਖੁਦਾ ਦੀ ਸਰਵਵਿਆਪਕਤਾ ਦਾ ਉਪਦੇਸ਼ ਦੇ ਕ ਉਨ੍ਹਾਂ ਦੇ ਤੰਗਦਿਲੀ ਵਾਲੇ ਭਰਮ ਨੂੰ ਤੋੜਿਆ।

ਹਸਨ ਅਬਦਾਲ ਵਿਖੇ ਗੁਰੂ ਨਾਨਕ ਸਾਹਿ ਜੀ ਨੇ ਇਕ ਕਰਾਮਾਤੀ ਫ਼ਕੀਰ ਵਲੀ ਕੰਧਾਰ ਦਾ ਹੰਕਾਰ ਤੋੜਿਆ। ਜਿਸ ਨੇ ਆਪਣੇ ਆਪ ਨੂੰ ਕਰਾਮਾਤੀ ਸਮਝਦਿਆਂ ਗੁਰੂ ਸਾਹਿਬ ਅ ਭਾਈ ਮਰਦਾਨਾ ਜੀ ਨਾਲ ਬੁਰਾ ਵਿਵਹਾਰ ਕੀਤ ਸੀ। ਜਦੋਂ ਉਸ ਨੂੰ ਆਪਣੀ ਭੁੱਲ ਦਾ ਅਹਿਸਾਸ ਹੋਇਆ ਤਾਂ ਉਸ ਨੇ ਗੁਰੂ ਜੀ ਦੇ ਚਰਨੀ ਢਹਿ ਕੇ ਭੁੱਲ ਬਖਸ਼ਾਈ। ਇਥੇ ਇਸ ਘਟਨਾ ਨੂੰ ਤਾਜ਼ ਕਰਦਿਆਂ ਹੋਇਆਂ ਗੁਰਦੁਆਰਾ ਪੰਜਾ ਸਾਹਿਬ ਮੌਜੂਦ ਹੈ।

ਇਤਿਹਾਸ 'ਚ ਸੈਦਪੁਰ ਦੀ ਘਟਨਾ ਵੀ ਸੁਨਹਿਰੀ ਅੱਖਰਾਂ 'ਚ ਲਿਖੀ ਹੋਈ ਹੈ। ਇਥੇ ਆਪ ਸਿੱਖ ਸ਼ਰਧਾਲੂ ਭਾਈ ਲਾਲੋ ਦੇ ਘਰ ਠਹਿਰੇ। ਇਸ ਠਹਿਰ ਸਮੇਂ ਬਾਬਰ ਦਾ ਹਮਲਾ ਹੋ ਗਿਆ। ਇਸ ਹਮਲੇ ਤਹਿਤ ਮਾਰਧਾੜ ਅਤੇ ਲੁੱਟ ਕਾਰਨ ਚਾਰੇ ਪਾਸੇ ਹਾਹਾਕਾਰ ਮੱਚ ਗਈ। ਸ਼ਹਿਰ ਤਬਾਹ ਹੋ ਗਏ, ਜੋ ਪ੍ਰਾਣੀ ਬਚ ਗਏ ਸਨ, ਉਨ੍ਹਾਂ ਨੂੰ ਕੈਦ ਕਰ ਲਿਆ ਗਿਆ। ਗੁਰੂ ਜੀ ਵੀ ਭਾਈ ਮਰਦਾਨੇ ਸਮੇਤ ਕੈਦ ਹੋ ਗਏ। ਇਸ ਕੈਦ ਦੌਰਾਨ ਗੁਰੂ ਜੀ ਨੇ ਬਾਬਰ ਨੂੰ ਖਰੀਆਂ-ਖਰੀਆਂ ਸੁਣਾਈਆਂ। ਗੁਰੂ ਜੀ ਮੂੰਹੋਂ ਸੱਚ ਸੁਣ ਕੇ ਬਾਬਰ ਨੇ ਸਾਰੇ ਕੈਦੀਆਂ ਨੂੰ ਰਿਹਾਅ ਕਰਨ ਦੇ ਹੁਕਮ ਦੇ ਦਿੱਤੇ।

ਕਿਹਾ ਜਾ ਸਕਦਾ ਹੈ ਕਿ ਗੁਰੂ ਨਾਨਕ ਦੇਵ ਜੀ ਨੂੰ ਉਸ ਵਕਤ ਲੋਕਾਈ ਨਾਲ ਹੁੰਦੇ ਧੱਕੇ ਅ ਬੇਇਨਸਾਫ਼ੀ ਦਾ ਇਲਮ ਹੀ ਨਹੀਂ ਸਗੋਂ ਉਨ੍ਹਾਂ ਦੇ ਮਨ ਮੰਦਰ ਵਿਚ ਲੋਕਾਂ ਦਾ ਦਰਦ ਵੀ ਸੀ। ਇਸ ਦਰਦ ਨੂੰ ਵੰਡਾਉਣ ਲਈ ਉਨ੍ਹਾਂ ਦੇਸ਼-ਵਿਦੇਸ਼ ਦਾ ਕੋਹਾਂ ਮੀਲ ਪੈਂਡਾ ਤਹਿ ਕੀਤਾ। ਇਹ ਇਕ ਅਜਿਹਾ ਬਿਖੜਿਆ ਪੈਂਡਾ ਸੀ ਜਿਸ ਉੱਪਰ ਚੱਲਣ ਗੁਰੂ ਨਾਨਕ ਦੇਵ ਜੀ ਵਰਗੇ ਦਲੇਰ, ਫਿਲਾਸਫਰ ਅਤੇ ਸੱਚ ਦੇ ਵਪਾਰੀ ਮਹਾਂਪੁਰਖ ਦੇ ਹੀ ਹਿੱਸੇ ਆ ਸਕਦਾ ਹੈ।

**ਮੋਬਾਈਲ :** 946313271

# ਤਬਲੇ ਦੇ ਅੰਗਾਂ ਬਾਰੇ ਜਾਣਕਾਰੀ

**ਇਕਵਾਕ ਸਿੰਘ ਪੱਟੀ**

ਤਬਲਾ ਦੋ ਹਿੱਸਿਆਂ ਵਿਚ ਵੰਡਿਆ ਹੁੰਦਾ ਹੈ। ਸੱਜੇ ਵਾਲੇ ਹਿੱਸੇ ਨੂੰ ਚੱਟੂ, ਚੱਨੂ ਅਤੇ ਪੁੜਾ ਆਦਿ ਨਾਵਾਂ ਨਾਲ ਜਾਣਿਆ ਜਾਂਦਾ ਹੈ। ਖੱਬੇ ਵਾਲੇ ਪਾਸੇ ਨੂੰ ਡੁੱਗੀ, ਡੱਗਾ ਜਾਂ ਧਾਮਾ ਆਦਿ ਕਿਹਾ ਜਾਂਦਾ ਹੈ। ਇਨ੍ਹਾਂ ਦੋਵੇਂ ਹਿੱਸਿਆਂ ਦਾ ਆਪਸ ਵਿਚ ਆਕਾਰ ਦਾ ਵੀ ਕਾਫ਼ੀ ਵਖਰੇਵਾਂ ਹੁੰਦਾ ਹੈ। ਕੁੱਝ ਤਬਲਾ ਵਾਦਕ ਚੱਨੂ ਨੂੰ 'ਨਰ' ਅਤੇ 'ਡੁੱਗੀ' (ਧਾਮਾ) ਨੂੰ 'ਮਾਦਾ' ਦੀ ਬਰਾਬਰਤਾ ਵੀ ਦਿੰਦੇ ਹਨ। ਇਨ੍ਹਾਂ ਦੋਹਾਂ ਨੂੰ ਮਿਲਾ ਕੇ 'ਤਬਲਾ' ਜਾਂ 'ਜੋੜੀ' ਕਿਹਾ ਜਾਂਦਾ ਹੈ। ਪੁਰਾਣੇ ਸਮਿਆਂ ਵਿਚ ਸਿੱਖ ਕੀਰਤਨੀਏ ਜਾਂ ਗਵੱਈਏ ਆਟੇ ਵਾਲੇ ਧਾਮੇ ਦੀ ਵਰਤੋਂ ਵੀ ਕਰਿਆ ਕਰਦੇ ਸਨ, ਉਦੋਂ ਸਿਆਹੀ ਦਾ ਰਿਵਾਜ ਅਜੇ ਨਹੀਂ ਸੀ ਹੋਇਆ।।



## ਸੱਜਾ ਪਾਸਾ (ਚੱਨੂ)

ਇਹ ਆਮ ਤੌਰ 'ਤੇ ਲੱਕੜੀ ਦਾ ਬਣਿਆ ਹੁੰਦਾ ਹੈ। ਜਿਸ ਨੂੰ ਬਣਾਉਣ ਲਈ ਮੁੱਖ ਰੂਪ ਵਿਚ ਅੰਬ, ਕਟਹਲ, ਬਬੂਲ, ਵਿਜੈਸਾਰ, ਚੰਦਨ, ਟਾਹਲੀ ਆਦਿ ਦੀ ਲੱਕੜੀ ਨੂੰ ਵਰਤਿਆ ਜਾਂਦਾ ਹੈ। ਵਿਜੈਸਾਰ ਦੀ ਲੱਕੜੀ ਨੂੰ ਦੂਜੀਆਂ ਨਾਲੋਂ ਵਧੇਰੇ ਉੱਤਮ ਮੰਨਿਆ ਜਾਂਦਾ ਹੈ। ਇਸਦੀ ਉਚਾਈ ਇਕ ਫੁੱਟ ਦੇ ਕਰੀਬ ਹੁੰਦੀ ਹੈ ਅਤੇ ਅੰਦਰਲਾ ਹਿੱਸਾ ਖੋਖਲਾ ਹੁੰਦਾ ਹੈ। ਇਸਦਾ ਥੱਲੇ ਵਾਲਾ ਹਿੱਸਾ ਚੌੜਾ ਅਤੇ ਉਪਰਲੇ ਪਾਸਿਉਂ ਮੂੰਹ ਵਾਲਾ ਹਿੱਸਾ ਛੋਟਾ ਹੁੰਦਾ ਹੈ। ਉਪਰਲਾ ਮੂੰਹ ਵਾਲੇ ਪਾਸੇ ਤੋਂ ਜੇ ਆਕਾਰ ਛੋਟਾ ਹੋਵੇਗਾ ਤਾਂ ਉਸ ਪੁੜੇ ਨੂੰ ਉੱਚੇ ਸੁਰ 'ਤੇ ਮਿਲਾਇਆ ਜਾ ਸਕੇਗਾ ਅਤੇ ਜੇ ਉਪਰਲਾ ਹਿੱਸਾ ਚੌੜਾਈ ਵਿਚ ਹੈ (ਭਾਵ ਵੱਡਾ ਹੈ) ਤਾਂ ਉਸ ਪੁੜੇ ਨੂੰ ਨੀਵੇਂ ਸੁਰ 'ਤੇ ਮਿਲਾਇਆ ਜਾ ਸਕੇਗਾ। ਪੁਰਾਣੇ ਸਮੇਂ ਵਿਚ ਚੱਨੂ ਦੀ ਚੌੜਾਈ ਇਕ ਫੁੱਟ ਅਤੇ ਮੂੰਹ ਦੀ ਚੌੜਾਈ ਲਗਪਗ ਸਾਢੇ ਸੱਤ ਇੰਚ ਤਕ ਦੀ ਹੁੰਦੀ ਸੀ, ਪਰ ਅੱਜ-ਕੱਲ੍ਹ ਮੂੰਹ ਦੀ ਚੌੜਾਈ ਦਾ ਆਕਾਰ ਪੰਜ ਤੋਂ ਸਾਢੇ ਪੰਜ ਇੰਚ ਤਕ ਜ਼ਿਆਦਾ ਪ੍ਰਚੱਲਿਤ ਹੈ।।

ਇਸ ਦੇ ਬਾਕੀ ਵੱਖ-ਵੱਖ ਬਾਗਾਂ ਬਾਰੇ ਜਾਣਕਾਰੀ ਹੇਠ ਲਿਖੇ ਅਨੁਸਾਰ ਹੈ :

## ਪੁੜੀ/ਪੁੜਾ

ਤਬਲੇ ਉੱਪਰ ਵਜਾਉਣ ਲਈ ਉੱਪਰ ਜੋ ਗੋਲਾਕਾਰ ਰੂਪ ਵਿਚ ਵਿਸ਼ੇਸ਼ ਖੱਲ਼ ਮੜੀ ਹੁੰਦੀ ਹੈ, ਉਸਨੂੰ 'ਪੁੜੀ' ਜਾਂ 'ਪੁੜਾ' ਆਦਿਕ ਕਿਹਾ ਜਾਂਦਾ ਹੈ। ਇਸ ਨੂੰ ਬਣਾਉਣ ਲਈ ਬੱਕਰੇ ਦੀ ਖੱਲ ਦੀ ਵਰਤੋਂ ਕੀਤੀ ਜਾਂਦੀ ਹੈ ਅਤੇ ਖੱਬੇ ਤਬਲੇ ਉੱਪਰ ਮੜੀ ਹੋਈ ਖੱਲ ਦੇ ਮੁਕਾਬਲੇ ਜ਼ਰਾ ਪਤਲੀ ਹੁੰਦੀ ਹੈ। ਇਸ ਨੂੰ ਚੂਨੇ ਦੇ ਪਾਣੀ ਵਿਚ ਭਿਉਂ ਕੇ ਬਣਾਇਆ ਜਾਂਦਾ ਹੈ। ਇਸ ਵਿਚ ਚਮੜੇ ਦੀਆਂ ਤਿੰਨ ਪਰਤਾਂ ਹੁੰਦੀਆਂ ਹਨ। ਪਹਿਲੀ ਪਰਤ ਦਾ ਚਮੜਾ ਸਖ਼ਤ ਅਤੇ ਬਾਕੀ ਦੋ ਪਰਤਾਂ ਦਾ ਚਮੜਾ ਕਮਾਇਆ ਹੋਇਆ ਭਾਵ ਮੁਲਾਇਮ ਕੀਤਾ ਹੁੰਦਾ ਹੈ। ਇਹ ਤਿੰਨੋ ਪਰਤਾਂ ਇਕੱਠੀਆਂ ਹੀ ਗਜਰੇ ਨਾਲ ਬੰਨ੍ਹੀਆਂ ਜਾਂਦੀਆਂ ਹਨ।

## ਚਾਂਟੀ ਜਾਂ ਕਿਨਾਰ

ਪੁੜੀ ਦੇ ਉੱਪਰ ਚਾਰੇ ਪਾਸੇ ਲਗਪਗ ਅੱਧੇ ਇੰਚ ਚੌੜੀ ਚਮੜੇ ਦੀ ਇਕ ਪੱਟੀ ਬਣੀ ਹੁੰਦੀ ਹੈ,ਜਿਸ ਨੂੰ 'ਕਿਨਾਰ', 'ਕਿਨਾਰੀ' ਜਾਂ ਚਾਂਟੀ ਕਿਹਾ ਜਾਂਦਾ ਹੈ। ਇਸ ਉਪਰ ਚੋਟ ਕਰਨ ਨਾਲ 'ਨਾ' ਜਾਂ 'ਤਾ' ਦੇ ਬੋਲ ਉਤਪੰਨ ਹੁੰਦੇ ਹਨ।

## ਮੈਦਾਨ

ਕਿਨਾਰ ਅਤੇ ਸਿਆਹੀ ਦੇ ਵਿਚਾਲੇ ਪੁੜੇ ਦਾ ਜੋ ਭਾਗ ਖ਼ਾਲੀ ਹੁੰਦਾ ਹੈ, ਇਸ ਨੂੰ ਮੈਦਾਨ ਜਾਂ 'ਲਵ' ਵੀ ਕਿਹਾ ਜਾਂਦਾ ਹੈ। ਇਸ ਉੱਪਰ ਉਂਗਲ ਨਾਲ ਚੋਟ ਕਰਨ ਉਪਰੰਤ 'ਤੀ' ਜਾਂ 'ਤਿੰਨ' ਦੀ ਆਵਾਜ਼ ਪ੍ਰਗਟ ਹੁੰਦੀ ਹੈ।।

## ਸਿਆਹੀ

ਪੁੜੇ ਉੱਪਰ ਗੋਲਾਕਾਰ ਰੂਪ ਵਿਚ ਜੋ ਮਸਾਲੇ ਦੀ ਟਿੱਕੀ ਵਾਂਗ ਬਣੀ ਹੁੰਦੀ ਹੈ, ਨੂੰ ਸਿਆਹੀ ਕਿਹਾ ਜਾਂਦਾ ਹੈ। ਇਸ ਨੂੰ ਤਿਆਰ ਕਰਨ ਲਈ ਲੋਹੇ ਦਾ ਬੂਰਾ, ਨੀਲਾ ਥੋਥਾ, ਸੁਰਮਾ ਅਤੇ ਸੁਰੇਸ਼ ਆਦਿਕ ਦੀ ਵਰਤੋਂ ਕੀਤੀ ਜਾਂਦਾ ਹੈ। ਸਿਆਹੀ ਨੂੰ ਪੁੜੇ ਦੇ ਬਿਲਕੁਲ ਵਿਚਕਾਰ ਲਗਾਇਆ ਜਾਂਦਾ ਹੈ ਅਤੇ ਪਹਿਲਾਂ ਇਸ ਨੂੰ ਖੁਰਚ ਲਿਆ ਜਾਂਦਾ ਹੈ ਉਪਰੰਤ ਇਸ ਦੀ ਪੱਥਰ ਨਾਲ ਘੁਟਾਈ ਕੀਤੀ ਜਾਂਦੀ ਹੈ। ਪੁਰਾਣੇ ਸਮੇਂ ਵਿਚ ਸਿਆਹੀ ਦੀ ਥਾਂ ਆਟੇ ਦਾ ਪ੍ਰਯੋਗ ਕੀਤਾ ਜਾਂਦਾ ਸੀ, ਪਰ ਵਜਾਉਣ ਤੋਂ ਪਹਿਲਾਂ ਹਰ ਵਾਰ ਤਾਜ਼ਾ ਆਟਾ ਲਗਾਉਣ ਦੀ ਲੋੜ ਹੁੰਦੀ ਸੀ, ਜੋ ਇਕ ਵਾਰ ਵਰਤੋਂ ਉਪਰੰਤ ਉੱਖੜ ਜਾਂਦਾ ਸੀ।

ਇਸ ਕਠਿਨਾਈ ਤੋਂ ਬਚਣ ਲਈ ਆਟੇ ਦੇ ਬਦਲ ਵਜੋਂ ਲੋਹੇ ਦੇ ਬੂਰ ਤੋਂ ਤਿਆਰ ਕੀਤੀ ਜਾਣ ਵਾਲੀ ਇਸ ਪੱਕੀ ਸਿਆਹੀ ਨੂੰ ਵਰਤੋਂ ਵਿਚ ਲਿਆਂਦਾ ਗਿਆ। ਸਿਆਹੀ ਦਾ ਪੁੜੇ ਉੱਤੇ ਪਤਲੇ ਜਾਂ ਮੋਟੇ ਰੂਪ ਵਿਚ ਹੋਣ ਦਾ ਅਸਰ ਸਾਜ ਵਿੱਚੋਂ ਉਤਪੰਨ ਹੋਣ ਵਾਲੀ ਆਵਾਜ਼ ਉੱਤੇ ਵੀ ਪੈਂਦਾ ਹੈ ਜਿਵੇਂ, ਜੇ ਸਿਆਹੀ ਪਤਲੀ ਲੱਗੀ ਹੋਵੇਗੀ ਤਾਂ ਪੁੜਾ ਉੱਚੇ ਸੁਰ 'ਤੇ ਬੋਲੇਗਾ ਪਰ ਜੇ ਸਿਆਹੀ ਮੋਟੇਪਣ ਵਿਚ ਹੋਵੇਗੀ ਤਾਂ ਸੁਰ ਨੀਵਾਂ ਨਿਕਲੇਗਾ। ਸਿਆਹੀ ਦੀ ਘੁਟਾਈ ਜਿੰਨੀ ਜ਼ਿਆਦਾ ਕੀਤੀ ਹੋਵੇਗੀ, ਸਿਆਹੀ ਓਨੀ ਹੀ ਮਜ਼ਬੂਤ ਹੋਵੇਗੀ ਅਤੇ ਵਧੀਆ 0ਗੂੰਜ ਪੈਦਾ ਕਰੇਗੀ।

## ਗ਼ਜਰਾ

ਇਸ ਨੂੰ 'ਸਿੰਗਾਰ' ਵੀ ਕਿਹਾ ਜਾਂਦਾ ਹੈ। ਇਹ ਚਮੜੇ ਦੀਆਂ ਪਤਲੀਆਂ ਰੱਸੀਆਂ ਨਾਲ ਗੁੰਦੇ ਹੋਏ ਇਕ ਹਾਰ ਦੀ ਤਰ੍ਹਾਂ ਹੁੰਦਾ ਹੈ, ਜਿਸਨੂੰ ਗ਼ਜਰਾ ਕਿਹਾ ਜਾਂਦਾ ਹੈ। ਇਸ ਵਿਚ 16 ਘਰ (ਛੇਕ) ਹੁੰਦੇ ਹਨ ਅਤੇ ਇਨ੍ਹਾਂ ਵਿੱਚੋਂ ਚਮੜੇ ਦੀ ਵੱਧਰੀ ਪਾ ਕੇ ਪੁੜੇ ਨੂੰ ਕੱਸਿਆ ਗਿਆ ਹੁੰਦਾ ਹੈ।

## ਵੱਧਰੀ ਜਾਂ ਦਵਾਲ

ਜਿਸ ਚਮੜੇ ਦੀ ਮਜ਼ਬੂਤ ਰੱਸੀ ਨਾਲ 16 ਘਰਾਂ (ਛੇਕਾਂ) ਵਿੱਚੋਂ ਦੀ ਪੁੜੇ ਨੂੰ ਤਬਲੇ ਉੱਤੇ ਕੱਸਿਆ ਜਾਂਦਾ ਹੈ, ਉਸ ਨੂੰ ਵੱਧਰੀ/ਦਵਾਲ ਕਿਹਾ ਜਾਂਦਾ ਹੈ। ਇਹ ਪਤਲੇ ਚਮੜੇ ਦੀ ਰੱਸੀ ਦਾ ਬਣਿਆ ਹੁੰਦਾ ਹੈ।

## ਗੱਟੇ

ਸੱਜੇ ਪਾਸੇ ਤਬਲੇ ਵਿਚ ਲਕੜੀ ਦੇ ਅੱਠ ਗੱਟੇ ਹੁੰਦੇ ਹਨ ਸੁਰ ਨੂੰ ਹਥੌੜੀ ਨਾਲ ਉੱਚਾ ਕਰਨ ਲਈ ਇਨ੍ਹ ਗੱਟਿਆਂ ਨੂੰ ਉੱਪਰ ਤੋਂ ਹੇਠਾਂ ਅਤੇ ਸੁਰ ਨੀਵਾਂ ਕਰਨ ਲਈ ਹੇਠਾਂ ਤੋਂ ਉੱਪਰ ਵੱਲ ਨੂੰ ਠੋਕਿਆ ਜਾਂਦਾ ਹੈ। ਸੁਰ ਉੱਚਾ ਜਾਂ ਨੀਵਾਂ ਕਰਨਾ ਹੋਵੇ ਤਾਂ ਗ਼ਜਰੇ ਨੂੰ ਹਲਕਾ ਜਿਹਾ ਠੋਕ ਕੇ ਕੰਮ ਚਲਾ ਲਿਆ ਜਾਂਦਾ ਹੈ

## ਇੰਡਰੀ ਜਾਂ ਗੁੰਡਰੀ

ਤਬਲੇ ਦੇ ਬਿਲਕੁਲ ਥੱਲੇ ਚਮੜੇ ਦੀ ਬਣੀ ਇਕ ਗੋਲਾਕਾ ਰੂਪ ਵਿਚ ਪਹੀਏ ਦੀ ਤਰ੍ਹਾਂ ਹੁੰਦੀ ਹੈ, ਜਿਸ ਨੂੰ ਇੰਡਰੀ ਜਾਂ ਗੁੰਡਰ ਕਿਹਾ ਜਾਂਦਾ ਹੈ। ਜੋ ਵੱਧਰੀ ਤਬਲੇ ਨੂੰ ਕੱਸਣ ਲਈ ਗ਼ਜਰੇ ਦੇ 16 ਘਰਾਂ ਵਿੱਚੋਂ ਦੀ ਹੋ ਕੇ ਲੰਘਦੀ ਹੈ, ਉਸ ਨੂੰ ਇਸ ਦੇ ਵਿੱਚ ਦੀ ਪਰੋਇਆ ਜਾਂਦਾ ਹੈ।

## ਖੱਬਾ ਤਬਲਾ (ਡੁੱਗੀ ਜਾਂ ਡੱਗਾ)

ਪਹਿਲਾਂ ਤਬਲਾ ਵਾਦਕ ਮਿੱਟੀ ਜਾਂ ਲੱਕੜੀ ਦੇ ਡੱਗੇ ਦ ਪ੍ਰਯੋਗ ਕਰਦੇ ਸਨ, ਪਰ ਹੁਣ ਇਹ ਲੋਹੇ, ਸਟੀਲ, ਸਿਲਵਰ ਤਾਂਬਾ ਅਤੇ ਪਿੱਤਲ ਆਦਿਕ ਧਾਤਾਂ ਤੋਂ ਤਿਆਰ ਕੀਤੇ ਜਾਂਦੇ ਹਨ। ਡੁੱਗੀ, ਚੱਨੂ ਨਾਲੋਂ ਜ਼ਿਆਦਾ ਚੌੜੀ ਹੁੰਦੀ ਹੈ ਤੇ ਉਪਰਲ ਹਿੱਸਾ ਵੀ ਚੌੜਾਈ 'ਚ ਜ਼ਿਆਦਾ ਹੁੰਦਾ ਹੈ। ਇਸ 'ਚ ਚੱਨੂ ਦੀ ਤਰ੍ਹਾਂ ਲੱਕੜੀ ਦੇ ਗੱਟਿਆਂ ਦੀ ਵਰਤੋਂ ਨਹੀਂ ਹੁੰਦੀ। ਸਿਆਹੀ ਚੱਨੂ ਦੀ ਤਰ੍ਹਾਂ ਪੁੜੇ ਦੇ ਵਿਚਕਾਰ ਨਹੀਂ ਲਗਾਈ ਜਾਂਦੀ ਸਗੋਂ ਇਕ ਪਾਸੇ ਕਰਕੇ ਲਗਾਈ ਜਾਂਦੀ ਹੈ।

**ਮੋਬਾਈਲ** 98150 2492

# ਅੱਖਾਂ ਦੀ ਰੌਸ਼ਨੀ ਬਰਕਰਾਰ ਰੱਖਣ ਲਈ ਜ਼ਰੂਰ ਖਾਓ ਚੀਕੂ, ਜਾਣੋ ਹੋਰ ਵੀ ਬੇਮਿਸਾਲ ਫ਼ਾਇਦੇ

ਚੀਕੂ ਇਕ ਸੁਆਦ ਅਤੇ ਗੁਣਾਂ ਨਾਲ ਭਰਪੂਰ ਫ਼ਲ ਹੈ। ਮਾਹਿਰਾਂ ਮੁਤਾਬਕ ਰੋਜ਼ਾਨਾ ਚੀਕੂ ਦੀ ਵਰਤੋਂ ਕਰਨ ਨਾਲ ਸਿਹਤ ਦੇ ਨਾਲ-ਨਾਲ ਖ਼ੂਬਸੂਰਤੀ ਵੀ ਬਰਕਰਾਰ ਰਹਿੰਦੀ ਹੈ। ਇਸ 'ਚ ਐਂਟੀ-ਆਕਸੀਡੈਂਟ, ਐਂਟੀ-ਵਾਇਰਲ, ਐਂਟੀ-ਬੈਕਟੀਰੀਅਲ ਗੁਣ ਮੌਜੂਦ ਹੁੰਦੇ ਹਨ। ਅਜਿਹੇ 'ਚ ਇਸ ਦੀ ਵਰਤੋਂ ਨਾਲ ਮਾਸਪੇਸ਼ੀਆਂ ਅਤੇ ਹੱਡੀਆਂ ਮਜ਼ਬੂਤ ਹੋਣ ਨਾਲ ਕੈਂਸਰ ਵਰਗੀ ਗੰਭੀਰ ਬੀਮਾਰੀ ਦੀ ਲਪੇਟ 'ਚ ਆਉਣ ਦਾ ਖ਼ਤਰਾ ਘੱਟ ਰਹਿੰਦਾ ਹੈ। ਚੱਲੋ ਅੱਜ ਅਸੀਂ ਤੁਹਾਨੂੰ ਇਸ ਬਿਹਤਰੀਨ ਫ਼ਲ ਨਾਲ ਮਿਲਣ ਵਾਲੇ ਲਾਜਵਾਬ ਫ਼ਾਇਦਿਆਂ ਦੇ ਬਾਰੇ 'ਚ ਦੱਸਦੇ ਹਾਂ।

**ਕੈਂਸਰ ਤੋਂ ਬਚਾਅ**

ਇਸ 'ਚ ਵਿਟਾਮਿਨ ਏ ਅਤੇ ਬੀ, ਆਇਰਨ, ਕੈਲਸ਼ੀਅਮ, ਫ਼ਾਈਬਰ, ਐਂਟੀ-ਆਕਸੀਡੈਂਟ ਗੁਣ ਹੁੰਦੇ ਹਨ। ਇਸ ਦੀ ਵਰਤੋਂ ਕਰਨ ਨਾਲ ਸਰੀਰ 'ਚ ਕੈਂਸਰ ਕੋਸ਼ਿਕਾਵਾਂ ਪੈਦਾ ਹੋਣ ਤੋਂ ਰੋਕਦੀਆਂ ਹਨ। ਅਜਿਹੇ 'ਚ ਖ਼ਾਸ ਤੌਰ 'ਤੇ ਫ਼ੇਫੜਿਆਂ ਅਤੇ ਮੂੰਹ ਦਾ ਕੈਂਸਰ ਹੋਣ ਤੋਂ ਬਚਾਅ ਰਹਿੰਦਾ ਹੈ।

**ਗੁਰਦੇ ਦੀ ਪੱਥਰੀ ਤੋਂ ਦਿਵਾਏ ਨਿਜ਼ਾਤ**

ਗੁਰਦੇ ਦੀ ਪੱਥਰੀ ਤੋਂ ਪ੍ਰੇਸ਼ਾਨ ਲੋਕਾਂ ਨੂੰ ਚੀਕੂ ਦੇ ਬੀਜਾਂ ਨੂੰ ਪੀਸ ਕੇ ਖਾਣਾ ਚਾਹੀਦਾ ਹੈ। ਇਸ ਦੀ ਵਰਤੋਂ ਨਾਲ ਪੱਥਰੀ ਪੇਸ਼ਾਬ ਰਾਹੀਂ ਬਾਹਰ ਨਿਕਲ ਜਾਵੇਗੀ। ਨਾਲ ਹੀ ਗੁਰਦੇ ਨਾਲ ਜੁੜੀਆਂ ਹੋਰ ਪ੍ਰੇਸ਼ਾਨੀਆਂ ਤੋਂ ਬਚਾਅ ਰਹੇਗਾ।

**ਅੱਖਾਂ ਲਈ ਫ਼ਾਇਦੇਮੰਦ**

ਚੀਕੂ 'ਚ ਵਿਟਾਮਿਨ ਏ ਹੋਣ ਨਾਲ ਅੱਖਾਂ ਦੀ ਰੋਸ਼ਨੀ ਵਧਣ ਦੇ ਨਾਲ-ਨਾਲ ਇਸ ਨਾਲ ਜੁੜੀਆਂ ਬੀਮਾਰੀਆਂ ਹੋਣ ਤੋਂ ਬਚਾਅ ਰਹਿੰਦਾ ਹੈ। ਅਜਿਹੇ 'ਚ ਬੱਚੇ ਹੋਣ ਜਾਂ ਵੱਡੇ ਹਰ ਕਿਸੇ ਨੂੰ ਆਪਣੀ ਖ਼ੁਰਾਕ 'ਚ ਚੀਕੂ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ।



**ਮਜ਼ਬੂਤ ਹੱਡੀਆਂ**

ਕੈਲਸ਼ੀਅਮ ਨਾਲ ਭਰਪੂਰ ਚੀਕੂ ਦੀ ਵਰਤੋਂ ਕਰਨ ਨਾਲ ਮਾਸਪੇਸ਼ੀਆਂ ਅਤੇ ਹੱਡੀਆਂ 'ਚ ਮਜ਼ਬੂਤੀ ਆਉਂਦੀ ਹੈ। ਇਸ ਦੀ ਵਰਤੋਂ ਕਰਨ ਨਾਲ ਉਮਰ ਵਧਣ 'ਤੇ ਜੋੜਾਂ ਦੇ ਦਰਦ ਤੋਂ ਰਾਹਤ ਮਿਲਦੀ ਹੈ।

**ਤਣਾਅ ਘਟਾਏ**

ਭੱਜ-ਦੌੜ ਭਰੀ ਜ਼ਿੰਦਗੀ ਦੇ ਕਾਰਨ ਅੱਜ ਹਰ ਦੂਜਾ ਵਿਅਕਤੀ ਤਣਾਅ ਨਾਲ ਜੂਝ ਰਿਹਾ ਹੈ। ਅਜਿਹੇ 'ਚ ਐਂਟੀ-ਆਕਸੀਡੈਂਟ ਗੁਣਾਂ ਨਾਲ ਭਰਪੂਰ ਚੀਕੂ ਦੀ ਵਰਤੋਂ ਕਰਨ ਨਾਲ ਦਿਮਾਗ ਸ਼ਾਂਤ ਹੁੰਦਾ ਹੈ। ਨਾਲ ਹੀ ਚੰਗੀ ਨੀਂਦ ਆਉਣ 'ਚ ਮਦਦ ਮਿਲਦੀ ਹੈ।

**ਕਬਜ਼ ਤੋਂ ਨਿਜ਼ਾਤ ਦਿਵਾਏ**

ਕਬਜ਼ ਤੋਂ ਪ੍ਰੇਸ਼ਾਨ ਲੋਕਾਂ ਲਈ ਚੀਕੂ ਦੀ ਵਰਤੋਂ ਕਰਨੀ ਲਾਭਕਾਰੀ ਹੈ। ਇਹ ਪਾਚਨ ਤੰਤਰ ਨੂੰ ਠੀਕ ਕਰਕੇ ਕਬਜ਼ ਦੀ ਸਮੱਸਿਆ ਅਤੇ ਇੰਫ਼ੈਕਸ਼ਨ ਨਾਲ ਲੜਨ 'ਚ ਮਦਦ ਕਰਦਾ ਹੈ।

**ਵਾਲ਼ਾਂ ਲਈ ਲਾਹੇਵੰਦ**

ਸਿਹਤ ਦੇ ਨਾਲ ਇਹ ਵਾਲਾਂ ਲਈ ਵੀ ਬੇਹੱਦ ਫ਼ਾਇਦੇਮੰਦ ਮੰਨਿਆ ਜਾਂਦਾ ਹੈ। ਚੀਕੂ ਦੇ ਬੀਜਾਂ ਨਾਲ ਤਿਆਰ ਤੇਲ ਵਾਲ਼ਾਂ ਦਾ ਰੁੱਖਾਪਨ ਦੂਰ ਕਰਕੇ ਉਨ੍ਹਾਂ ਨੂੰ ਮੁਲਾਇਮ ਅਤੇ ਚਮਕਦਾਰ ਬਣਾਉਣ 'ਚ ਮਦਦ ਕਰਦਾ ਹੈ। ਨਾਲ ਹੀ ਵਾਲ਼ਾਂ 'ਚ ਲੰਬੇ ਸਮੇਂ ਤੱਕ ਨਮੀ ਬਰਕਰਾਰ ਰਹਿੰਦੀ ਹੈ।

**ਚਮੜੀ ਬਣਾਏ ਚਮਕਦਾਰ**

ਇਸ ਦਾ ਪੈਕ ਬਣਾ ਕੇ ਚਿਹਰੇ 'ਤੇ ਲਗਾਉਣ ਨਾਲ ਚਮੜੀ ਡੂੰਘਾਈ ਤੋਂ ਸਾਫ਼ ਹੁੰਦੀ ਹੈ। ਚਿਹਰੇ 'ਤੇ ਪਏ ਦਾਗ-ਧੱਬੇ, ਛਾਈਆਂ, ਕਾਲੇ-ਘੇਰੇ ਅਤੇ ਰੁਖਾਪਨ ਦੂਰ ਹੁੰਦਾ ਹੈ। ਅਜਿਹੇ 'ਚ ਚਿਹਰਾ ਸਾਫ਼, ਨਿਖਰਿਆ, ਚਮਕਦਾਰ, ਮੁਲਾਇਮ ਅਤੇ ਜਵਾਨ ਨਜ਼ਰ ਆਉਂਦਾ ਹੈ। ਇਸ ਦਾ ਫ਼ੇਸਪੈਕ ਬਣਾਉਣ ਲਈ ਚੀਕੂ ਨੂੰ ਮੈਸ਼ ਕਰਕੇ ਚਿਹਰੇ 'ਤੇ ਲਗਾਓ। ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸ਼ੂਗਰ ਦੇ ਮਰੀਜ਼ਾਂ ਲਈ ਵਰਦਾਨ ਹੈ ਅਮਰੂਦ, ਜ਼ਰੂਰ ਕਰੋ ਖ਼ੁਰਾਕ 'ਚ ਸ਼ਾਮਲ



ਅਮਰੂਦ ਵਿਟਾਮਿਨ-ਸੀ ਦਾ ਉਚਿਤ ਸਰੋਤ ਹੈ। ਇਸ ਤੋਂ ਇਲਾਵਾ ਇਸ 'ਚ ਪ੍ਰੋਟੀਨ, ਕੈਲਸੀਅਮ, ਆਇਰਨ, ਐਂਟੀ-ਆਕਸੀਡੈਂਟ, ਐਂਟੀ-ਬੈਕਟਰੀਅਲ ਗੁਣ ਹੁੰਦੇ ਹਨ। ਅਜਿਹੇ 'ਚ ਇਸ ਦੀ ਵਰਤੋਂ ਕਰਨ ਨਾਲ ਸਰੀਰ ਨੂੰ ਸਾਰੇ ਜ਼ਰੂਰੀ ਤੱਤ ਮਿਲਣ ਦੇ ਨਾਲ ਇਮਿਊਨਿਟੀ ਵਧਾਉਣ 'ਚ ਸਹਾਇਤਾ ਮਿਲਦੀ ਹੈ। ਇਸ ਦੇ ਨਾਲ ਹੀ () ਨੇ ਆਪਣੇ ਅਧਿਕਾਰਤ ਟਵਿਟਰ ਅਕਾਊਟ 'ਤੇ ਅਮਰੂਦ ਤੋਂ ਮਿਲਣ ਵਾਲੇ ਫਾਇਦਿਆਂ ਬਾਰੇ ਦੱਸਿਆ ਹੈ। ਗੱਲ ਜੇ ਅਸੀਂ ਇਸ 'ਚ ਮੌਜੂਦ ਪੌਸਟਿਕ ਤੱਤਾਂ ਦੀ ਕਰੀਏ ਤਾਂ 100 ਗ੍ਰਾਮ ਅਮਰੂਦ 'ਚ 8.59 ਗ੍ਰਾਮ ਫਾਈਬਰ, 45 ਕੈਲੋਰੀ, 0.32 ਗ੍ਰਾਮ ਫੈਟ, 1.4 ਗ੍ਰਾਮ ਪ੍ਰੋਟੀਨ, 45 ਕੈਲੋਰੀ ਅਤੇ 5 ਗ੍ਰਾਮ ਕਾਰਬ ਹੁੰਦਾ ਹੈ। ਇਸ ਲਈ ਤੰਦਰੁਸਤ ਅਤੇ ਠੀਕ ਰਹਿਣ ਲਈ ਇਸ ਨੂੰ ਆਪਣੀ ਰੋਜਾਨਾ ਦੀ ਖੁਰਾਕ 'ਚ ਜਰੂਰ ਸ਼ਾਮਲ ਕਰਨਾ ਚਾਹੀਦਾ ਹੈ। ਆਓ ਅੱਜ ਅਸੀਂ ਤੁਹਾਨੂੰ ਇਸ ਦੇ ਫਇਦਿਆਂ ਬਾਰੇ ਦੱਸਦੇ ਹਾਂ ਪਰ ਇਸ ਤੋਂ ਪਹਿਲਾਂ ਜਾਣਦੇ ਹਾਂ ਇਸ ਦੀ ਵਰਤੋਂ ਦਾ ਤਰੀਕਾ

ਇੰਝ ਕਰੋ ਖੁਰਾਕ 'ਚ ਸਾਮਲ

ਇਸ ਨੂੰ ਫਲਾਂ ਦਾ ਸਲਾਦ ਬਣਾ ਕੇ ਖਾਧਾ ਜਾ ਸਕਦਾ ਹੈ।

ਇਸ ਦੀ ਚਟਨੀ ਬਣਾ ਕੇ ਵੀ ਖਾਧੀ ਜਾ ਸਕਦੀ ਹੈ।

ਇਸ ਦਾ ਜੂਸ ਕੱਢ ਕੇ ਪੀਓ।

ਅਮਰੂਦ ਨੂੰ ਕੱਟ ਕੇ ਲੂਣ ਲਗਾ ਕੇ ਖਾ ਸਕਦੇ ਹੋ।

ਅਮਰੂਦ ਤੋਂ ਮਿਲਣ ਵਾਲੇ ਫਾਇਦੇ

ਇਸ 'ਚ ਕੈਲਸੀਅਮ, ਪੋਟਾਸੀਅਮ, ਫਾਈਬਰ, ਆਇਰਨ ਹੁੰਦਾ ਹੈ।

ਇਸ ਦੀ ਵਰਤੋਂ ਨਾਲ ਪ੍ਰੋਸਟੇਟ ਕੈਂਸਰ ਹੋਣ ਦਾ ਖਤਰਾ ਘੱਟ ਜਾਂਦਾ ਹੈ।

ਅਮਰੂਦ ਦੀ ਵਰਤੋਂ ਨਾਲ ਬਲੱਡ ਪ੍ਰੈਸਰ ਠੀਕ ਰਹਿੰਦਾ ਹੈ

ਸਾਹ ਨਾਲ ਜੁੜੀ ਕੋਈ ਵੀ ਸਮੱਸਿਆ ਹੋਣ 'ਤੇ ਇਸ ਦੀ ਵਰਤੋਂ ਕਰਨੀ ਬਿਹਤਰ ਆਪਸ਼ਨ ਹੈ।

ਇਹ ਪਾਚਨ ਸਕਤੀ ਨੂੰ ਮਜਬੂਤ ਕਰਨ 'ਚ ਸਹਾਇਤਾ ਕਰਦਾ ਹੈ।

ਭਾਰ ਘੱਟ ਕਰਨ 'ਚ ਵੀ ਇਸ ਦੀ ਵਰਤੋਂ ਕਰਨੀ ਠੀਕ ਰਹੇਗੀ।

ਸ਼ੂਗਰ ਨੂੰ ਕੰਟਰੋਲ ਕਰਨ 'ਚ ਅਮਰੂਦ ਬਹੁਤ ਫਾਇਦੇਮੰਦ ਹੈ।

ਪੌਸਟਿਕ ਤੱਤਾਂ ਨਾਲ ਭਰਪੂਰ ਅਮਰੂਦ ਦੀ ਵਰਤੋਂ ਕਰਨ ਨਾਲ ਇਮਿਊਨਿਟੀ ਲੈਵਲ ਬੂਸਟ ਕਰਨ 'ਚ ਮਦਦ ਮਿਲਦੀ ਹੈ।

ਅਮਰੂਦ ਖਾਣ ਦੇ ਹੋਰ ਫਾਇਦੇ

ਸ਼ੂਗਰ 'ਚ ਲਾਹੇਵੰਦ

ਇਸ 'ਚ ਖੰਡ ਦੀ ਘੱਟ ਮਾਤਰਾ ਹੋਣ ਕਾਰਨ ਸੂਗਰ ਕੰਟਰੋਲ ਰਹਿਣ ਦੇ ਨਾਲ ਹੀ ਇਸ ਦੇ ਹੋਣ ਦਾ ਖਤਰਾ ਵੀ ਘੱਟ ਹੁੰਦਾ ਹੈ। ਇਕ ਖੋਜ ਦੇ ਅਨੁਸਾਰ ਇਸ ਦੀ ਸਹੀ ਮਾਤਰਾ 'ਚ ਵਰਤੋਂ ਕਰਨ ਨਾਲ ਬਲੱਡ ਸੂਗਰ ਲੈਵਲ ਨੂੰ ਕੰਟਰੋਲ 'ਚ ਰੱਖਣ 'ਚ ਮਦਦ ਮਿਲਦੀ ਹੈ।

ਕੈਂਸਰ ਤੋਂ ਬਚਾਏ

ਅਮਰੂਦ ਖਾਣ 'ਚ ਸਵਾਦ ਹੋਣ ਦੇ ਨਾਲ ਸਰੀਰ ਨੂੰ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਦਾ ਸਕਿਾਰ ਹੋਣ ਤੋਂ ਬਚਾਉਂਦਾ ਹੈ। ਇਕ ਖੋਜ ਦੇ ਅਨੁਸਾਰ ਅਮਰੂਦ 'ਚ ਮੌਜੂਦ ਐਂਟੀ-ਆਕਸੀਡੈਂਟ, ਐਂਟੀ-ਬੈਕਟਰੀਅਲ, ਐਂਟੀ-ਵਾਇਰਲ ਅਤੇ ਐਂਟੀ-ਕੈਸਰ ਗੁਣ ਕੈਂਸਰ ਸੈੱਲਾਂ ਨੂੰ ਸਰੀਰ 'ਚ ਵੱਧਣ ਤੋਂ ਰੋਕਦੇ ਹਨ। ਇਹ ਸਰੀਰ 'ਚ ਫ੍ਰੀ ਰੈਡੀਕਲਸ ਦੀ ਗਿਣਤੀ ਨੂੰ ਘਟਾ ਕੇ ਸੈੱਲਾਂ ਦੇ ਨੁਕਸਾਨ ਤੋਂ ਬਚਾਉਂਦਾ ਹੈ। ਅਜਿਹੇ 'ਚ ਕੈਂਸਰ ਹੋਣ ਦੀ ਸੰਭਾਵਨਾ ਕਈ ਗੁਣਾਂ ਘੱਟ ਜਾਂਦੀ ਹੈ।

ਬਲੱਡ ਪ੍ਰੈਸ਼ਰ ਰਹੇ ਕੰਟਰੋਲ

ਇਸ 'ਚ ਵਿਟਾਮਿਨ-ਸੀ, ਫਾਈਬਰ, ਪੋਟਾਸੀਅਮ ਅਤੇ ਐਂਟੀ-ਆਕਸੀਡੈਂਟ ਗੁਣ ਹੁੰਦੇ ਹਨ। ਅਜਿਹੇ 'ਚ ਬਲੱਡ ਪ੍ਰੈਸਰ ਦੇ ਮਰੀਜਾਂ ਨੂੰ ਇਸ ਨੂੰ ਆਪਣੀ ਰੋਜਾਨਾ ਦੀ ਖੁਰਾਕ 'ਚ ਸਾਮਲ ਕਰਨਾ ਚਾਹੀਦਾ ਹੈ।

ਇਮਿਊਨਿਟੀ ਵਧਾਏ

ਐਂਟੀ-ਆਕਸੀਡੈਂਟ, ਐਂਟੀ-ਬੈਕਟਰੀਅਲ ਗੁਣਾਂ ਨਾਲ ਭਰਪੂਰ ਅਮਰੂਦ ਇਮਿਊਨਿਟੀ ਵਧਾਉਣ 'ਚ ਮਦਦ ਕਰਦਾ ਹੈ। ਇਸ ਨਾਲ ਠੰਡ, ਜ਼ੁਕਾਮ ਅਤੇ ਹੋਰ ਮੌਸਮੀ ਬੀਮਾਰੀਆਂ ਹੋਣ ਦਾ ਖਤਰਾ ਘੱਟ ਰਹਿੰਦਾ ਹੈ। ਅੱਖਾਂ ਲਈ ਫਾਇਦੇਮੰਦ ਇਸ 'ਚ ਵਿਟਾਮਿਨ ਏ ਹੋਣ ਨਾਲ ਅੱਖਾਂ ਲਈ ਵੀ ਫਾਇਦੇਮੰਦ ਹੁੰਦਾ ਹੈ। ਅਜਿਹੇ 'ਚ ਇਸ ਦੀ ਵਰਤੋਂ ਕਰਨ ਨਾਲ ਅੱਖਾਂ ਦੀ ਰੌਸਨੀ ਵਧਣ ਦੇ ਨਾਲ ਇਸ ਨਾਲ ਜੁੜੀਆਂ ਸਮੱਸਿਆਵਾਂ ਹੋਣ ਦਾ ਖਤਰਾ ਘੱਟ ਰਹਿੰਦਾ ਹੈ।

**ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।**

# ਜੀਰੇ ਦੇ ਪਾਣੀ ਸਣੇ ਇਹ ਘਰੇਲੂ ਨੁਸਖੇ ਦਿਵਾਉਂਦੇ ਨੇ ਕਬਜ ਤੋਂ ਨਿਜਾਤ

ਅੱਜ ਕੱਲ੍ਹ ਢਿੱਡ ਨਾਲ ਜੁੜੀਆਂ ਸਮੱਸਿਆਵਾਂ ਬਹੁਤ ਜ਼ਿਆਦਾ ਹੋ ਰਹੀਆਂ ਹਨ ਅਤੇ ਜ਼ਿਆਦਾਤਰ ਲੋਕ ਇਸ ਨੂੰ ਨਜ਼ਰਅੰਦਾਜ਼ ਕਰ ਦਿੰਦੇ ਹਨ। ਜਿਸ ਨਾਲ ਢਿੱਡ ਦੀਆਂ ਕਈ ਗੰਭੀਰ ਬਿਮਾਰੀਆਂ ਹੋ ਜਾਂਦੀਆਂ ਹਨ੍ਹ ਦੱਸ ਦੇਈਏ ਕਿ ਸਭ ਬੀਮਾਰੀਆਂ ਕਬਜ਼ ਤੋਂ ਹੀ ਸ਼ੁਰੂ ਹੁੰਦੀਆਂ ਹਨ। ਇਸ ਲਈ ਕਬਜ਼ ਦੀ ਸਮੱਸਿਆ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਕਈ ਵਾਰ ਗ਼ਲਤ ਖਾਣ ਪੀਣ ਅਤੇ ਗ਼ਲਤ ਰਹਿਣ ਸਹਿਣ ਦੇ ਕਾਰਨ ਬਹੁਤ ਸਾਰੇ ਲੋਕਾਂ ਨੂੰ ਖਾਣਾ ਖਾਣ ਤੋਂ ਬਾਅਦ ਢਿੱਡ ਫੁੱਲਣ ਦੀ ਸਮੱਸਿਆ ਹੁੰਦੀ ਹੈ ਅਤੇ ਜਿਸ ਕਾਰਨ ਢਿੱਡ ਵਿਚ ਗੈਸ ਬਣ ਜਾਂਦੀ ਹੈ। ਇਸ ਦੇ ਨਾਲ ਨਾਲ ਕਬਜ਼ ਦੀ ਸਮੱਸਿਆ ਰਹਿੰਦੀ ਹੈ ਅਤੇ ਕੋਲੈਸਟ੍ਰੋਲ ਵਧਣ ਲੱਗਦਾ ਹੈ ਪਰ ਇਸ ਕਬਜ਼ ਦੀ ਸਮੱਸਿਆ ਨੂੰ ਜਲਦੀ ਠੀਕ ਕਰ ਲੈਣਾ ਚਾਹੀਦਾ ਹੈ। ਕਬਜ਼ ਦੀ ਸਮੱਸਿਆ ਨੂੰ ਦੂਰ ਕਰਨ ਲਈ ਅਸੀਂ ਕੁਝ ਘਰੇਲੂ ਨੁਸਖੇ ਵੀ ਅਪਣਾ ਸਕਦੇ ਹਾਂ। ਇਨ੍ਹਾਂ ਘਰੇਲੂ ਨੁਸਖਿਆਂ ਦਾ ਕੋਈ ਨੁਕਸਾਨ ਨਹੀਂ ਹੁੰਦਾ।





ਜੀਰੇ ਦਾ ਪਾਣੀ ਬਣਾਉਣ ਦਾ ਤਰੀਕਾ

ਰੋਜ਼ਾਨਾ ਰਾਤ ਨੂੰ ਇਕ ਗਿਲਾਸ ਪਾਣੀ ਵਿਚ ਦੋ ਚਮਚੇ ਜੀਰਾ ਭਿਓਂ ਕੇ ਰੱਖ ਦਿਓ। ਸਵੇਰੇ ਇਹ ਪਾਣੀ ਉਬਾਲ ਕੇ ਛਾਣ ਲਓ ਅਤੇ ਠੰਡਾ ਹੋਣ ਤੇ ਪੀ ਲਓ। ਇਸ ਪਾਣੀ ਵਿਚ ਮੌਜੂਦ ਆਇਰਨ, ਕਾਪਰ, ਪੋਟਾਸ਼ੀਅਮ ਅਤੇ ਮੈਗਨੀਸ਼ੀਅਮ ਜਿਹੇ ਗੁਣ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਠੀਕ ਕਰਦੇ ਹਨ।

ਜ਼ੀਰੇ ਵਾਲੇ ਪਾਣੀ ਦੇ ਫਾਇਦੇ

ਐਸੀਡਿਟੀ ਅਤੇ ਬਲੱਡ ਸਰਕੁਲੇਸ਼ਨ

ਰੋਜ਼ਾਨਾ ਸਵੇਰੇ ਖਾਲੀ ਢਿੱਡ ਇਸ ਪਾਣੀ ਦਾ ਸੇਵਨ ਕਰਨ ਨਾਲ ਢਿੱਡ ਫੁੱਲਣਾ ਅਤੇ ਐਸੀਡਿਟੀ ਦੀ ਸਮੱਸਿਆ ਠੀਕ ਹੋ ਜਾਂਦੀ ਹੈ। ਇਸ ਨਾਲ ਪੂਰਾ ਸਰੀਰ ਡੀਟੌਕਸ ਹੁੰਦਾ ਹੈ। ਜਿਸ ਨਾਲ ਬਹੁਤ ਸਾਰੀਆਂ ਬੀਮਾਰੀਆਂ ਠੀਕ ਹੋ ਜਾਂਦੀਆਂ ਹਨ ਅਤੇ ਜੀਰੇ ਦਾ ਪਾਣੀ ਪੀਣ ਨਾਲ ਬਲੱਡ ਸਰਕੁਲੇਸ਼ਨ ਠੀਕ ਰਹਿੰਦਾ ਹੈ ਅਤੇ ਸਰੀਰ ਦਾ ਦਰਦ ਵੀ ਠੀਕ ਹੋ ਜਾਂਦਾ ਹੈ।

ਖ਼ੂਨ ਦੀ ਕਮੀ, ਸਿਰਦਰਦ ਅਤੇ ਦਰਦ

ਰੋਜ਼ਾਨਾ ਜੀਰੇ ਦਾ ਪਾਣੀ ਪੀਣ ਨਾਲ ਸਾਡਾ ਡਾਈਜੇਸ਼ਨ ਸਿਸਟਮ ਠੀਕ ਤਰ੍ਹਾਂ ਕੰਮ ਕਰਦਾ ਹੈ ਅਤੇ ਇਸ ਵਿਚ ਮੌਜੂਦ ਆਇਰਨ ਖ਼ੂਨ 'ਚ ਹੀਮੋਗਲੋਬਿਨ ਦਾ ਲੈਵਲ ਨੂੰ ਵਧਾਉਂਦਾ ਹੈ। ਜਿਸ ਨਾਲ ਖ਼ੂਨ ਦੀ ਕਮੀ ਪੂਰੀ ਹੋ ਜਾਂਦੀ ਹੈ। ਇਸ ਤੋਂ ਇਲਾਵਾ ਸਿਰਦਰਦ ਹੋਣ ਤੇ ਇਸ ਪਾਣੀ ਨੂੰ ਪੀਓ। ਇਸ ਨਾਲ ਸਿਰਦਰਦ ਠੀਕ ਹੋ ਜਾਵੇਗਾ। ਢਿੱਡ ਦਰਦ ਹੋਣ ਤੇ ਇਹ ਪਾਣੀ ਪੀਣ ਨਾਲ ਢਿੱਡ ਨੂੰ ਠੰਡਕ ਮਿਲਦੀ ਹੈ ਅਤੇ ਦਰਦ ਠੀਕ ਹੋ ਜਾਂਦਾ ਹੈ।

ਵਜ਼ਨ ਅਤੇ ਕੋਲੈਸਟ੍ਰੋਲ

ਰੋਜ਼ਾਨਾ ਇਸ ਪਾਣੀ ਨੂੰ ਪੀਣ ਨਾਲ ਵਜ਼ਨ ਘੱਟ ਹੁੰਦਾ ਹੈ ਅਤੇ ਸਰੀਰ ਵਿਚ ਵਧਿਆ ਹੋਇਆ ਕੋਲੈਸਟਰੋਲ ਵੀ ਘੱਟ ਹੋ ਜਾਂਦਾ ਹੈ। ਜਿਸ ਨਾਲ ਦਿਲ ਦੀਆਂ ਸਮੱਸਿਆਵਾਂ ਹੋਣ ਦੀ ਸੰਭਾਵਨਾ ਘਟ ਜਾਂਦੀ ਹੈ।

ਢਿੱਡ ਫੁੱਲਣ ਲਈ ਘਰੇਲੂ ਨੁਸਖ਼ਾ

ਅਜਵੈਣ, ਸੌਂਫ ਅਤੇ ਜ਼ੀਰਾ ਬਰਾਬਰ ਮਾਤਰਾ ਵਿਚ ਲੈ ਕੇ ਪੀਸ ਲਓ। ਇਸ ਵਿਚ ਕਾਲਾ ਲੂਣ ਮਿਲਾ ਲਓ ਅਤੇ ਸਵੇਰੇ-ਸ਼ਾਮ ਇਕ ਚਮਚਾ ਹਲਕੇ ਕੋਸੇ ਪਾਣੀ ਨਾਲ ਲਓ। ਇਸ ਨਾਲ ਕਬਜ਼, ਗੈਸ, ਢਿੱਡ ਫੁੱਲਣ ਅਤੇ ਐਸੀਡਿਟੀ ਬਿਲਕੁਲ ਠੀਕ ਹੋ ਜਾਵੇਗੀ।

ਤੁਲਸੀ

ਜੇ ਤੁਹਾਡਾ ਖਾਣਾ ਖਾਣ ਤੋਂ ਬਾਅਦ ਢਿੱਡ ਫੁੱਲ ਜਾਂਦਾ ਹੈ ਤਾਂ ਤੁਲਸੀ ਤੁਹਾਡੇ ਲਈ ਬਹੁਤ ਫ਼ਾਇਦੇਮੰਦ ਹੈ। ਇਸ ਲਈ ਢਿੱਡ ਫੁੱਲਣ ਦੀ ਸਮੱਸਿਆ ਹੋਣ ਤੇ ਤੁਲਸੀ ਦੇ ਪੱਤੇ ਚਬਾ ਕੇ ਖਾਓ। ਇਸ ਨਾਲ ਇਹ ਸਮੱਸਿਆ ਠੀਕ ਹੋ ਜਾਵੇਗੀ।

ਪੁਦੀਨਾ

ਪੁਦੀਨਾ ਸਾਡੇ ਪਾਚਨ ਲਈ ਬਹੁਤ ਜ਼ਿਆਦਾ ਫ਼ਾਇਦੇਮੰਦ ਹੁੰਦਾ ਹੈ। ਪੁਦੀਨੇ ਦੀਆਂ ਪੱਤੀਆਂ ਨੂੰ ਪੀਸ ਕੇ ਖੰਡ ਮਿਲਾ ਕੇ ਘੋਲ ਬਣਾ ਲਓ ਅਤੇ ਇਸ ਨੂੰ ਪੀ ਲਓ। ਕੁਝ ਹੀ ਸਮੇਂ ਵਿਚ ਤੁਹਾਡੀ ਢਿੱਡ ਫੁੱਲਣ ਦੀ ਸਮੱਸਿਆ ਠੀਕ ਹੋ ਜਾਵੇਗੀ। ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸਾਵਧਾਨ ! ਵਾਰ-ਵਾਰ ਪਿਆਸ ਲੱਗਣ ਦੀ ਸਮੱਸਿਆਂ ਨੂੰ ਨਾ ਕਰੋ ਨਜ਼ਰਅੰਦਾਜ਼

ਗਰਮੀਆਂ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ। ਜਿਸ ਕਰਕੇ ਆਮ ਤੌਰ ਪਿਆਸ ਬਹੁਤ ਜਿਆਦਾ ਲੱਗੇਗੀ ਪਰ ਜੇਕਰ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਬਿਲਕੁੱਲ ਵੀ ਨਜਰਅੰਦਾਜ ਨਹੀਂ ਕਰਨਾ ਚਾਹੀਦਾ। ਡਾਕਟਰ ਸਾਨੂੰ ਹਮੇਸ਼ਾ ਤੰਦਰੁਸਤ ਰਹਿਣ ਅਤੇ ਬਿਮਾਰੀਆਂ ਤੋਂ ਬਚਣ ਲਈ ਵੱਧ ਤੋਂ ਵੱਧ ਪਾਣੀ ਪੀਣ ਦੀ ਸਲਾਹ ਦਿੰਦੇ ਹਨ। ਕੁਝ ਲੋਕ ਆਪਣੀ ਦਿਨ ਭਰ 'ਚ 2 ਤੋਂ 3 ਲਿਟਰ ਪਾਣੀ ਪੀਂਦੇ ਹਨ, ਜੋ ਸਾਡੀ ਸਿਹਤ ਲਈ ਚੰਗੀ ਗੱਲ ਹੈ ਪਰ ਇੰਨਾ ਪਾਣੀ ਪੀਣ ਦੇ ਬਾਵਜੂਦ ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਇਸ ਦਾ ਮਤਲਬ ਹੈ ਕਿ ਤੁਹਾਡਾ ਸਰੀਰ ਤੁਹਾਨੂੰ ਕੁਝ ਸੰਕੇਤ ਦੇ ਰਿਹਾ ਹੈ ਜਿਨ੍ਹਾਂ ਨੂੰ ਤੁਹਾਨੂੰ ਨਜਰਅੰਦਾਜ ਨਹੀਂ ਕਰਨਾ ਚਾਹੀਦਾ।



ਹੋ ਸਕਦੀਆਂ ਹਨ ਇਹ ਬਿਮਾਰੀਆਂ

ਹਾਲਾਂਕਿ ਜਿਆਦਾ ਪਾਣੀ ਪੀਣਾ ਸਾਡੀ ਸਿਹਤ ਲਈ ਚੰਗਾ ਹੁੰਦਾ ਹੈ ਕਿਉਂਕਿ ਜਿੰਨਾ ਪਾਣੀ ਅਸੀਂ ਪੀਂਦੇ ਹਾਂ ਉਸ ਨਾਲ ਸਰੀਰ ਦੀਆਂ ਸਾਰੀਆਂ ਗੰਦੀਆਂ ਚੀਜਾਂ ਪਿਸਾਬ ਰਾਹੀਂ ਨਿਕਲ ਜਾਂਦੀਆਂ ਹਨ। ਇਸ ਨਾਲ ਸਦਾ ਸਰੀਰ ਤੰਦਰੁਸਤ ਰਹਿੰਦਾ ਹੈ। ਹਾਂ ਬਹੁਤ ਜਿਆਦਾ ਗਰਮੀ ਜਾਂ ਜ਼ਿਆਦਾ ਕਸਰਤ ਕਰਨ ਕਾਰਨ ਤੁਹਾਨੂੰ ਪਿਆਸ ਲੱਗ ਸਕਦੀ ਹੈ ਪਰ ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਇਹ ਕੁਝ ਗੰਭੀਰ ਬਿਮਾਰੀਆਂ ਦੇ ਲੱਛਣ ਹੋ ਸਕਦੇ ਹਨ।

ਜ਼ਿਆਦਾ ਪਿਆਸ ਲੱਗਣ ਦੇ ਹਨ ਇਹ ਕਾਰਨ: ਮੈਡੀਕਲ ਟਰਮ 'ਚ ਅਜਿਹੀ ਸਥਿਤੀ ਨੂੰ ਪੌਲੀਡਿਪਸੀਆ ਕਿਹਾ ਜਾਂਦਾ ਹੈ ਜਿਸ 'ਚ ਇਕ ਵਿਅਕਤੀ ਜ਼ਿਆਦਾ ਪਾਣੀ ਪੀਂਦਾ ਹੈ ਜਿਸਦੇ ਕਾਰਨ ਉਸਦੇ ਸਰੀਰ 'ਚ ਸੋਡੀਅਮ ਦੀ ਕਮੀ ਹੋਣ ਲੱਗਦੀ ਹੈ। ਕਈ ਵਾਰ ਤੁਸੀਂ ਇਹ ਵੀ ਨੋਟ ਕੀਤਾ ਹੋਵੇਗਾ ਕਿ ਬਹੁਤ ਜਿਆਦਾ ਪਾਣੀ ਪੀਣ ਨਾਲ ਕਈ ਵਾਰ ਮਨ ਵੀ ਘਬਰਾਉਣ ਲੱਗਦਾ ਹੈ ਅਤੇ ਤੁਹਾਨੂੰ ਉਲਟੀ ਜਿਹਾ ਹੋਣ ਲੱਗਦਾ ਹੈ।

ਸਰੀਰ ਦਿੰਦਾ ਹੈ ਇਨ੍ਹਾਂ ਬਿਮਾਰੀਆਂ ਦਾ ਸੰਕੇਤ

ਡੀਹਾਈਡ੍ਰੇਸ਼ਨ ਦੀ ਸਮੱਸਿਆ: ਇਸ ਦਾ ਸਭ ਤੋਂ ਵੱਡਾ ਕਾਰਨ ਇਹ ਹੋ ਸਕਦਾ ਹੈ ਕਿ ਤੁਹਾਡੇ ਸਰੀਰ 'ਚ ਪਾਣੀ ਦੀ ਘਾਟ ਹੈ ਜਿਸ ਕਾਰਨ ਤੁਹਾਨੂੰ ਵਾਰ-ਵਾਰ ਪਾਣੀ ਦੀ ਪਿਆਸ ਲੱਗ ਰਹੀ ਹੈ। ਇਨ੍ਹਾਂ ਦੇ ਲੱਛਣ ਵਾਰ-ਵਾਰ ਪਿਆਸ ਲੱਗਣਾ, ਮੂੰਹ ਸੁੱਕਣਾ, ਥਕਾਵਟ, ਉਲਟੀ, ਮਤਲੀ ਅਤੇ ਬੇਹੋਸੀ ਹੈ। ਜੇ ਤੁਹਾਨੂੰ ਵੀ ਅਜਿਹੇ ਲੱਛਣ ਦਿਖ ਰਹੇ ਹਨ ਤਾਂ ਤੁਰੰਤ ਡਾਕਟਰ ਨਾਲ ਸੰਪਰਕ ਜ਼ਰੂਰ ਕਰੋ।

ਸੂਗਰ ਦਾ ਖ਼ਤਰਾ: ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਇਸ ਨੂੰ ਨਜਰਅੰਦਾਜ ਨਾ ਕਰੋ ਕਿਉਂਕਿ ਇਸ ਨਾਲ ਤੁਹਾਨੂੰ ਸੂਗਰ ਦਾ ਖਤਰਾ ਹੋ ਸਕਦਾ ਹੈ। ਅੱਜ ਕੱਲ ਸੂਗਰ ਦੀ ਬਿਮਾਰੀ ਤਾਂ ਆਮ ਹੋ ਗਈ ਹੈ ਜੋ ਹਰ ਵਿਅਕਤੀ ਨੂੰ ਹੈ। ਇਸ ਦੇ ਹੋਰ ਵੀ ਬਹੁਤ ਸਾਰੇ ਕਾਰਨ ਹੋ ਸਕਦੇ ਹਨ ਅਤੇ ਇਸ ਦਾ ਇਕ ਵੱਡਾ ਲੱਛਣ ਇਹ ਵੀ ਹੈ ਕਿ ਜੇ ਤੁਹਾਨੂੰ ਵਾਰ-ਵਾਰ ਪਿਆਸ ਲੱਗਦੀ ਹੈ ਤਾਂ ਤੁਹਾਨੂੰ ਸੂਗਰ ਦਾ ਖਤਰਾ ਹੋ ਸਕਦਾ ਹੈ। ਦਰਅਸਲ ਖ਼ੂਨ 'ਚ ਸੂਗਰ ਦੀ ਮਾਤਰਾ ਵੱਧ ਜਾਂਦੀ ਹੈ ਜਿਸ ਕਾਰਨ ਤੁਹਾਡੀ ਕਿਡਨੀ ਸਾਫ ਨਹੀਂ ਹੋ ਪਾਉਂਦੀ। ਸ਼ੂਗਰ ਪੇਸ਼ਾਬ ਰਾਹੀਂ ਬਾਹਰ ਆਉਂਦੀ ਹੈ ਜਿਸ ਕਾਰਨ ਸਰੀਰ 'ਚ ਪਾਣੀ ਦੀ ਘਾਟ ਹੋ ਜਾਂਦੀ ਹੈ। ਇਹੀ ਵਾਰ-ਵਾਰ ਪਿਆਸ ਲੱਗਣ ਦਾ ਕਾਰਨ ਬਣਦੀ ਹੈ।

ਬੇਚੈਨੀ ਹੋਣਾ: ਬਹੁਤ ਸਾਰੇ ਲੋਕਾਂ ਨੂੰ ਇਸ ਦਾ ਅਰਥ ਅਤੇ ਇਸ ਦੇ ਲੱਛਣ ਨਹੀਂ ਪਤਾ ਹੁੰਦੇ। ਦਰਅਸਲ ਜੇ ਤੁਹਾਡੀ ਦਿਲ ਦੀ ਧੜਕਣ ਵੱਧ ਰਹੀ ਹੈ ਜਾਂ ਬੇਚੈਨੀ ਜਾਂ ਘਬਰਾਹਟ ਹੋ ਰਹੀ ਹੈ ਤਾਂ ਤੁਹਾਨੂੰ ਹੋ ਸਕਦੀ ਹੈ। ਕਈ ਵਾਰ ਸਥਿਤੀ ਅਜਿਹੀ ਹੋ ਜਾਂਦੀ ਹੈ ਕਿ ਇਕ ਵਿਅਕਤੀ ਦਾ ਮੂੰਹ ਵੀ ਸੁੱਕ ਜਾਂਦਾ ਹੈ ਜਿਸ ਕਾਰਨ ਉਸਨੂੰ ਵਾਰ-ਵਾਰ ਪਿਆਸ ਲੱਗਦੀ ਹੈ।

ਕੀ ਹਨ ਇਸ ਤੋਂ ਬਚਾਅ ਦੇ ਹੱਲ?

ਇਕ ਵਾਰ 'ਚ ਜਿਆਦਾ ਪਾਣੀ ਨਾ ਪੀਓ

ਔਲਿਆਂ ਦੇ ਪਾਊਡਰ ਅਤੇ ਸਹਿਦ ਨੂੰ ਮਿਕਸ ਕਰਕੇ ਖਾਓ

ਭਿੱਜੀ ਸੌਂਫ ਨੂੰ ਪੀਸ ਕੇ ਵੀ ਖਾ ਸਕਦੇ ਹੋ

1 ਚਮਚ ਕਾਲੀ ਮਿਰਚ ਪਾਊਡਰ ਨੂੰ 4 ਕੱਪ ਪਾਣੀ 'ਚ ਉਬਾਲ ਕੇ ਠੰਡਾ ਕਰਕੇ ਪੀ ਸਕਦੇ ਹੋ।

ਜੇ ਤੁਹਾਨੂੰ ਜ਼ਿਆਦਾ ਪਿਆਸ ਲੱਗਦੀ ਹੈ ਤਾਂ ਤੁਹਾਨੂੰ ਤੁਰੰਤ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ।

**ਜੇਕਰ ਤੁਸੀਂ ਉੱਪਰ ਬਿਆਨ ਕੀਤੇ** ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ।

ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਸ਼ੂਗਰ ਅਤੇ ਮੋਟਾਪੇ ਤੋਂ ਨਿਜਾਤ ਪਾਉਣ ਲਈ ਇੰਝ ਕਰੋ 'ਗਲੋਅ' ਦੀ ਵਰਤੋਂ

ਗਲੋਅ ਇਕ ਆਯੁਰਵੈਦਿਕ ਬੂਟੀ ਹੈ, ਜੋ ਕਈ ਤਰ੍ਹਾਂ ਦੀਆਂ ਦਵਾਈਆਂ ਬਣਾਉਣ ਦੇ ਕੰਮ ਆਉਂਦੀ ਹੈ। ਗਲੋਅ 'ਚ ਕਈ ਤਰ੍ਹਾਂ ਦੇ ਔਸ਼ਧੀ ਗੁਣ ਪਾਏ ਜਾਂਦੇ ਹਨ। ਗਲੋਅ ਨੂੰ ਪਾਊਡਰ, ਜੂਸ ਜਾਂ ਕੈਪਸੂਲ ਕਿਸੇ ਵੀ ਰੂਪ 'ਚ ਲਿਆ ਜਾ ਸਕਦਾ ਹੈ ਪਰ ਇਸ ਨੂੰ ਪਾਊਡਰ 'ਚ ਲੈਣਾ ਜ਼ਿਆਦਾ ਲਾਭਕਾਰੀ ਹੁੰਦਾ ਹੈ। ਗਲੋਅ ਦੀ ਵਰਤੋਂ ਕਰਨ ਨਾਲ ਤੁਸੀਂ ਕਈ ਤਰ੍ਹਾਂ ਦੀਆਂ ਬੀਮਾਰੀਆਂ ਤੋਂ ਸੌਖੇ ਤਰੀਕੇ ਨਾਲ ਛੁਟਕਾਰਾ ਪਾ ਸਕਦੇ ਹੋ। ਇਸੇ ਲਈ ਅੱਜ ਅਸੀਂ ਤੁਹਾਨੂੰ ਗਲੋਅ ਜਾ ਸੇਵਨ ਕਰਨ ਨਾਲ ਹੋਣ ਵਾਲੇ ਫਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ....





ਢਿੱਡ ਦੀਆਂ ਬੀਮਾਰੀਆਂ ਨੂੰ ਕਰੇ ਦੂਰ

ਅਸੰਤੁਲਿਤ ਭੋਜਣ ਖਾਣ ਨਾਲ ਢਿੱਡ 'ਚ ਕਈ ਤਰ੍ਹਾਂ ਦੇ ਰੋਗ ਜਨਮ ਲੈਂਦੇ ਹਨ। ਗਲੋਅ ਢਿੱਡ ਦੇ ਰੋਗਾਂ ਅਤੇ ਢਿੱਡ ਦੇ ਕੀੜਿਆਂ ਨੂੰ ਖਤਮ ਕਰਦੀ ਹੈ। ਗਲੋਅ ਦੀ ਵਰਤੋਂ ਨਾਲ ਕਬਜ਼ ਅਤੇ ਬਦਹਜ਼ਮੀ ਵੀ ਠੀਕ ਹੋ ਜਾਂਦੀ ਹੈ।

ਸ਼ੂਗਰ ਦੇ ਰੋਗੀਆਂ ਲਈ ਫਾਇਦੇਮੰਦ

ਸ਼ੂਗਰ ਵਰਗੀ ਬੀਮਾਰੀ ਨੂੰ ਠੀਕ ਕਰਨ 'ਚ ਗਲੋਅ ਕਾਫੀ ਲਾਹੇਵੰਦ ਹੁੰਦੀ ਹੈ। ਇਸ 'ਚ ਸ਼ੂਗਰ ਘਟਾਉਣ ਵਾਲੇ ਗੁਣ ਪਾਏ ਜਾਂਦੇ ਹਨ। ਗਲੋਅ ਦਾ ਜੂਸ ਰੋਜ਼ਾਨਾ ਪੀਣ ਨਾਲ ਟਾਇਪ-2 ਦੇ ਮਰੀਜ਼ ਠੀਕ ਹੋ ਜਾਂਦੇ ਹਨ।

ਅੱਖਾਂ ਦੀ ਰੌਸ਼ਨੀ ਵਧਾਏ

ਗਲੋਅ ਦਾ ਜੂਸ ਪੀਣ ਨਾਲ ਅੱਖਾਂ ਦੀ ਰੌਸ਼ਨੀ ਵੱਧਦੀ ਹੈ। ਇਸ ਨੂੰ ਪਾਣੀ 'ਚ ਉਬਾਲ ਕੇ ਅੱਖਾਂ 'ਤੇ ਲਗਾਉਣ ਨਾਲ ਅੱਖਾਂ ਦੇ ਰੋਗ ਠੀਕ ਹੋ ਜਾਂਦੇ ਹਨ। ਜੇਕਰ ਇਸ ਦੀ ਵਰਤੋਂ ਰੋਜ਼ਾਨਾ ਕੀਤੀ ਜਾਵੇ ਤਾਂ ਇਸ ਨਾਲ ਚਸ਼ਮਾ ਵੀ ਉਤਰ ਜਾਂਦਾ ਹੈ।

ਪੀਲੀਏ ਤੋਂ ਦੇਵੇ ਨਿਜਾਤ

ਪੀਲੀਆ ਹੋਣ 'ਤੇ ਗਲੋਅ ਦੀ ਵਰਤੋਂ ਕਰਨ ਦੇ ਨਾਲ ਕਾਫੀ ਫਾਇਦੇ ਮਿਲਦੇ ਹਨ। ਗਲੋਅ 'ਚ ਕਾਲੀ ਮਿਰਚ, ਸ਼ਹਿਦ ਅਤੇ ਤ੍ਰਿਫਲਾ ਦੇ ਪਾਊਡਰ ਨੂੰ ਮਿਲਾ ਕੇ ਪੀਣ ਨਾਲ ਪੀਲੀਏ ਦੇ ਰੋਗ ਤੋਂ ਛੁਟਕਾਰਾ ਮਿਲਦਾ ਹੈ।

ਚਿਹਰੇ ਦੇ ਦਾਗ-ਧੱਬੇ ਨੂੰ ਕਰੇ ਠੀਕ

ਜੇਕਰ ਤੁਹਾਡੇ ਚਿਹਰੇ 'ਤੇ ਦਾਗ-ਧੱਬੇ ਹਨ ਤਾਂ ਗਲੋਅ ਦੇ ਫਲਾਂ ਨੂੰ ਪੀਸ ਲਓ ਅਤੇ ਇਸ ਦਾ ਲੇਪ ਚਿਹਰੇ 'ਤੇ ਲਾਓ। ਇਸ ਵਿੱਚ ਐਂਟੀ ਬੈਕਟੀਰੀਅਲ ਗੁਣ ਹੋਣ ਕਾਰਨ ਇਹ ਚਮੜੀ ਦੀ ਸਾਰੀ ਇੰਨਫੈਕਸਨ ਨੂੰ ਦੂਰ ਕਰਦਾ ਹੈ।

ਖਾਂਸੀ, ਜ਼ੁਕਾਮ ਅਤੇ ਬੁਖਾਰ ਤੋਂ ਦੇਵੇ ਨਿਜਾਤ

ਗਲੋਅ ਸਰੀਰ 'ਚ ਰੋਗਾਂ ਨਾਲ ਲੜਨ ਦੀ ਸ਼ਕਤੀ ਨੂੰ ਵਧਾਉਂਦਾ ਹੈ। ਗਲੋਅ ਦਾ ਪਾਣੀ ਪੀਣ ਨਾਲ ਖਾਂਸੀ, ਜ਼ੁਕਾਮ, ਬੁਖਾਰ ਅਤੇ ਹੋਰ ਬੀਮਾਰੀਆਂ ਨਿਜਾਤ ਮਿਲਦਾ ਹੈ।

ਖ਼ੂਨ ਨੂੰ ਕਰੇ ਸਾਫ

ਗਲੋਅ ਸਰੀਰ 'ਚੋਂ ਖ਼ੂਨ ਨੂੰ ਸਾਫ ਕਰਨ 'ਚ ਕਾਫੀ ਲਾਹੇਵੰਦ ਹੁੰਦੀ ਹੈ। ਇਸ ਦੇ ਨਾਲ ਹੀ ਇਹ ਗੁਰਦੇ 'ਚੋਂ ਨੁਕਸਾਨਦੇਹ ਤੱਤਾਂ ਨੂੰ ਬਾਹਰ ਕੱਢਦੀ ਹੈ।

ਮੋਟਾਪਾ ਘਟ ਕਰਨ 'ਚ ਕਰਦੀ ਹੈ ਮਦਦ

ਗਲੋਅ ਮੋਟਾਪਾ ਘੱਟ ਕਰਨ ਵਿੱਚ ਵੀ ਮਦਦ ਕਰਦੀ ਹੈ, ਮੋਟਾਪਾ ਘੱਟ ਕਰਨ ਲਈ ਗਿਲੋਅ ਅਤੇ ਤ੍ਰਿਫਲਾ ਚੂਰਨ ਨੂੰ ਸਵੇਰ ਅਤੇ ਸਾਮ ਸਹਿਦ ਨਾਲ ਖਾਣ ਨਾਲ ਫਾਇਦਾ ਹੁੰਦਾ ਹੈ।

ਇਨ੍ਹਾਂ ਹਾਲਾਤ 'ਚ ਨਾ ਕਰੋ ਗਲੋਅ ਦਾ ਸੇਵਨ

. ਜੇਕਰ ਤੁਸੀਂ ਸ਼ੂਗਰ ਦੀ ਦਵਾਈ ਖਾ ਰਹੇ ਹੋ ਤਾਂ ਇਸ ਦਾ ਸੇਵਨ ਨਹੀਂ ਕਰਨਾ ਚਾਹੀਦਾ। ਦਵਾਈ ਜਾਂ ਫਿਰ ਗਲੋਅ ਦੋਹਾਂ 'ਚੋਂ ਇਕ ਦਾ ਸੇਵਨ ਕਰਨਾ ਚਾਹੀਦਾ ਹੈ।

. ਗਰਭਵਤੀ ਜਨਾਨੀ ਅਤੇ ਬੱਚੇ ਨੂੰ ਆਪਣਾ ਦੁੱਧ ਪਿਲਾਉਣ ਵਾਲੀ ਜਨਾਨੀ ਨੂੰ ਇਸ ਦਾ ਸੇਵਨ ਨਹੀਂ ਕਰਨਾ ਚਾਹੀਦਾ।

. ਬਲੱਡ ਪ੍ਰੈਸ਼ਰ ਘੱਟ ਹੋਣ 'ਤੇ ਇਸ ਦਾ ਸੇਵਨ ਕਰਨ ਤੋਂ ਬਚਣਾ ਚਾਹੀਦਾ ਹੈ।

. ਸਰਜਰੀ ਜਾਂ ਆਪ੍ਰੇਸ਼ਨ ਹੋਣ 'ਤੇ ਗਲੋਅ ਦੀ ਵਰਤੋ ਬੰਦ ਕਰ ਦੇਣੀ ਚਾਹੀਦੀ ਹੈ। ਇਸ ਤੋਂ ਇਲਾਵਾ 5 ਸਾਲ ਤੋਂ ਹੇਠਾਂ ਦੇ ਬੱਚਿਆਂ ਨੂੰ ਗਲੋਅ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

**ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ** ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ।

ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ੍ਰਹਿਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

# ਮੁੱਖ ਮੰਤਰੀ ਨੇ ਗੁਰੂਗ੍ਰਾਮ ਵਿੱਚ ਸ਼੍ਰੀ ਰਾਮ ਜਨਮਭੂਮੀ ਅੰਦੋਲਨ ਵਿੱਚ ਅਸ਼ੋਕ ਸਿੰਘਲ ਦੇ ਯੋਗਦਾਨ ਨੂੰ ਯਾਦ ਕੀਤਾ, ਅਸ਼ੋਕ ਸਿੰਘਲ ਦੇ ਜਨਮ ਸ਼ਤਾਬਦੀ ਵਰ੍ਹੇ ਦੇ ਉਦਘਾਟਨੀ ਸਮਾਰੋਹ ਵਿੱਚ ਕੀਤੀ ਸ਼ਿਰਕਤ




**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸ਼੍ਰੀ ਅਸ਼ੋਕ ਸਿੰਘਲ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਪ੍ਰਤਿਭਾ, ਆਪਣਾ ਸਮਾਂ ਅਤੇ ਆਪਣਾ ਪੂਰਾ ਜੀਵਨ ਭਾਰਤ ਦੀ ਸੱਭਿਆਚਾਰਕ ਚੇਤਨਾ ਨੂੰ ਜਗਾਉਣ ਲਈ ਸਮਰਪਿਤ ਕਰ ਦਿੱਤਾ। ਸ਼੍ਰੀ ਰਾਮ ਜਨਮਭੂਮੀ ਅੰਦੋਲਨ ਵਿੱਚ ਵੀ ਉਨ੍ਹਾਂ ਨੇ ਵਿਆਪਕ ਜਨ-ਸੰਪਰਕ ਅਤੇ ਸੰਗਠਨ ਰਾਹੀਂ ਇਸ ਅੰਦੋਲਨ ਨੂੰ ਦੇਸ਼ ਦੇ ਅਨੇਕਾਂ ਹਿੱਸਿਆਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਮੁੱਖ ਮੰਤਰੀ ਨੇ ਇਹ ਗੱਲਾਂ ਐਤਵਾਰ ਨੂੰ ਗੁਰੂਗ੍ਰਾਮ ਯੂਨੀਵਰਸਿਟੀ ਵਿੱਚ ਵਿਸ਼ਵ ਹਿੰਦੂ ਪ੍ਰੀਸ਼ਦ ਵੱਲੋਂ ਆਯੋਜਿਤ ਅਸ਼ੋਕ ਸਿੰਘਲ ਜੀ ਦੇ ਜਨਮ ਸ਼ਤਾਬਦੀ ਵਰ੍ਹੇ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਿਤ ਕਰਦਿਆਂ ਕਹੀਆਂ। ਇਸ ਤੋਂ ਪਹਿਲਾਂ ਉਨ੍ਹਾਂ ਨੇ ਯੂਨੀਵਰਸਿਟੀ ਕੰਪਲੈਕਸ ਵਿੱਚ ਅਸ਼ੋਕ ਸਿੰਘਲ ਜੀ 'ਤੇ ਆਧਾਰਿਤ ਪ੍ਰਦਰਸ਼ਨੀ ਦਾ ਵੀ ਜਾਇਜ਼ਾ ਲਿਆ। ਸਮਾਰੋਹ ਵਿੱਚ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਪਟੌਦੀ ਦੀ ਵਿਧਾਇਕ ਬਿਮਲਾ ਚੌਧਰੀ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ ਅਤੇ ਮੇਅਰ ਨਗਰ ਨਿਗਮ ਗੁਰੂਗ੍ਰਾਮ ਰਾਜਰਾਣੀ ਮਲਹੋਤਰਾ ਮੌਜੂਦ ਰਹੇ।

**ਨੌਜਵਾਨਾਂ ਲਈ ਪ੍ਰੇਰਨਾ ਹੈ ਅਸ਼ੋਕ ਸਿੰਘਲ ਜੀ ਦਾ ਜੀਵਨ**

ਮੁੱਖ ਮੰਤਰੀ ਨੇ ਕਿਹਾ ਕਿ ਕੁੱਝ ਮਹਾਂਪੁਰਖਾਂ ਦਾ ਜੀਵਨ ਅਜਿਹਾ ਹੁੰਦਾ ਹੈ, ਜਿਨ੍ਹਾਂ ਦੀ ਪ੍ਰੇਰਨਾ ਸਮੇਂ ਦੇ ਨਾਲ ਹੋਰ ਡੂੰਘੀ ਹੁੰਦੀ ਜਾਂਦੀ ਹੈ। ਉਨ੍ਹਾਂ ਦੇ ਆਦਰਸ਼ ਭਵਿੱਖ ਦੀਆਂ ਪੀੜ੍ਹੀਆਂ ਨੂੰ ਦਿਸ਼ਾ ਦਿੰਦੇ ਹਨ ਅਤੇ ਉਨ੍ਹਾਂ ਦੇ ਤਿਆਗ ਨਾਲ ਸਮਾਜ ਨੂੰ ਸ਼ਕਤੀ ਮਿਲਦੀ ਹੈ। ਅਸ਼ੋਕ ਸਿੰਘਲ ਜੀ ਦਾ ਜੀਵਨ ਨੌਜਵਾਨਾਂ ਲਈ ਵੀ ਵੱਡੀ ਸੀਖ ਹੈ। ਉਨ੍ਹਾਂ ਨੇ ਨਿੱਜੀ ਤਰੱਕੀ ਦੇ ਮੌਕਿਆਂ ਦੀ ਬਜਾਏ ਆਪਣੇ ਗਿਆਨ ਅਤੇ ਸਮਰੱਥਾ ਨੂੰ ਸਮਾਜ ਦੇ ਕੰਮ ਵਿੱਚ ਲਗਾਉਣ ਦਾ ਰਸਤਾ ਚੁਣਿਆ।

**ਸੱਭਿਆਚਾਰਕ ਏਕਤਾ ਅਤੇ ਸਮਾਜਿਕ ਜੁੜਾਅ ਨੂੰ ਦਿੱਤਾ ਮਹੱਤਵ**

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸ਼ੋਕ ਸਿੰਘਲ ਜੀ ਨੇ ਸੰਤਾਂ, ਧਰਮਾਚਾਰੀਆਂ, ਸਮਾਜਿਕ ਵਰਕਰਾਂ ਅਤੇ ਆਮ ਪਰਿਵਾਰਾਂ ਨੂੰ ਵਿਆਪਕ ਸੱਭਿਆਚਾਰਕ ਉਦੇਸ਼ਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਭਾਰਤ ਦੀਆਂ ਭਾਸ਼ਾਵਾਂ, ਪਹਿਰਾਵੇ ਅਤੇ ਪਰੰਪਰਾਵਾਂ ਵਿੱਚ ਵਿਭਿੰਨਤਾ ਹੋਣ ਦੇ ਬਾਵਜੂਦ ਸੱਭਿਆਚਾਰਕ ਸਾਂਝ ਦਾ ਭਾਵ ਸਾਡੀ ਵਿਸ਼ੇਸ਼ਤਾ ਹੈ। ਅਸ਼ੋਕ ਸਿੰਘਲ ਜੀ ਦੇ ਜੀਵਨ ਤੋਂ ਆਪਸੀ ਸੰਵਾਦ ਵਧਾਉਣ, ਵਿਸ਼ਵਾਸ ਮਜ਼ਬੂਤ ਕਰਨ ਅਤੇ ਸਮਾਜ ਵਿੱਚ ਸਹਿਯੋਗ ਦੀ ਭਾਵਨਾ ਵਿਕਸਿਤ ਕਰਨ ਦੀ ਪ੍ਰੇਰਨਾ ਮਿਲਦੀ ਹੈ।

**ਭਾਰਤੀ ਗਿਆਨ ਪਰੰਪਰਾ ਨੂੰ ਸਮਝਣ ਦੀ ਨੌਜਵਾਨਾਂ ਨੂੰ ਅਪੀਲ**

ਮੁੱਖ ਮੰਤਰੀ ਨੇ ਕਿਹਾ ਕਿ ਆਪਣੀਆਂ ਪਰੰਪਰਾਵਾਂ ਨੂੰ ਸਮਝਣਾ, ਪ੍ਰਸ਼ਨ ਪੁੱਛਣਾ, ਅਸਲ ਗ੍ਰੰਥਾਂ ਨੂੰ ਪੜ੍ਹਨਾ ਅਤੇ ਵਿਦਵਾਨਾਂ ਨਾਲ ਸੰਵਾਦ ਕਰਨਾ ਨੌਜਵਾਨਾਂ ਦੀ ਸ਼ਖਸੀਅਤ ਨੂੰ ਖੁਸ਼ਹਾਲ ਬਣਾਉਂਦਾ ਹੈ। ਆਪਣੀ ਵਿਰਾਸਤ ਦਾ ਗਿਆਨ ਆਤਮ-ਵਿਸ਼ਵਾਸ ਦਿੰਦਾ ਹੈ ਅਤੇ ਦੁਨੀਆ ਤੋਂ ਸਿੱਖਣ ਤੇ ਦੁਨੀਆ ਨੂੰ ਕੁੱਝ ਨਵਾਂ ਦੇਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਮਜ਼ਬੂਤ ਜੜ੍ਹਾਂ ਵਾਲਾ ਰੁੱਖ ਹੀ ਅਸਮਾਨ ਵੱਲ ਉੱਚਾ ਉੱਠਦਾ ਹੈ।

**ਜਨਮ ਸ਼ਤਾਬਦੀ ਪ੍ਰੋਗਰਾਮਾਂ ਨੂੰ ਸੇਵਾ ਕਾਰਜਾਂ ਨਾਲ ਜੋੜਨ ਦੀ ਅਪੀਲ**

ਮੁੱਖ ਮੰਤਰੀ ਨੇ ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਸਮਾਜਿਕ ਸੰਸਥਾਵਾਂ ਨੂੰ ਜਨਮ ਸ਼ਤਾਬਦੀ ਵਰ੍ਹੇ ਦੇ ਪ੍ਰੋਗਰਾਮਾਂ ਨੂੰ ਸੇਵਾ ਦੇ ਕਾਰਜਾਂ ਨਾਲ ਜੋੜਨ ਦੀ ਅਪੀਲ ਕੀਤੀ। ਉਨ੍ਹਾਂ ਨੇ ਬੱਚਿਆਂ ਦੀ ਪੜ੍ਹਾਈ ਵਿੱਚ ਸਹਿਯੋਗ, ਖੂਨਦਾਨ, ਲੋੜਵੰਦ ਪਰਿਵਾਰਾਂ ਤੱਕ ਸਿਹਤ ਸਹਾਇਤਾ ਪਹੁੰਚਾਉਣ, ਪੌਦੇ ਲਗਾਉਣ ਅਤੇ ਲਗਾਏ ਗਏ ਪੌਦਿਆਂ ਦੀ ਸੰਭਾਲ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸੰਵਾਦ ਵਰਗੇ ਕਾਰਜਾਂ ਨੂੰ ਅੱਗੇ ਵਧਾਉਣ ਦੀ ਗੱਲ ਕਹੀ।

**ਸੱਭਿਆਚਾਰਕ ਗੌਰਵ ਦੇ ਨਾਲ ਚੰਗੇ ਆਚਰਣ ਦਾ ਸੰਦੇਸ਼**

ਮੁੱਖ ਮੰਤਰੀ ਨੇ ਕਿਹਾ ਕਿ ਅਸ਼ੋਕ ਸਿੰਘਲ ਜੀ ਦੀ ਯਾਦ ਵਿੱਚ ਆਯੋਜਿਤ ਇਹ ਸਮਾਰੋਹ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਆਪਣੀ ਮੁਹਾਰਤ ਨੂੰ ਨਿਖਾਰਨ, ਅਧਿਆਪਕਾਂ ਨੂੰ ਬੱਚਿਆਂ ਵਿੱਚ ਸੰਸਕਾਰ ਜਗਾਉਣ, ਉੱਦਮੀਆਂ ਨੂੰ ਰੋਜ਼ਗਾਰ ਦੇ ਮੌਕੇ ਵਧਾਉਣ ਅਤੇ ਸਮਾਜਿਕ ਸੰਗਠਨਾਂ ਨੂੰ ਲੋੜਵੰਦ ਪਰਿਵਾਰਾਂ ਤੱਕ ਸਹਾਇਤਾ ਪਹੁੰਚਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਡਾ ਸੱਭਿਆਚਾਰਕ ਗੌਰਵ ਸਾਡੇ ਚੰਗੇ ਆਚਰਣ ਵਿੱਚ ਦਿਖਾਈ ਦੇਣਾ ਚਾਹੀਦਾ ਹੈ ਅਤੇ ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸਾਡੇ ਆਲੇ-ਦੁਆਲੇ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ।

ਆਚਾਰੀਆ ਲੋਕੇਸ਼ ਮੁਨੀ ਨੇ ਅਸ਼ੋਕ ਸਿੰਘਲ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਸੰਕਲਪਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਸੁਪਨਾ ਅਯੋਧਿਆ ਵਿੱਚ ਸ਼੍ਰੀ ਰਾਮ ਜਨਮਭੂਮੀ ਮੰਦਰ, ਮਥੁਰਾ ਵਿੱਚ ਸ਼੍ਰੀ ਕ੍ਰਿਸ਼ਨ ਜਨਮਭੂਮੀ ਮੰਦਰ ਅਤੇ ਕਾਸ਼ੀ ਵਿੱਚ ਸ਼੍ਰੀ ਕਾਸ਼ੀ ਵਿਸ਼ਵਨਾਥ ਮੰਦਰ ਦਾ ਸ਼ਾਨਦਾਰ ਨਿਰਮਾਣ ਦੇਖਣਾ ਸੀ। ਉਨ੍ਹਾਂ ਕਿਹਾ ਕਿ ਸ਼੍ਰੀ ਰਾਮ ਜਨਮਭੂਮੀ ਮੰਦਰ ਦਾ ਨਿਰਮਾਣ ਅਸ਼ੋਕ ਸਿੰਘਲ ਜੀ ਦੇ ਸੰਕਲਪ ਦੀ ਦਿਸ਼ਾ ਵਿੱਚ ਮਹੱਤਵਪੂਰਨ ਪ੍ਰਾਪਤੀ ਹੈ। ਮਥੁਰਾ ਵਿੱਚ ਸ਼੍ਰੀ ਕ੍ਰਿਸ਼ਨ ਜਨਮਭੂਮੀ ਮੰਦਰ ਅਤੇ ਕਾਸ਼ੀ ਵਿੱਚ ਸ਼੍ਰੀ ਕਾਸ਼ੀ ਵਿਸ਼ਵਨਾਥ ਮੰਦਰ ਨਾਲ ਜੁੜੇ ਉਨ੍ਹਾਂ ਦੇ ਸੰਕਲਪਾਂ ਨੂੰ ਅੱਗੇ ਵਧਾਉਣਾ ਹੀ ਅਸ਼ੋਕ ਸਿੰਘਲ ਜੀ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਦੇ ਵਿਚਾਰਾਂ ਅਤੇ ਸੰਕਲਪਾਂ ਨੂੰ ਅੱਗੇ ਵਧਾਉਂਦਿਆਂ ਭਾਰਤੀ ਸੱਭਿਆਚਾਰ, ਆਸਥਾ ਅਤੇ ਵਿਰਾਸਤ ਪ੍ਰਤੀ ਜਾਗਰੂਕਤਾ ਨੂੰ ਮਜ਼ਬੂਤ ਕਰਨਾ ਸਮਾਜ ਦੀ ਜ਼ਿੰਮੇਵਾਰੀ ਹੈ। ਸਮਾਰੋਹ ਵਿੱਚ ਕੇਂਦਰੀ ਜਨਰਲ ਸਕੱਤਰ ਵਿਸ਼ਵ ਹਿੰਦੂ ਪ੍ਰੀਸ਼ਦ ਬਜਰੰਗ ਲਾਲ ਬਾਗੜਾ, ਗੁਰੂਗ੍ਰਾਮ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਸੰਜੇ ਕੌਸ਼ਿਕ, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਸੂਬਾ ਪ੍ਰਧਾਨ ਰਾਧੇਸ਼ਿਆਮ ਚਿਲਾਨਾ ਸਮੇਤ ਹੋਰ ਅਹੁਦੇਦਾਰ, ਪਤਵੰਤੇ ਸੱਜਣ ਅਤੇ ਨੌਜਵਾਨ ਮੌਜੂਦ ਸਨ।

# ਸੂਬੇ ਵਿੱਚ ਬਿਹਤਰ ਸੜਕ ਨੈੱਟਵਰਕ ਦੇ ਵਿਸਤਾਰ ਨੂੰ ਮਿਲ ਰਹੀ ਗਤੀ : ਰਣਬੀਰ ਗੰਗਵਾ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਸੂਬੇ ਵਿੱਚ ਸੜਕੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਆਮ ਜਨਤਾ ਨੂੰ ਬਿਹਤਰ ਅਤੇ ਸੁਚੱਜੀ ਆਵਾਜਾਈ ਦੀ ਸਹੂਲਤ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਵਿੱਚ ਕੁਰੂਕਸ਼ੇਤਰ ਜ਼ਿਲ੍ਹੇ ਵਿੱਚ ਪਿਹੋਵਾ-ਢੰਡ ਰੋਡ ਨੂੰ ਆਰਡੀ 53.00 ਤੋਂ ਆਰਡੀ 54.00 ਤੱਕ ਫੋਰਲੇਨ ਕਰਨ ਲਈ 734.35 ਲੱਖ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਦਿੱਤੀ ਗਈ ਹੈ।

ਲੋਕ ਨਿਰਮਾਣ ਅਤੇ ਲੋਕ ਸਿਹਤ ਇੰਜੀਨੀਅਰਿੰਗ ਮੰਤਰੀ ਸ਼੍ਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਬਿਹਤਰ ਸੜਕ ਨੈੱਟਵਰਕ ਕਿਸੇ ਵੀ ਖੇਤਰ ਦੇ ਵਿਕਾਸ ਦੀ ਮਹੱਤਵਪੂਰਨ ਆਧਾਰਸ਼ਿਲਾ ਹੁੰਦਾ ਹੈ। ਸਰਕਾਰ ਦਾ ਯਤਨ ਹੈ ਕਿ ਸੂਬੇ ਵਿੱਚ ਸੜਕਾਂ ਨੂੰ ਮਜ਼ਬੂਤ, ਸੁਰੱਖਿਅਤ ਅਤੇ ਸੁਵਿਧਾਜਨਕ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਆਵਾਜਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ ਅਤੇ ਵੱਖ-ਵੱਖ ਖੇਤਰਾਂ ਵਿਚਕਾਰ ਕਨੈਕਟੀਵਿਟੀ ਹੋਰ ਬਿਹਤਰ ਹੋਵੇ।

ਉਨ੍ਹਾਂ ਦੱਸਿਆ ਕਿ ਇਸ ਕੰਮ ਤਹਿਤ ਚਾਲੂ ਵਿੱਤੀ ਵਰ੍ਹੇ ਵਿੱਚ ਯੂਟਿਲਿਟੀ ਸ਼ਿਫਟਿੰਗ ਅਤੇ ਜੰਗਲਾਤ ਪ੍ਰਵਾਨਗੀ ਨਾਲ ਸਬੰਧਤ ਜ਼ਰੂਰੀ ਗਤੀਵਿਧੀਆਂ ਕੀਤੀਆਂ ਜਾਣਗੀਆਂ। ਵਿਭਾਗ ਵੱਲੋਂ ਕੰਮ ਨੂੰ ਜਲਦੀ ਸ਼ੁਰੂ ਕਰਵਾਉਣ ਲਈ ਲੋੜੀਂਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।

ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੂਬੇ ਵਿੱਚ ਸੜਕੀ ਵਿਕਾਸ ਨਾਲ ਜੁੜੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ, ਤਾਂ ਜੋ ਮੌਜੂਦਾ ਸੜਕੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਲੋਕਾਂ ਨੂੰ ਬਿਹਤਰ ਟਰਾਂਸਪੋਰਟ ਸਹੂਲਤਾਂ ਮਿਲ ਸਕਣ।

# ਵਿਜ਼ਨ 2 ਐਕਸ਼ਨ ਪੋਰਟਲ 'ਤੇ ਵਿਭਾਗੀ ਅਧਿਕਾਰੀਆਂ ਦਾ ਤਿੰਨ ਦਿਨਾਂ ਸਿਖਲਾਈ ਪ੍ਰੋਗਰਾਮ ਹੋਇਆ ਸਮਾਪਤ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿਜ਼ਨ-2047 ਦੇ ਦੂਰਗਾਮੀ ਟੀਚਿਆਂ ਨੂੰ ਵਿਹਾਰਕ ਵਿਭਾਗੀ ਕਾਰਜ-ਯੋਜਨਾਵਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਨਿਯਮਤ ਨਿਗਰਾਨੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਆਯੋਜਿਤ ਤਿੰਨ ਦਿਨਾਂ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਸਮਾਪਤ ਹੋਇਆ। ਸਵਰਣ ਜਯੰਤੀ ਹਰਿਆਣਾ ਵਿੱਤੀ ਪ੍ਰਬੰਧਨ ਸੰਸਥਾਨ, ਪੰਚਕੂਲਾ ਦੇ ਤਹਿਤ ਸਥਿਰ ਵਿਕਾਸ ਟੀਚਾ ਸਮਾਨਵਯ ਤੇ ਤਵਰਣ ਕੇਂਦਰ ਵੱਲੋਂ ਇਹ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਸੀ।

ਸੰਸਥਾਨ ਦੇ ਮਹਾਨਦੇਸ਼ਕ ਡਾ. ਰਾਜ ਨਹਿਰੂ ਦੀ ਅਗਵਾਈ ਹੇਠ ਆਯੋਜਿਤ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਰਾਜ ਦੇ ਵੱਖ-ਵੱਖ ਵਿਭਾਗਾਂ ਵੱਲੋਂ ਤਿਆਰ ਕੀਤੀਆਂ ਜਾ ਰਹੀਆਂ ਕਾਰਜ-ਯੋਜਨਾਵਾਂ ਨੂੰ 'ਵਿਜ਼ਨ 2 ਐਕਸ਼ਨ' ਪੋਰਟਲ 'ਤੇ ਡਿਜੀਟਲ ਰੂਪ ਦੇਣਾ ਸੀ। ਸਿਖਲਾਈ ਵਿੱਚ ਹਰਿਆਣਾ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੋਂ ਨਾਮਜ਼ਦ ਨੋਡਲ ਅਤੇ ਬੈਕਅੱਪ ਅਧਿਕਾਰੀਆਂ ਨੇ ਹਿੱਸਾ ਲਿਆ।

ਪ੍ਰੋਗਰਾਮ ਦੌਰਾਨ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਗਿਆ ਕਿ ਆਉਣ ਵਾਲੀਆਂ ਵਿਭਾਗੀ ਸਮੀਖਿਆ ਮੀਟਿੰਗਾਂ ਵਿੱਚ ਯੋਜਨਾਵਾਂ ਦੀ ਪ੍ਰਗਤੀ ਦਾ ਮੁਲਾਂਕਣ ਸਿਰਫ਼ ਵਿਜ਼ਨ 2 ਐਕਸ਼ਨ ਪੋਰਟਲ ਰਾਹੀਂ ਕੀਤਾ ਜਾਵੇਗਾ। ਇਸ ਲਈ ਵਿਭਾਗਾਂ ਨੂੰ ਆਪਣੀਆਂ ਕਾਰਜ-ਯੋਜਨਾਵਾਂ ਨੂੰ ਨਿਰਧਾਰਤ ਅਧਿਕਾਰਤ ਕ੍ਰਮ—ਵਿਜ਼ਨ ਥੀਮ, ਵਿਜ਼ਨ ਇਸ਼ੂ, ਵਿਜ਼ਨ ਪਾਥਵੇਅ, ਅਤੇ ਵਿਭਾਗੀ ਕਾਰਵਾਈ/ਮੁੱਖ ਕਾਰਜ-ਨਿਰਧਾਰਨ ਸੂਚਕ ਦੇ ਅਨੁਸਾਰ ਦਰਜ ਕਰਨ ਦੇ ਸਪੱਸ਼ਟ ਨਿਰਦੇਸ਼ ਦਿੱਤੇ ਗਏ ਹਨ।

ਸਿਖਲਾਈ ਦੇ ਦੌਰਾਨ ਅਧਿਕਾਰੀਆਂ ਨੂੰ ਪੋਰਟਲ 'ਤੇ ਰਜਿਸਟ੍ਰੇਸ਼ਨ, ਵਿਭਾਗ ਚੋਣ, ਆਧਾਰਰੇਖਾ ਤੈਅ ਕਰਨ, ਸਾਲਵਾਰ ਟੀਚਾ ਨਿਰਧਾਰਨ, ਅਤੇ ਤਿਮਾਹੀ ਗਤੀਵਿਧੀਆਂ ਨੂੰ ਅੱਪਡੇਟ ਕਰਨ ਦਾ ਵਿਹਾਰਕ ਅਭਿਆਸ ਕਰਵਾਇਆ ਗਿਆ।

ਇਸ ਸਿਖਲਾਈ ਦਾ ਉਦੇਸ਼ ਆਉਣ ਵਾਲੀਆਂ ਸਮੀਖਿਆ ਮੀਟਿੰਗਾਂ ਤੋਂ ਪਹਿਲਾਂ ਵਿਭਾਗੀ ਅੰਕੜਿਆਂ ਦੀ ਸ਼ੁੱਧਤਾ, ਪੂਰਨਤਾ ਅਤੇ ਨਿਯਮਤ ਅੱਪਡੇਸ਼ਨ ਨੂੰ ਯਕੀਨੀ ਬਣਾਉਣਾ ਹੈ, ਤਾਂ ਜੋ 'ਹਰਿਆਣਾ ਵਿਜ਼ਨ-2047' ਦੇ ਸੰਕਲਪਾਂ ਨੂੰ ਸਮਾਂਬੱਧ ਤਰੀਕੇ ਨਾਲ ਜ਼ਮੀਨੀ ਪੱਧਰ 'ਤੇ ਉਤਾਰਿਆ ਜਾ ਸਕੇ।

ਪ੍ਰੋਗਰਾਮ ਦੇ ਸਫਲ ਸੰਚਾਲਨ ਵਿੱਚ ਸੰਸਥਾਨ ਦੀ ਰਾਜ ਪ੍ਰੋਗਰਾਮ ਅਧਿਕਾਰੀ ਡਾ. ਸਵਿਤਾ ਮੰਢਾਰ ਅਤੇ ਸਥਿਰ ਵਿਕਾਸ ਟੀਚਾ ਕੇਂਦਰ ਦੇ ਮੁੱਖ ਵਿਕਾਸ ਵਰਮਾ ਦੀ ਮੁੱਖ ਭੂਮਿਕਾ ਰਹੀ।

ਵਿਸ਼ੇ ਦੇ ਮਾਹਿਰ ਰਿਸ਼ੀ ਰਾਜ ਸ਼ਰਮਾ ਨੇ ਮੁੱਖ ਟ੍ਰੇਨਰ ਵਜੋਂ ਅਧਿਕਾਰੀਆਂ ਦੀਆਂ ਤਕਨੀਕੀ ਜਿਗਿਆਸਾਵਾਂ ਦਾ ਹੱਲ ਕੀਤਾ। ਇਸ ਤੋਂ ਇਲਾਵਾ, ਤਕਨੀਕੀ ਅਤੇ ਸੰਚਾਰ ਵਿਵਸਥਾ ਵਿੱਚ ਅਖਿਲ ਸ਼ਰਮਾ, ਦੀਕਸ਼ਾਂਤ ਸ਼ਰਮਾ ਅਤੇ ਯਸ਼ੋਜਿਤ ਕਸੇਰਾ ਨੇ ਸਹਿਯੋਗ ਪ੍ਰਦਾਨ ਕੀਤਾ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਗੁਰੂਗ੍ਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਮਨ ਕੀ ਬਾਤ' ਦੇ 138ਵੇਂ ਐਡੀਸ਼ਨ ਨੂੰ ਸੁਣਿਆ




**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਗੁਰੂਗ੍ਰਾਮ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ 'ਮਨ ਕੀ ਬਾਤ' ਰੇਡੀਓ ਪ੍ਰੋਗਰਾਮ ਦੇ 138ਵੇਂ ਐਡੀਸ਼ਨ ਨੂੰ ਸੁਣਿਆ। ਇਸ ਮੌਕੇ 'ਤੇ ਸੇਵਾ ਸੰਕਲਪ ਅਭਿਆਨ ਤਹਿਤ ਮੁੱਖ ਮੰਤਰੀ ਨੇ ਖੇਡਾਂ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਅਤੇ ਸੂਬੇ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਸਮਾਗਮ ਵਾਲੀ ਥਾਂ 'ਤੇ ਵਾਤਾਵਰਣ ਸਰੰਖਣ ਦਾ ਸੰਦੇਸ਼ ਦਿੰਦਿਆਂ ਪੌਦੇ ਵੀ ਲਗਾਏ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਯੁੱਗ ਬਾਕਸਰ ਨੂੰ ਅੰਤਰਰਾਸ਼ਟਰੀ ਪੱਧਰ 'ਤੇ 2 ਸੋਨ ਤਗਮੇ ਅਤੇ ਥਾਈਲੈਂਡ ਵਿੱਚ ਏਸ਼ੀਅਨ ਗੋਲਡ ਮੈਡਲ ਜਿੱਤਣ, ਨਿਕਿਤਾ ਸਹਿਰਾਵਤ ਨੂੰ ਅੰਡਰ-17 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗਮਾ ਹਾਸਲ ਕਰਨ ਅਤੇ ਸੁਬੋਧ ਭੱਟ ਨੂੰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ 3 ਸੋਨ ਅਤੇ 2 ਬ੍ਰਾਂਜ ਤਗਮੇ ਜਿੱਤਣ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ। ਨਿਸ਼ਾਂਤ ਦਾਈਮਾ ਨੂੰ ਰਾਸ਼ਟਰੀ ਪੱਧਰ ਦੀਆਂ ਕੁਸ਼ਤੀ ਮੁਕਾਬਲਿਆਂ ਵਿੱਚ 1 ਸੋਨ ਅਤੇ 2 ਚਾਂਦੀ ਦੇ ਤਗਮੇ, ਸਚਿਨ ਨੂੰ ਰਾਸ਼ਟਰੀ ਜੂਨੀਅਰ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਬ੍ਰਾਂਜ ਤਗਮਾ ਅਤੇ ਪ੍ਰਿਆ ਯਾਦਵ ਨੂੰ ਅੰਤਰਰਾਸ਼ਟਰੀ ਪੱਧਰ 'ਤੇ 2 ਸੋਨ, 2 ਚਾਂਦੀ ਅਤੇ 4 ਬ੍ਰਾਂਜ ਤਗਮੇ ਹਾਸਲ ਕਰਨ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ ਗਿਆ। ਉੱਥੇ ਹੀ ਸ੍ਰਿਸ਼ਟੀ ਨੇ ਸੀਨੀਅਰ ਵਿਸ਼ਵ ਚੈਂਪੀਅਨਸ਼ਿਪ ਵਿੱਚ ਚਾਰ ਵਾਰ ਮੈਡਲ ਜਿੱਤ ਕੇ ਅਤੇ ਵਿਵੇਕ ਭਾਰਦਵਾਜ ਨੇ ਤੁਰਕੀ ਦੇ ਇਸਤਾਂਬੁਲ ਵਿੱਚ ਗਲੋਬਲ ਗ੍ਰੈਪਲਿੰਗ ਸੀਰੀਜ਼ ਰੈਸਲਿੰਗ ਵਿੱਚ ਬ੍ਰਾਂਜ ਤਗਮਾ ਜਿੱਤ ਕੇ ਦੇਸ਼ ਦਾ ਮਾਣ ਵਧਾਇਆ ਹੈ। ਮੁੱਖ ਮੰਤਰੀ ਨੇ ਸਾਰੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਪ੍ਰੋਗਰਾਮ ਵਿੱਚ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਪਟੌਦੀ ਦੀ ਵਿਧਾਇਕ ਬਿਮਲਾ ਚੌਧਰੀ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ, ਹਰਿਆਣਾ ਵਿਦੇਸ਼ ਸਹਿਯੋਗ ਵਿਭਾਗ ਵਿੱਚ ਮੁੱਖ ਮੰਤਰੀ ਦੇ ਸਲਾਹਕਾਰ ਪਵਨ ਚੌਧਰੀ, ਗੁਰੂਗ੍ਰਾਮ ਦੀ ਮੇਅਰ ਰਾਜਰਾਣੀ ਮਲਹੋਤਰਾ, ਸਾਬਕਾ ਮੰਤਰੀ ਜੇ.ਪੀ. ਦਲਾਲ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਰਹੇ।

# ਏਸ਼ਿਆਈ ਖੇਡਾਂ ਵਿੱਚ ਹਰਿਆਣਾ ਦੀਆਂ ਧੀਆਂ ਦਾ ਜਲਵਾ, ਤਿਰੰਗੇ ਦੀ ਸ਼ਾਨ ਵਧਾ ਰਹੀਆਂ ਹਨ ਧੀਆਂ : ਖੇਡ ਰਾਜ ਮੰਤਰੀ ਗੌਰਵ ਗੌਤਮ



**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਪਾਨ ਦੇ ਆਈਚੀ-ਨਾਗੋਆ ਵਿੱਚ ਆਯੋਜਿਤ ਏਸ਼ਿਆਈ ਖੇਡਾਂ-2026 ਵਿੱਚ ਭਾਰਤੀ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੌਰਾਨ ਹਰਿਆਣਾ ਦੀਆਂ ਧੀਆਂ ਦੇਸ਼ ਦਾ ਮਾਣ ਵਧਾ ਰਹੀਆਂ ਹਨ। ਹਰਿਆਣਾ ਦੇ ਖੇਡ ਅਤੇ ਯੁਵਾ ਅਧਿਕਾਰਤਾ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਏਸ਼ਿਆਈ ਖੇਡਾਂ ਵਿੱਚ ਭਾਰਤੀ ਮਹਿਲਾ ਖਿਡਾਰਨਾਂ ਅਤੇ ਖਾਸ ਕਰਕੇ ਹਰਿਆਣਾ ਦੀਆਂ ਧੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਉਨ੍ਹਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਧੀਆਂ ਨੇ ਆਪਣੀ ਮਿਹਨਤ, ਪ੍ਰਤਿਭਾ ਅਤੇ ਜਜ਼ਬੇ ਨਾਲ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਹਰਿਆਣਾ ਖੇਡ ਪ੍ਰਤਿਭਾਵਾਂ ਦੀ ਜਨਨੀ ਹੈ।

ਖੇਡ ਮੰਤਰੀ ਨੇ ਕਿਹਾ ਕਿ ਭਾਰਤੀ ਮਹਿਲਾ ਕਬੱਡੀ ਟੀਮ ਵਿੱਚ ਹਰਿਆਣਾ ਦੀਆਂ ਛੇ ਧੀਆਂ ਦੀ ਮੌਜੂਦਗੀ ਸੂਬੇ ਲਈ ਬਹੁਤ ਮਾਣ ਵਾਲੀ ਗੱਲ ਹੈ। ਧੀਆਂ ਅੱਜ ਨਾ ਸਿਰਫ਼ ਖੇਡ ਦੇ ਮੈਦਾਨ ਵਿੱਚ ਸਗੋਂ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰ ਰਹੀਆਂ ਹਨ। ਕਬੱਡੀ ਟੀਮ ਦਾ ਇਹ ਪ੍ਰਦਰਸ਼ਨ ਟੀਮ ਵਰਕ, ਅਨੁਸ਼ਾਸਨ ਅਤੇ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਤੀਕ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਹਰਿਆਣਾ ਦੇ ਖਿਡਾਰੀ ਏਸ਼ਿਆਈ ਖੇਡਾਂ ਤੋਂ ਤਗ਼ਮਿਆਂ ਦੀ ਵੱਡੀ ਸੌਗਾਤ ਲੈ ਕੇ ਪਰਤਣਗੇ।

ਗੌਰਵ ਗੌਤਮ ਨੇ ਦੱਸਿਆ ਕਿ ਰਾਜ ਸਰਕਾਰ ਖਿਡਾਰੀਆਂ ਨੂੰ ਆਧੁਨਿਕ ਖੇਡ ਸਹੂਲਤਾਂ ਅਤੇ ਅੰਤਰਰਾਸ਼ਟਰੀ ਪੱਧਰ ਦੀ ਕੋਚਿੰਗ ਪ੍ਰਦਾਨ ਕਰਨ ਲਈ ਵਚਨਬੱਧ ਹੈ। 'ਮਿਸ਼ਨ ਓਲੰਪਿਕ-2036' ਰਾਹੀਂ ਸੂਬੇ ਵਿੱਚ ਖੇਡ ਪ੍ਰਤਿਭਾਵਾਂ ਨੂੰ ਸ਼ੁਰੂਆਤੀ ਪੱਧਰ ਤੋਂ ਨਿਖਾਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ 'ਖੇਡੋ ਇੰਡੀਆ' ਵਰਗੀਆਂ ਸਕੀਮਾਂ ਨਾਲ ਦੇਸ਼ ਵਿੱਚ ਖੇਡਾਂ ਦਾ ਇੱਕ ਮਜ਼ਬੂਤ ਮਾਹੌਲ ਤਿਆਰ ਹੋਇਆ ਹੈ, ਜਿਸ ਦਾ ਸਿੱਧਾ ਅਸਰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ।

ਖੇਡ ਮੰਤਰੀ ਨੇ ਕਿਹਾ ਕਿ ਏਸ਼ਿਆਈ ਖੇਡਾਂ ਤੋਂ ਪਰਤਣ 'ਤੇ ਸੂਬੇ ਦੇ ਖਿਡਾਰੀਆਂ ਦਾ ਭਵਿੱਖ ਸਵਾਗਤ ਅਤੇ ਨਾਗਰਿਕ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨੂੰ ਸ਼ਖਸ਼ੀਅਤ ਉਸਾਰੀ ਦਾ ਸਾਧਨ ਬਣਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਰਕਾਰ ਹਰ ਪ੍ਰਤਿਭਾਸ਼ਾਲੀ ਖਿਡਾਰੀ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਦੀ ਰਹੇਗੀ।

# ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਵਿਰਾਸਤ-ਏ-ਖਾਲਸਾ ਵਿਖੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਟਾਫ ਨਾਲ ਮਨਾਇਆ ਵਿਸ਼ਵ ਸੈਰ-ਸਪਾਟਾ ਦਿਵਸ




**ਸ੍ਰੀ ਆਨੰਦਪੁਰ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ ਨੇ ਵਿਸ਼ਵ ਪ੍ਰਸਿੱਧ ਵਿਰਾਸਤ-ਏ-ਖਾਲਸਾ, ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ ਦੇ ਸਟਾਫ ਨਾਲ ਵਿਸ਼ਵ ਸੈਰ-ਸਪਾਟਾ ਦਿਵਸ ਮਨਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੈਰ-ਸਪਾਟੇ ਨੂੰ ਹੋਰ ਪ੍ਰਫੁੱਲਤ ਕਰਨ ਅਤੇ ਪੰਜਾਬ ਦੀ ਅਮੀਰ ਸੱਭਿਆਚਾਰਕ, ਧਾਰਮਿਕ ਤੇ ਇਤਿਹਾਸਕ ਵਿਰਾਸਤ ਨੂੰ ਦੇਸ਼-ਵਿਦੇਸ਼ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਆਪਣੀ ਵਿਲੱਖਣ ਸੱਭਿਆਚਾਰਕ ਪਛਾਣ, ਇਤਿਹਾਸਕ ਵਿਰਾਸਤ, ਧਾਰਮਿਕ ਅਸਥਾਨਾਂ ਅਤੇ ਕੁਦਰਤੀ ਸੁੰਦਰਤਾ ਕਾਰਨ ਦੁਨੀਆ ਭਰ ਦੇ ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣਨ ਦੀਆਂ ਵੱਡੀਆਂ ਸੰਭਾਵਨਾਵਾਂ ਰੱਖਦਾ ਹੈ।

ਸ੍ਰ. ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੈਰ-ਸਪਾਟੇ ਦੀਆਂ ਨਵੀਆਂ ਸੰਭਾਵਨਾਵਾਂ ਦੀ ਲਗਾਤਾਰ ਤਲਾਸ਼ ਕੀਤੀ ਜਾ ਰਹੀ ਹੈ ਅਤੇ ਵੱਖ-ਵੱਖ ਸੈਰ-ਸਪਾਟਾ ਸਥਾਨਾਂ ਨੂੰ ਹੋਰ ਵਿਕਸਤ ਕਰਕੇ ਸੈਲਾਨੀਆਂ ਲਈ ਆਕਰਸ਼ਣ ਦਾ ਕੇਂਦਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਖ-ਵੱਖ ਧਰਮਾਂ, ਭਾਈਚਾਰਿਆਂ ਅਤੇ ਸੱਭਿਆਚਾਰਾਂ ਨਾਲ ਸਬੰਧਤ ਸਮਾਗਮ ਕਰਵਾਏ ਜਾ ਰਹੇ ਹਨ, ਜਿਸ ਨਾਲ ਪੰਜਾਬ ਦੀ ਬਹੁ-ਵਿਭਿੰਨਤਾ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ। ਇਨ੍ਹਾਂ ਸਮਾਗਮਾਂ ਰਾਹੀਂ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ, ਇਤਿਹਾਸਕ ਧਰੋਹਰ ਅਤੇ ਧਾਰਮਿਕ ਮਹੱਤਤਾ ਨੂੰ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸੈਲਾਨੀਆਂ ਸਾਹਮਣੇ ਪੇਸ਼ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਅਤੇ ਵਿਰਾਸਤੀ ਸਥਾਨਾਂ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਸਿੱਖ ਇਤਿਹਾਸ ਅਤੇ ਵਿਰਾਸਤ ਵਿੱਚ ਵਿਸ਼ੇਸ਼ ਸਥਾਨ ਰੱਖਦੀ ਹੈ। ਇਸੇ ਤਹਿਤ ਇੱਥੇ ਪੰਜ ਪਿਆਰਾ ਪਾਰਕ ਨੂੰ ਹੋਰ ਸੁੰਦਰ ਅਤੇ ਆਧੁਨਿਕ ਢੰਗ ਨਾਲ ਵਿਕਸਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਭਾਈ ਜੈਤਾ ਜੀ ਯਾਦਗਾਰ ਵਰਗੇ ਮਹੱਤਵਪੂਰਨ ਸਥਾਨ ਵੀ ਸੈਲਾਨੀਆਂ ਅਤੇ ਸੰਗਤ ਲਈ ਖਿੱਚ ਦਾ ਕੇਂਦਰ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਜੈਕਟ ਪੰਜਾਬ ਦੇ ਸ਼ਾਨਾਮੱਤੇ ਇਤਿਹਾਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਸ੍ਰ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਧਰਮਾਂ ਅਤੇ ਸੱਭਿਆਚਾਰਾਂ ਨਾਲ ਸਬੰਧਤ ਧਾਰਮਿਕ ਤੇ ਸੱਭਿਆਚਾਰਕ ਸਮਾਗਮਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਨਵੇਂ ਸੈਰ-ਸਪਾਟਾ ਪ੍ਰੋਜੈਕਟਾਂ ਦੀਆਂ ਸੰਭਾਵਨਾਵਾਂ ਵੀ ਤਲਾਸ਼ੀਆਂ ਜਾ ਰਹੀਆਂ ਹਨ। ਇਸ ਦਾ ਉਦੇਸ਼ ਪੰਜਾਬ ਆਉਣ ਵਾਲੇ ਸੈਲਾਨੀਆਂ ਨੂੰ ਵੱਧ ਤੋਂ ਵੱਧ ਨਵੇਂ ਅਤੇ ਵਿਲੱਖਣ ਤਜਰਬੇ ਪ੍ਰਦਾਨ ਕਰਨਾ ਹੈ।

ਉਨ੍ਹਾਂ ਕਿਹਾ ਕਿ ਵਿਸ਼ਵ ਸੈਰ-ਸਪਾਟਾ ਦਿਵਸ ਸਾਨੂੰ ਆਪਣੀ ਵਿਰਾਸਤ ਅਤੇ ਸੱਭਿਆਚਾਰ ਨੂੰ ਸੰਭਾਲਣ ਦੇ ਨਾਲ-ਨਾਲ ਇਸ ਨੂੰ ਵਿਸ਼ਵ ਪੱਧਰ 'ਤੇ ਪਹੁੰਚਾਉਣ ਦਾ ਸੰਦੇਸ਼ ਦਿੰਦਾ ਹੈ। ਪੰਜਾਬ ਸਰਕਾਰ ਸੂਬੇ ਦੇ ਇਤਿਹਾਸਕ, ਧਾਰਮਿਕ, ਸੱਭਿਆਚਾਰਕ ਅਤੇ ਕੁਦਰਤੀ ਸੈਰ-ਸਪਾਟਾ ਸਥਾਨਾਂ ਨੂੰ ਹੋਰ ਵਿਕਸਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਯਤਨਾਂ ਨਾਲ ਪੰਜਾਬ ਦੀ ਵਿਰਾਸਤ ਅਤੇ ਸੈਰ-ਸਪਾਟਾ ਸਥਾਨਾਂ ਨੂੰ ਵਿਸ਼ਵ ਦੇ ਨਕਸ਼ੇ 'ਤੇ ਹੋਰ ਮਜ਼ਬੂਤੀ ਨਾਲ ਉਭਾਰਨ ਵਿੱਚ ਮਦਦ ਮਿਲੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਦੇਸ਼-ਵਿਦੇਸ਼ ਤੋਂ ਹੋਰ ਵੱਡੀ ਗਿਣਤੀ ਵਿੱਚ ਸੈਲਾਨੀ ਪੰਜਾਬ ਦੀ ਅਮੀਰ ਵਿਰਾਸਤ ਨੂੰ ਦੇਖਣ ਲਈ ਪਹੁੰਚਣਗੇ।

ਇਸ ਮੌਕੇ ਸੁਖਪਾਲ ਸਿੰਘ ਐਸ.ਡੀ.ਐਮ, ਸੈਰ ਸਪਾਟਾ ਵਿਭਾਗ ਦੇ ਜਨਰਲ ਮੈਨੇਜਰ ਭੁਪਿੰਦਰ ਸਿੰਘ ਚਾਨਾ, ਡਾ.ਸੰਜੀਵ ਗੌਤਮ ਜਿਲ੍ਹਾਂ ਪ੍ਰਧਾਨ, ਅਭਿਸ਼ੇਕ ਮਹਿਤਾ ਤੇ ਵਿਰਾਸਤ ਏ ਖਾਲਸਾ ਦੇ ਸਮੁੱਚਾ ਸਟਾਫ ਹਾਜ਼ਰ ਸੀ।

# ਵੱਡੀ ਗਿਣਤੀ ਵਿੱਚ ਲੋਕ ਸਵੇਰੇ ਸ਼ਾਮ ਸੈਰ ਕਰਕੇ ਲੈ ਰਹੇ ਹਨ ਲਾਹਾ



**ਬਠਿੰਡਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬਾ ਸਰਕਾਰ ਵੱਲੋਂ ਬਠਿੰਡਾ ਸ਼ਹਿਰ ਨੂੰ ਵਿਕਾਸ ਪੱਖੋਂ ਬਿਹਤਰ ਬਣਾਉਣ ਲਈ ਦਿੱਤੇ ਗਏ ਵੱਖ- ਵੱਖ ਵਿਕਾਸ ਪ੍ਰੋਜੈਕਟਾਂ ਵਿੱਚੋਂ 75 ਲੱਖ ਰੁਪਏ ਖਰਚ ਕਰਕੇ ਤਿਆਰ ਕੀਤਾ ਗਿਆ ਇੱਕ ਪ੍ਰਮੁੱਖ ਪ੍ਰੋਜੈਕਟ ਸ਼ਹੀਦ ਕਰਤਾਰ ਸਿੰਘ ਸਰਾਭਾ ਸੈਰਗਾਹ ਹੈ।

ਇਹ ਜਾਣਕਾਰੀ ਨਗਰ ਸੁਧਾਰ ਟਰਸਟ ਦੇ ਚੇਅਰਮੈਨ ਸ੍ਰੀ ਜਤਿੰਦਰ ਸਿੰਘ ਭੱਲਾ ਨੇ ਸਾਂਝੀ ਕੀਤੀ।

ਚੇਅਰਮੈਨ ਸ੍ਰੀ ਜਤਿੰਦਰ ਸਿੰਘ ਭੱਲਾ ਨੇ ਦੱਸਿਆ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਸੈਰਗਾਹ ਦਾ ਨੀਂਹ ਪੱਥਰ 10 ਅਕਤੂਬਰ 2024 ਨੂੰ ਰੱਖਿਆ ਗਿਆ ਸੀ ਅਤੇ ਕੁੱਝ ਕੁ ਮਹੀਨਿਆਂ ਵਿੱਚ ਹੀ ਤਿਆਰ ਕਰਦਿਆਂ ਇਹ ਸੈਰਗਾਹ ਬਠਿੰਡਾ ਵਾਸੀਆਂ ਦੇ ਸਪੁਰਦ ਕਰ ਦਿੱਤੀ ਗਈ ਸੀ।

ਇਹ ਸੈਰਗਾਹ ਰਿੰਗ ਰੋਡ ਉੱਪਰ ਮਿਲਟਰੀ ਛਾਉਣੀ ਦੇ ਨਾਲ 1 ਕਿਲੋਮੀਟਰ ਤੱਕ ਦਾ ਵਾਕਿੰਗ ਟਰੈਕ ਹੈ। ਜਿਸ ਵਿੱਚ ਇੱਕ ਚੱਕਰ ਲਗਾਉਣ ਨਾਲ ਦੋ ਕਿਲੋਮੀਟਰ ਦੀ ਸੈਰ ਕੀਤੀ ਜਾ ਸਕਦੀ ਹੈ।

ਉਹਨਾਂ ਦੱਸਿਆ ਕਿ ਇਹ ਸੈਰਗਾਹ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਣ ਮੁਹੱਈਆ ਕਰਵਾਉਂਦਿਆਂ ਸੁੰਦਰੀਕਰਨ ਅਤੇ ਸ਼ਹਿਰ ਦੀ ਦਿੱਖ ਵਧੀਆ ਬਨਾਉਣ ਲਈ ਚਾਰ ਚੰਨ ਲਗਾ ਰਹੀ ਹੈ।

ਇਸ ਸੈਰਗਾਹ ਵਿਖੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਸਵੇਰੇ ਅਤੇ ਸ਼ਾਮ ਨੂੰ ਸੈਰ ਕਰਕੇ ਖ਼ੂਬ ਆਨੰਦ ਮਾਣ ਰਹੇ ਹਨ। ਇਸ ਤੋਂ ਇਲਾਵਾ ਹਰਿਆਲੀ ਭਰਪੂਰ ਸੈਰਗਾਹ ਵਿਖੇ ਵੱਖ-ਵੱਖ ਤਰ੍ਹਾਂ ਦੇ ਪੌਦੇ ਖਿੱਚ ਦਾ ਕੇਂਦਰ ਹਨ।

ਸੈਰਗਾਹ ਵਿਖੇ ਓਪਨ ਜਿੰਮ, ਯੋਗਾ ਪੁਆਇੰਟ, ਐਕੂਪ੍ਰੈਸ਼ਰ ਜ਼ੋਨ, ਆਧੁਨਿਕ ਤਕਨੀਕ ਦੀਆਂ ਲਾਈਟਾਂ, ਕੂੜੇ ਦੇ ਪ੍ਰਬੰਧਨ ਸੰਬੰਧੀ ਵੱਖ ਵੱਖ ਥਾਂਵਾਂ ਤੇ ਡਸਟਬਿਨਾ ਤੋਂ ਇਲਾਵਾ ਬਹੁਤ ਹੀ ਸੁੰਦਰ ਸੈਲਫੀ ਪੁਆਇੰਟ ਤਿਆਰ ਕਰਵਾਇਆ ਗਿਆ ਹੈ। ਇਹ ਜਾਣਕਾਰੀ ਨਗਰ ਸੁਧਾਰ ਟਰਸਟ ਦੇ ਚੇਅਰਮੈਨ ਸ੍ਰੀ ਜਤਿੰਦਰ ਸਿੰਘ ਭੱਲਾ ਨੇ ਸਾਂਝੀ ਕੀਤੀ।ਚੇਅਰਮੈਨ ਸ੍ਰੀ ਜਤਿੰਦਰ ਸਿੰਘ ਭੱਲਾ ਨੇ ਦੱਸਿਆ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਸੈਰਗਾਹ ਦਾ ਨੀਂਹ ਪੱਥਰ 10 ਅਕਤੂਬਰ 2024 ਨੂੰ ਰੱਖਿਆ ਗਿਆ ਸੀ ਅਤੇ ਕੁੱਝ ਕੁ ਮਹੀਨਿਆਂ ਵਿੱਚ ਹੀ ਤਿਆਰ ਕਰਦਿਆਂ ਇਹ ਸੈਰਗਾਹ ਬਠਿੰਡਾ ਵਾਸੀਆਂ ਦੇ ਸਪੁਰਦ ਕਰ ਦਿੱਤੀ ਗਈ ਸੀ।ਇਹ ਸੈਰਗਾਹ ਰਿੰਗ ਰੋਡ ਉੱਪਰ ਮਿਲਟਰੀ ਛਾਉਣੀ ਦੇ ਨਾਲ 1 ਕਿਲੋਮੀਟਰ ਤੱਕ ਦਾ ਵਾਕਿੰਗ ਟਰੈਕ ਹੈ। ਜਿਸ ਵਿੱਚ ਇੱਕ ਚੱਕਰ ਲਗਾਉਣ ਨਾਲ ਦੋ ਕਿਲੋਮੀਟਰ ਦੀ ਸੈਰ ਕੀਤੀ ਜਾ ਸਕਦੀ ਹੈ। ਆਉਣ ਵਾਲੇ ਸਮੇਂ ਵਿੱਚ ਇਸ ਸੈਰਗਾਹ ਦਾ ਅੱਗੇ ਹੋਰ ਵੀ ਵਿਸਥਾਰ ਕਰਨ ਲਈ ਯੋਜਨਾ ਤੇ ਕੰਮ ਚੱਲ ਰਿਹਾ ਹੈ।ਸ਼ਹਿਰ ਵਾਸੀਆਂ ਵੱਲੋਂ ਸਰਕਾਰ ਦੇ ਇਸ ਵਿਸ਼ੇਸ਼ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

# ਬਲਵਿੰਦਰ ਸਿੰਘ ਲਾਡੀ ਨੇ ਪਿੰਡ ਚੀਮਾ ਖੁੱਡੀ ਅਤੇ ਮਠੋਲਾ ਵਿਖੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਲਈ ਸਿਹਤ ਯੋਜਨਾਂ ਦੇ ਕਾਰਡ ਲਾਭਪਾਤਰੀਆਂ ਨੂੰ ਵੰਡੇ



**ਬਟਾਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸਾਬਕਾ ਵਿਧਾਇਕ ਅਤੇ ਸੀਨੀਅਰ ਆਗੂ ਬਲਵਿੰਦਰ ਸਿੰਘ ਲਾਡੀ ਨੇ ਪਿੰਡ ਚੀਮਾ ਖੁੱਡੀ ਅਤੇ ਮਠੋਲਾ ਵਿਖੇ ਆਮ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਕਾਰਡ ਲਾਭਪਾਤਰੀਆਂ ਨੂੰ ਵੰਡੇ ਗਏ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨਾਲ ਲੋਕ ਮਿਲਣੀ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ।

ਇਸ ਮੌਕੇ ਬਲਵਿੰਦਰ ਸਿੰਘ ਲਾਡੀ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਇਹ ਸਿਹਤ ਯੋਜਨਾ ਕਾਰਡ ਗਰੀਬ ਅਤੇ ਲੋੜਵੰਦ ਪਰਿਵਾਰਾਂ ਲਈ ਵੱਡਾ ਸਹਾਰਾ ਬਣਨਗੇ, ਜਿਸ ਨਾਲ ਹੁਣ ਕੋਈ ਵੀ ਵਿਅਕਤੀ ਇਲਾਜ ਦੇ ਖਰਚੇ ਕਰਕੇ ਚੰਗੀਆਂ ਸਿਹਤ ਸੇਵਾਵਾਂ ਤੋਂ ਵਾਂਝਾ ਨਹੀਂ ਰਹੇਗਾ।ਉਨ੍ਹਾਂ ਕਿਹਾ ਕਿ ਕਾਰਡ ਧਾਰਕ ਸਰਕਾਰੀ ਦੇ ਨਾਲ-ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਣਗੇ। ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਨ੍ਹਾਂ ਵਾਅਦਿਆਂ ਨੂੰ ਹਰ ਹਾਲ ਪੂਰਾ ਕੀਤਾ ਗਿਆ ਹੈ।

ਇਸ ਮੌਕੇ ਨਿਰਮਲ ਸਿੰਘ ਨਿਮਾ, ਬੇਟਾ ਅਰਮਾਨ ਸਿੰਘ, ਮਨਦੀਪ ਚੀਮਾਂ, ਲਾਡੀ ਚੀਮਾ ਲਾਲੀ ਚੀਮਾਂ, ਸਰਪੰਚ ਕੁਲਵਿੰਦਰ ਕੌਰ ਸਮੂਹ ਮੈਂਬਰ ਪੰਚਾਇਤ ਤਰਸੇਮ ਸਿੰਘ ਅਤੇ ਪਿੰਡ ਮਠੋਲਾ ਤੋਂ ਬਲਜਿੰਦਰ ਸਿੰਘ ਸਰਪੰਚ ਰਿਆੜ, ਬਲਜੀਤ ਸਿੰਘ ਸਰਪੰਚ ਪੰਨੂੰ, ਰਣਜੀਤ ਸਿੰਘ ਰਿਆੜ ,ਮਹਿੰਦਰ ਸਿੰਘ ਹੋਲਦਾਰ, ਸਾਬ ਪ੍ਰੇਮ ਸਿੰਘ ਮੈਂਬਰ ਸੁਰਜੀਤ ਸਿੰਘ ਮੈਂਬਰ,ਡਾਕਟਰ ਅਮਰਜੀਤ ਸਿੰਘ ਧਾਲੀਵਾਲ, ਬਲਦੇਵ ਸਿੰਘ ਰਿਆੜ ,ਕਰਨੈਲ ਸਿੰਘ ਪੰਨੂ ,ਰਾਜਵਿੰਦਰ ਸਿੰਘ ਪੰਨੂ ,ਸੁਖਵਿੰਦਰ ਸਿੰਘ ਰਿਆੜ ,ਸਤਪਾਲ ਸਿੰਘ ਮੈਂਬਰ ,ਅਮਰਪ੍ਰੀਤ ਸਿੰਘ ,ਬਲਦੇਵ ਸਿੰਘ, ਸਬਕਾ ਸਰਪੰਚ ਗੁਰਦੀਪ ਸਿੰਘ ਮੈਂਬਰ, ਹਰਿੰਦਰ ਸਿੰਘ ਰਿਆੜ , ਸਰਬਜੀਤ ਸਿੰਘ ਪੰਨੂ ਸਮੂਹ ਪੰਚਾਇਤ ਪਿੰਡ ਮਠੋਲਾ ਹਾਜ਼ਰ ਸਨ।

# ਐਮ.ਆਰ.ਐਸ.ਪੀ.ਟੀ.ਯੂ. ਵਿਦਿਆਰਥੀ ਅਨਮੋਲ ਰਾਜਨ ਆਈ.ਐਸ.ਟੀ.ਈ. ਬੈਸਟ ਸਟੂਡੈਂਟ ਐਵਾਰਡ-2026 ਨਾਲ ਸਨਮਾਨਿਤ




**ਬਠਿੰਡਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.), ਬਠਿੰਡਾ ਦੇ ਫਾਰਮਾਸਿਊਟੀਕਲ ਸਾਇੰਸਜ਼ ਐਂਡ ਟੈਕਨਾਲੋਜੀ ਵਿਭਾਗ ਦੇ ਐਮ.ਫਾਰਮ (ਫਾਰਮਾਸਿਊਟਿਕਸ) ਦੇ ਵਿਦਿਆਰਥੀ ਅਨਮੋਲ ਰਾਜਨ ਨੂੰ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ, ਸਮਰਪਣ ਅਤੇ ਫਾਰਮਾਸਿਊਟੀਕਲ ਸਾਇੰਸਜ਼ ਦੇ ਖੇਤਰ ਵਿੱਚ ਪਾਏ ਮਹੱਤਵਪੂਰਨ ਯੋਗਦਾਨ ਲਈ ਵੱਕਾਰੀ ਇੰਡੀਅਨ ਸੋਸਾਇਟੀ ਫਾਰ ਟੈਕਨੀਕਲ ਐਜੂਕੇਸ਼ਨ (ਆਈ.ਐਸ.ਟੀ.ਈ.) ਬੈਸਟ ਸਟੂਡੈਂਟ ਐਵਾਰਡ-2026 ਨਾਲ ਸਨਮਾਨਿਤ ਕੀਤਾ ਗਿਆ ਹੈ।

ਇਹ ਐਵਾਰਡ ਆਈ.ਐਸ.ਟੀ.ਈ. ਸਟੂਡੈਂਟ ਕਨਵੈਨਸ਼ਨ-2026 ਦੌਰਾਨ ਪ੍ਰਦਾਨ ਕੀਤਾ ਗਿਆ, ਜਿਸ ਦੀ ਮੇਜ਼ਬਾਨੀ ਐਮ.ਆਈ.ਈ.ਟੀ., ਜੰਮੂ ਵੱਲੋਂ ਕੀਤੀ ਗਈ। ਇਸ ਮੌਕੇ ਅਨਮੋਲ ਰਾਜਨ ਦੀ ਅਕਾਦਮਿਕ ਉੱਤਮਤਾ, ਖੋਜ ਕਾਰਜਾਂ ਅਤੇ ਪੇਸ਼ੇਵਰ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਵਿਸ਼ੇਸ਼ ਤੌਰ 'ਤੇ ਮਾਨਤਾ ਦਿੱਤੀ ਗਈ।

ਪ੍ਰੋ. ਆਸ਼ੀਸ਼ ਬਾਲਦੀ ਅਤੇ ਡਾ. ਯਾਦਵਿੰਦਰ ਪਾਲ ਸ਼ਰਮਾ ਦੀ ਅਗਵਾਈ ਹੇਠ ਕੰਮ ਕਰਦਿਆਂ ਅਨਮੋਲ ਰਾਜਨ ਨੇ ਅਕਾਦਮਿਕ ਅਤੇ ਖੋਜ ਦੇ ਖੇਤਰ ਵਿੱਚ ਸ਼ਲਾਘਾਯੋਗ ਸਮਰਪਣ ਦਾ ਪ੍ਰਦਰਸ਼ਨ ਕੀਤਾ ਹੈ ਅਤੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ।

ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਅਤੇ ਰਜਿਸਟਰਾਰ ਪ੍ਰੋ. ਪਰਮਜੀਤ ਸਿੰਘ ਨੇ ਅਨਮੋਲ ਰਾਜਨ ਨੂੰ ਇਸ ਮਾਣਮੱਤੀ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਸ ਦੀ ਇਸ ਉਪਲਬਧੀ ਨੂੰ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਦੱਸਿਆ।

ਯੂਨੀਵਰਸਿਟੀ ਅਧਿਕਾਰੀਆਂ ਨੇ ਪ੍ਰੋ. ਆਸ਼ੀਸ਼ ਬਾਲਦੀ ਅਤੇ ਡਾ. ਯਾਦਵਿੰਦਰ ਪਾਲ ਸ਼ਰਮਾ ਨੂੰ ਵੀ ਉਨ੍ਹਾਂ ਦੀ ਖੇਤਰ ਵਿੱਚ ਪਾਏ ਮਹੱਤਵਪੂਰਨ ਅਗਵਾਈ ਅਤੇ ਮਾਰਗਦਰਸ਼ਨ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਅਕਾਦਮਿਕ ਅਤੇ ਖੋਜ ਕਾਰਜਾਂ ਵਿੱਚ ਨਿਰੰਤਰ ਸਫਲਤਾ ਦੀ ਕਾਮਨਾ ਕੀਤੀ।

# ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹੇ ਗੁਰਦਾਸਪੁਰ ਵਿੱਚ 5 ਡਰੋਨ ਸ਼ੋਅ ਕਰਵਾਏ ਜਾਣਗੇ : ਡਿਪਟੀ ਕਮਿਸ਼ਨਰ



**ਬਟਾਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦਾਸਪੁਰ ਜ਼ਿਲ੍ਹੇ ਵਿੱਚ 5 ਡਰੋਨ ਸ਼ੋਅ ਕਰਵਾਏ ਜਾਣਗੇ।

ਇਹ ਜਾਣਕਾਰੀ ਦਿੰਦਿਆਂ ਸ਼੍ਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਗੁਰਦਾਸਪੁਰ ਵਿਖੇ 5 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ।

ਉਨਾਂ ਦੱਸਿਆ ਕਿ 3 ਅਕਤੂਬਰ ਨੂੰ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਗੁਰਦਾਸਪੁਰ ਵਿਖੇ, 29 ਸਤੰਬਰ ਨੂੰ ਹੈਲੀਪੈਡ ਗਰਾਊਂਡ ਸਾਹਮਣੇ ਬਰਿਸਤਾ ਬਰਿਸਤਾ ਰੈਸਟੋਰੈਂਟ ਦੀਨਾਨਗਰ ਵਿਖੇ, 30 ਸਤੰਬਰ ਨੂੰ ਕਾਦੀਆਂ ਦੇ ਸਿੱਖ ਨੈਸ਼ਨਲ ਕਾਲਜ ਵਿਖੇ, 1 ਅਕਤੂਬਰ ਨੂੰ ਬਟਾਲਾ ਦੀ ਆਈ ਟੀ ਆਈ ਗਰਾਊਂਡ ਵਿਖੇ ਅਤੇ 3 ਅਕਤੂਬਰ ਨੂੰ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਡਰੋਨ ਸ਼ੋਅ ਕਰਵਾਇਆ ਜਾਵੇਗਾ।

ਸਮਾਗਮ ਸ਼ਾਮ 6 ਵਜੇ ਤੋਂ ਸ਼ੁਰੂ ਹੋਵੇਗਾ, ਜਿਸ ਵਿਚ ਗੁਰਬਾਣੀ ਕੀਰਤਨ ਤੋਂ ਬਾਅਦ ਡਰੋਨ ਸ਼ੋਅ ਹੋਵੇਗਾ।

ਉਨ੍ਹਾਂ ਦੱਸਿਆ ਕਿ ਇਹ ਡਰੋਨ ਸ਼ੋਅ ਦੌਰਾਨ ਇਕੋ ਸਮੇਂ ਕਰੀਬ 500 ਡਰੋਨ ਅਸਮਾਨ ਵਿਚ ਉੱਡਦੇ ਹੋਏ ਡਿਜੀਟਲ ਢੰਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਸਿੱਖਿਆਵਾਂ ਦੀ ਬਾਕਮਾਲ ਪੇਸ਼ਕਾਰੀ ਕਰਨਗੇ।

ਉਨ੍ਹਾਂ ਨੇ ਗੁਰਦਾਸਪੁਰ ਵਾਸੀਆਂ ਨੂੰ ਇਸ ਵਿਲੱਖਣ ਸਮਾਗਮ ਦੇ ਗਵਾਹ ਬਣਨ ਲਈ ਗੁਰਦਾਸਪੁਰ ਜ਼ਿਲ੍ਹੇ ਵਿੱਚ 5 ਡਰੋਨ ਸ਼ੋਅ ਕਰਵਾਏ ਜਾਣਗੇ।

ਇਹ ਜਾਣਕਾਰੀ ਦਿੰਦਿਆਂ ਸ਼੍ਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਗੁਰਦਾਸਪੁਰ ਵਿਖੇ 5 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ।ਆਪਣੇ ਪਰਿਵਾਰਾਂ ਸਮੇਤ ਗੁਰਦਾਸਪੁਰ ਜ਼ਿਲ੍ਹੇ ਵਿੱਚ 5 ਡਰੋਨ ਸ਼ੋਅ ਕਰਵਾਏ ਜਾਣਗੇ। ਇਹ ਜਾਣਕਾਰੀ ਦਿੰਦਿਆਂ ਸ਼੍ਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਗੁਰਦਾਸਪੁਰ ਵਿਖੇ 5 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ ਹੁੰਮ-ਹੁੰਮਾਂ ਕੇ ਪਹੁੰਚਣ ਦਾ ਸੱਦਾ ਦਿੱਤਾ।

## ਪ੍ਰਧਾਨ ਮੰਤਰੀ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਨਾਲ ਕੀਤੀ ਵੀਡੀਓ ਕਾਲ 'ਤੇ ਗੱਲਬਾਤ

### 174 ਜਾਨਾਂ ਬਚਾਉਣ ਲਈ ਕੀਤੀ ਬਹਾਦਰੀ ਦੀ ਸ਼ਲਾਘਾ



**ਨਵੀਂ ਦਿੱਲੀ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਭਾਰਤੀ ਪਾਇਲਟ ਕੈਪਟਨ ਸਮਿਤ ਨਾਲ ਫ਼ੋਨ 'ਤੇ ਗੱਲਬਾਤ ਕਰਕੇ ਉਨ੍ਹਾਂ ਦੀ ਬਹਾਦਰੀ ਅਤੇ ਸੂਝ-ਬੂਝ ਦੀ ਭਰਪੂਰ ਸ਼ਲਾਘਾ ਕੀਤੀ। ਇਜ਼ਰਾਈਲ ਜਾ ਰਹੇ ਜਹਾਜ਼ ਵਿੱਚ ਆਈ ਮੁਸ਼ਕਿਲ ਦੌਰਾਨ ਕੈਪਟਨ ਸਮਿਤ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ 174 ਯਾਤਰੀਆਂ ਦੀ ਜਾਨ ਬਚਾਈ। ਪ੍ਰਧਾਨ ਮੰਤਰੀ ਨੇ ਕੈਪਟਨ ਨੂੰ ਕਿਹਾ ਕਿ ਪੂਰਾ ਦੇਸ਼ ਉਨ੍ਹਾਂ ਦੀ ਤੰਦਰੁਸਤੀ ਲਈ ਪ੍ਰਾਰਥਨਾ ਕਰ ਰਿਹਾ ਹੈ ਅਤੇ ਉਨ੍ਹਾਂ ਦੇ ਜਲਦੀ ਠੀਕ ਹੋਣ ਲਈ ਮਹਾਮ੍ਰਿਤੁੰਜਯ ਮੰਤਰ ਦਾ ਜਾਪ ਕੀਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਭਾਰਤ ਦੇ ਲੋਕ ਦੂਜਿਆਂ ਦੀ ਜਾਨ ਲੈਣ ਵਾਲੇ ਨਹੀਂ, ਸਗੋਂ ਆਪਣੀ ਜਾਨ ਜੋਖਮ ਵਿੱਚ ਪਾ ਕੇ ਦੂਜਿਆਂ ਦੀ ਰੱਖਿਆ ਕਰਨ ਵਾਲੇ ਹਨ। ਗੱਲਬਾਤ ਦੌਰਾਨ ਕੈਪਟਨ ਸਮਿਤ ਨੇ ਦੱਸਿਆ ਕਿ ਜਦੋਂ ਉਹ ਜ਼ਿੰਦਗੀ ਅਤੇ ਮੌਤ ਨਾਲ ਲੜ ਰਹੇ ਸਨ, ਤਾਂ ਉਸ ਮੁਸ਼ਕਿਲ ਘੜੀ ਵਿੱਚ ਉਹ ਹਨੂਮਾਨ ਚਾਲੀਸਾ ਦਾ ਪਾਠ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਰੱਬ ਦੀ ਕਿਰਪਾ ਅਤੇ ਉਨ੍ਹਾਂ ਦੇ 17 ਸਾਲਾਂ ਦੇ ਉਡਾਣ ਤਜਰਬੇ ਕਰਕੇ ਹੀ ਇਹ ਸੰਭਵ ਹੋ ਸਕਿਆ। ਅੱਖਾਂ ਬੰਦ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਜਹਾਜ਼ ਦੀ ਸਥਿਤੀ ਦਾ ਅਹਿਸਾਸ ਸੀ, ਜਿਸ ਨਾਲ ਉਹ ਆਖਰੀ ਮੌਕੇ 'ਤੇ ਦਰਵਾਜ਼ਾ ਖੋਲ੍ਹਣ ਵਿੱਚ ਕਾਮਯਾਬ ਹੋਏ ਅਤੇ ਵੱਡਾ ਹਾਦਸਾ ਟਲ ਗਿਆ।

ਇਹ ਘਟਨਾ ਬੁੱਧਵਾਰ ਨੂੰ ਫਲਾਈਦੁਬਈ ਦੀ ਦੁਬਈ ਤੋਂ ਤਲ ਅਵੀਵ ਜਾ ਰਹੀ ਉਡਾਣ ਵਿੱਚ ਵਾਪਰੀ ਸੀ। ਜਹਾਜ਼ ਵਿੱਚ 174 ਲੋਕ ਸਵਾਰ ਸਨ, ਜਿਨ੍ਹਾਂ ਵਿੱਚ ਜ਼ਿਆਦਾਤਰ ਇਜ਼ਰਾਇਲੀ ਯਾਤਰੀ ਸਨ। ਕੋ-ਪਾਇਲਟ ਨੇ ਜਹਾਜ਼ ਦੇ ਭਾਰਤੀ ਕੈਪਟਨ ਨੂੰ ਚਾਕੂ ਮਾਰ ਦਿੱਤਾ ਅਤੇ ਕਥਿਤ ਤੌਰ 'ਤੇ ਜਹਾਜ਼ ਨੂੰ ਕਰੈਸ਼ ਕਰਨ ਦੀ ਕੋਸ਼ਿਸ਼ ਕੀਤੀ। ਹਮਲੇ ਤੋਂ ਬਾਅਦ ਜਹਾਜ਼ ਬਹੁਤ ਤੇਜ਼ੀ ਨਾਲ ਹੇਠਾਂ ਵੱਲ ਜਾਣ ਲੱਗਾ। ਜ਼ਖ਼ਮੀ ਕੈਪਟਨ ਨੇ ਕਾਕਪਿਟ ਦਾ ਦਰਵਾਜ਼ਾ ਖੋਲ੍ਹ ਦਿੱਤਾ, ਜਿਸ ਤੋਂ ਬਾਅਦ ਕੁਝ ਯਾਤਰੀ ਅਤੇ ਹੋਰ ਕਰਮਚਾਰੀ ਅੰਦਰ ਪਹੁੰਚੇ ਅਤੇ ਹਮਲਾਵਰ ਨੂੰ ਕਾਬੂ ਕੀਤਾ।

## ਪੰਜਾਬ ਦੇ ਰਾਜਪਾਲ ਅਤੇ ਸਿਹਤ ਮੰਤਰੀ ਵੱਲੋਂ ਸਰਕਾਰੀ ਮੈਡੀਕਲ ਕਾਲਜ ਪਟਿਆਲਾ ਵਿਖੇ ਟੀਬੀ ਤੇ ਛਾਤੀ ਰੋਗਾਂ ਬਾਰੇ 81ਵੀਂ ਰਾਸ਼ਟਰੀ ਕਾਨਫਰੰਸ 'ਨੈਟਕੌਨ-2026' ਦਾ ਆਗਾਜ਼

### ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਟੀਬੀ ਵਿਰੁੱਧ ਲੜਾਈ ਨੂੰ ਜਨ ਲਹਿਰ ਬਣਾਉਣ ਦਾ ਸੱਦਾ



**ਪਟਿਆਲਾ, 3 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਤਪਦਿਕ (ਟੀਬੀ) ਵਿਰੁੱਧ ਲੜਾਈ ਨੂੰ ਜਨ ਲਹਿਰ ਬਣਾਉਣ ਦਾ ਸੱਦਾ ਦਿੱਤਾ ਹੈ। ਰਾਜਪਾਲ ਨੇ ਅੱਜ ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਵਿਖੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨਾਲ ਤਪਦਿਕ (ਟੀਬੀ) ਅਤੇ ਫੇਫੜਿਆਂ ਦੀਆਂ ਬਿਮਾਰੀਆਂ ਬਾਰੇ 81ਵੀਂ ਰਾਸ਼ਟਰੀ ਕਾਨਫਰੰਸ 'ਨੈਟਕੌਨ-2026' ਦਾ ਉਦਘਾਟਨ ਕੀਤਾ।

ਇਸ ਮੌਕੇ ਰਾਜਪਾਲ ਨੇ ਕਿਹਾ ਕਿ ਟੀਬੀ ਦਾ ਖਾਤਮਾ ਸਿਰਫ਼ ਸਰਕਾਰ ਜਾਂ ਸਿਹਤ ਵਿਭਾਗ ਦੀ ਇਕੱਲੀ ਜ਼ਿੰਮੇਵਾਰੀ ਨਹੀਂ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਪ੍ਰਣ ਕਰਨਾ ਹੋਵੇਗਾ ਕਿ ਕੋਈ ਵੀ ਟੀਬੀ ਮਰੀਜ਼ ਸਮੇਂ ਸਿਰ ਜਾਂਚ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਟੀਬੀ ਵਿਰੁੱਧ ਜਾਗਰੂਕਤਾ ਨੂੰ ਜਨ ਅੰਦੋਲਨ ਅਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਦੀ ਮੁਹਿੰਮ ਬਣਾਉਣ ਦੀ ਲੋੜ ਹੈ।

ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਾਲ 1939 ਵਿੱਚ ਸਥਾਪਿਤ ਟਿਊਬਰਕਲੋਸਿਸ ਐਸੋਸੀਏਸ਼ਨ ਆਫ਼ ਇੰਡੀਆ ਵੱਲੋਂ ਦਹਾਕਿਆਂ ਤੋਂ ਭਾਰਤ ਵਿੱਚ ਟੀਬੀ ਕੰਟਰੋਲ, ਜਨਤਕ ਜਾਗਰੂਕਤਾ, ਡਾਕਟਰੀ ਸਿੱਖਿਆ ਅਤੇ ਵਿਗਿਆਨਕ ਖੋਜ ਦੇ ਖੇਤਰ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਸੰਸਥਾ ਨੂੰ ਤਪਦਿਕ ਬਾਰੇ ਦੇਸ਼ ਦੀਆਂ ਵੱਖ-ਵੱਖ ਭਾਸ਼ਾਵਾਂ ਵਿੱਚ ਬੁਕਲੈਟ ਛਪਵਾ ਕੇ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ ਵੀ ਪ੍ਰੇਰਿਤ ਕੀਤਾ। ਰਾਜਪਾਲ ਨੇ ਟੀਬੀ ਦੇ ਮਰੀਜ਼ਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਇਲਾਜ ਮੁਹੱਈਆ ਕਰਵਾਉਣ ਦੇ ਨਾਲ-ਨਾਲ ਪੌਸ਼ਟਿਕ ਖੁਰਾਕ ਉਪਲਬਧ ਕਰਵਾਉਣ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ 'ਨਿਕਸ਼ੇ ਮਿੱਤਰ' ਸਕੀਮ ਰਾਹੀਂ ਟੀਬੀ ਮਰੀਜ਼ਾਂ ਦੀ ਬਾਂਹ ਫੜੀ ਹੈ, ਜਦਕਿ ਇੰਡੀਅਨ ਰੈਡ ਕਰਾਸ ਸੁਸਾਇਟੀ ਵੀ ਅਜਿਹੇ ਮਰੀਜ਼ਾਂ ਦੀ ਮਦਦ ਕਰ ਰਹੀ ਹੈ। ਗੁਲਾਬ ਚੰਦ ਕਟਾਰੀਆ ਨੇ ਪੰਜਾਬ ਵਿੱਚ ਪ੍ਰਤੀ ਲੱਖ ਆਬਾਦੀ ਪਿੱਛੇ ਟੀਬੀ ਦੇ ਮਰੀਜ਼ਾਂ ਦੀ ਗਿਣਤੀ ਕੌਮੀ ਔਸਤ ਨਾਲੋਂ ਵੱਧ ਹੋਣ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਨੇ ਸਾਲ 2030 ਤੱਕ ਟੀਬੀ ਦੇ ਖ਼ਾਤਮੇ ਦਾ ਟੀਚਾ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਸ ਟੀਚੇ ਨੂੰ ਹਾਸਲ ਕਰਨ ਲਈ ਉੱਚ-ਜੋਖਮ ਵਾਲੀਆਂ ਆਬਾਦੀਆਂ ਤੱਕ ਪਹੁੰਚ, ਸਮੇਂ ਸਿਰ ਜਾਂਚ, ਮਰੀਜ਼ਾਂ ਨੂੰ ਨਿਰੰਤਰ ਇਲਾਜ, ਢੁਕਵੀਂ ਪੋਸ਼ਣ ਅਤੇ ਸਮਾਜਿਕ ਸਹਾਇਤਾ ਯਕੀਨੀ ਬਣਾਉਣ ਦੀ ਲੋੜ ਹੈ। ਉਂਜ, ਰਾਜਪਾਲ ਨੇ ਇਸ ਗੱਲ 'ਤੇ ਸੰਤੁਸ਼ਟੀ ਪ੍ਰਗਟਾਈ ਕਿ ਪਿਛਲੇ ਦਸ ਸਾਲਾਂ ਦੌਰਾਨ ਦੇਸ਼ ਵਿੱਚ ਟੀਬੀ ਦੇ ਮਾਮਲਿਆਂ ਵਿੱਚ 21 ਫ਼ੀਸਦੀ ਕਮੀ ਆਈ ਹੈ ਅਤੇ ਹੁਣ 92 ਫ਼ੀਸਦੀ ਟੀਬੀ ਮਰੀਜ਼ਾਂ ਦਾ ਇਲਾਜ ਕੀਤਾ ਜਾ ਰਿਹਾ ਹੈ।

## ਬੀ.ਕੇ.ਯੂ ਉਗਰਾਹਾ ਵੱਲੋਂ 5 ਅਕਤੂਬਰ ਤੋਂ ਡੀ.ਸੀ. ਤੇ ਐੱਸ.ਡੀ.ਐੱਮ. ਦਫ਼ਤਰਾਂ ਦੇ 24 ਘੰਟਿਆਂ ਦੇ ਘਿਰਾਓ ਦਾ ਐਲਾਨ



**ਲਾਲੜੂ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਕਿਸਾਨਾਂ-ਮਜ਼ਦੂਰਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਦੇ ਵਿਰੋਧ ਵਿੱਚ 5 ਅਕਤੂਬਰ ਤੋਂ ਪੰਜਾਬ ਭਰ ਵਿੱਚ ਡਿਪਟੀ ਕਮਿਸ਼ਨਰਾਂ ਅਤੇ ਐੱਸ.ਡੀ.ਐੱਮ. ਦਫ਼ਤਰਾਂ ਦਾ 24 ਘੰਟਿਆਂ ਦਾ ਲਗਾਤਾਰ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸੰਘਰਸ਼ ਦੀ ਤਿਆਰੀ ਵਜੋਂ ਜਥੇਬੰਦੀ ਵੱਲੋਂ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।

ਜਿਸ ਤਹਿਤ ਅੱਜ ਲਾਲੜੂ ਸਰਕਲ ਦੇ ਪਿੰਡ ਮਲਕਪੁਰ, ਖੇੜੀ ਜੱਟਾਂ, ਹਮਾਯੂੰਪੁਰ ਅਤੇ ਸਾਧਾਂਪੁਰ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ 'ਪੰਜਾਬੀ ਟ੍ਰਿਬਿਊਨ' ਨਾਲ ਗੱਲਬਾਤ ਦੌਰਾਨ ਕਿਹਾ ਕਿ 5 ਅਕਤੂਬਰ ਦੀ ਰਾਤ 12 ਵਜੇ ਤੋਂ ਸ਼ੁਰੂ ਹੋਣ ਵਾਲੇ ਘਿਰਾਓ ਅਗਲੇ ਦਿਨ ਰਾਤ 12 ਵਜੇ ਤੱਕ ਲਗਾਤਾਰ ਜਾਰੀ ਰਹਿਣਗੇ, ਜਿਸ ਦੌਰਾਨ ਵੱਡੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ।

ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਅਤੇ ਕਿਸਾਨ ਜਥੇਬੰਦੀਆਂ ਨਾਲ ਮੀਟਿੰਗਾਂ ਵਿੱਚ ਕੀਤੇ ਵਾਅਦੇ ਵੀ ਅਮਲ ਵਿੱਚ ਨਹੀਂ ਲਿਆਂਦੇ ਗਏ। ਉਨ੍ਹਾਂ ਕਿਹਾ ਕਿ ਜਥੇਬੰਦੀ ਅਮਰੀਕਾ ਨਾਲ ਕੀਤੇ ਵਪਾਰ ਸਮਝੌਤੇ ਦਾ ਵਿਰੋਧ ਕਰ ਰਹੀ ਹੈ। ਇਸ ਤੋਂ ਇਲਾਵਾ ਬਿਜਲੀ ਬਿੱਲ, ਬੀਜ ਬਿੱਲ ਅਤੇ ਸਾਰੀਆਂ ਫ਼ਸਲਾਂ 'ਤੇ ਐੱਮ.ਐੱਸ.ਪੀ. ਦੀ ਕਾਨੂੰਨੀ ਗਾਰੰਟੀ ਦੀ ਮੰਗ ਨੂੰ ਲੈ ਕੇ ਵੀ ਕਿਸਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।

ਉਗਰਾਹਾਂ ਨੇ ਲੈਂਡ ਪੂਲਿੰਗ ਨੀਤੀ ਤਹਿਤ ਕਿਸਾਨਾਂ ਦੀਆਂ ਜ਼ਮੀਨਾਂ ਲੈਣ ਦਾ ਵਿਰੋਧ ਕਰਦਿਆਂ ਕਿਹਾ ਕਿ ਜਥੇਬੰਦੀ ਇਸ ਨੀਤੀ ਖ਼ਿਲਾਫ਼ ਸੰਘਰਸ਼ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਮੁਹਾਲੀ ਜ਼ਿਲ੍ਹੇ ਦੇ ਕਿਸਾਨਾਂ ਨਾਲ ਕਿਸੇ ਤਰ੍ਹਾਂ ਦੀ ਵੀ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ। ਜਬਰੀ ਕਿਸਾਨਾਂ ਦੀ ਜ਼ਮੀਨ ਐਕਵਾਇਰ ਕੀਤੇ ਜਾਣ ਦਾ ਵੀ ਜ਼ਬਰਦਸਤ ਢੰਗ ਨਾਲ ਵਿਰੋਧ ਕੀਤਾ ਜਾਵੇਗਾ।

## ਅੰਮ੍ਰਿਤਸਰ ਪੁਲਿਸ ਨੇ ਹੈਰੋਇਨ ਤੇ ਹਥਿਆਰਾਂ ਸਮੇਤ 4 ਕੀਤੇ ਕਾਬੂ




**ਅੰਮ੍ਰਿਤਸਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇਕ ਵੱਡੀ ਸਫ਼ਲਤਾ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦੋ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਨੈੱਟਵਰਕਾਂ ਨੂੰ ਤਬਾਹ ਕੀਤਾ ਤੇ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਪਾਸੋਂ 10 ਕਿਲੋ ਹੈਰੋਇਨ ਅਤੇ 10 ਗੈਰ-ਕਾਨੂੰਨੀ ਪਿਸਤੌਲ ਬਰਾਮਦ ਕੀਤੇ ਹਨ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਦੋਸ਼ੀ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਹਨ ਅਤੇ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਪ੍ਰਾਪਤੀ ਵਿਚ ਸ਼ਾਮਿਲ ਹਨ।

ਅੰਮ੍ਰਿਤਸਰ ਦੇ ਥਾਣਾ ਘਰਿੰਡਾ ਵਿਖੇ ਦੋ ਵੱਖ-ਵੱਖ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਪੂਰੇ ਨੈੱਟਵਰਕ ਦਾ ਪਰਦਾਫ਼ਾਸ਼ ਕਰਨ ਅਤੇ ਪਿਛਲੇ ਅਤੇ ਅਗਲੇ ਸੰਬੰਧਾਂ ਨੂੰ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਪੰਜਾਬ ਪੁਲਿਸ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੇ ਨੈੱਟਵਰਕਾਂ ਨੂੰ ਖਤਮ ਕਰਨ ਅਤੇ ਪੰਜਾਬ ਨੂੰ ਇਕ ਸੁਰੱਖਿਅਤ ਅਤੇ ਨਸ਼ਾ ਮੁਕਤ ਸੂਬਾ ਬਣਾਉਣ ਲਈ ਆਪਣੀ ਵਚਨਬੱਧਤਾ 'ਤੇ ਅਡੋਲ ਹੈ।

## ਖੁੱਡੀਆਂ ਦੀ ਅਰਜ਼, ਚੌਹਾਨ ਵੱਲੋਂ ਪੰਜਾਬ ਨੂੰ ਸੌ ਕਰੋੜ ਦੇ ਫ਼ੰਡ ਜਾਰੀ



**ਨਵੀਂ ਦਿੱਲੀ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਚੌਹਾਨ ਪੰਜਾਬ ਤੇ ਕੇਂਦਰ ਦੇ ਸਿਆਸੀ ਟਕਰਾਅ ਵਿਚਾਲੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ 'ਤੇ 'ਮਿਹਰਬਾਨ' ਹੋਏ ਹਨ। ਕੌਮੀ ਖੇਤੀ ਕਾਨਫ਼ਰੰਸ ਜੋ ਕਿ 28-29 ਸਤੰਬਰ ਨੂੰ ਦਿੱਲੀ ਵਿਖੇ ਹੋਈ, 'ਚ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕ੍ਰਿਸ਼ੀ ਉੱਨਤੀ ਸਕੀਮ ਅਤੇ ਕਣਕ ਦੇ ਬੀਜਾਂ 'ਤੇ ਸਬਸਿਡੀ ਜਾਰੀ ਕਰਨ ਲਈ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਚੌਹਾਨ ਨੂੰ ਅਪੀਲ ਕੀਤੀ ਸੀ। ਕੇਂਦਰੀ ਮੰਤਰੀ ਚੌਹਾਨ ਨੇ ਪੰਜਾਬ ਨੂੰ ਕਣਕ ਦੇ ਬੀਜ 'ਤੇ ਸਬਸਿਡੀ ਲਈ 50 ਕਰੋੜ ਰੁਪਏ ਦੀ ਮਨਜ਼ੂਰੀ ਦੇ ਦਿੱਤੀ।

ਜਾਣਕਾਰੀ ਅਨੁਸਾਰ ਕੇਂਦਰੀ ਮੰਤਰੀ ਨੇ ਮੌਕੇ 'ਤੇ ਹੀ ਮਨਜ਼ੂਰੀ ਪੱਤਰ ਖੇਤੀ ਮੰਤਰੀ ਖੁੱਡੀਆਂ ਨੂੰ ਸੌਂਪ ਦਿੱਤਾ। ਕੇਂਦਰੀ ਖੇਤੀ ਮੰਤਰਾਲੇ ਨੇ ਸਾਲ 2026 ਲਈ ਇਕੱਲੇ ਤੇਲ ਬੀਜਾਂ 'ਤੇ ਹੀ ਆਤਮ ਨਿਰਭਰ ਸਕੀਮ ਤਹਿਤ ਰਾਸ਼ੀ ਦਿੱਤੀ ਜਾ ਰਹੀ ਹੈ ਅਤੇ ਇਸੇ ਕਰਕੇ ਕਣਕ ਦੇ ਬੀਜ 'ਤੇ ਐਤਕੀਂ ਪੰਜਾਬ ਸਬਸਿਡੀ ਨਹੀਂ ਦਿੱਤੀ ਗਈ ਸੀ। ਖੁੱਡੀਆਂ ਨੇ ਪੰਜਾਬ ਲਈ ਉਚੇਚੇ ਤੌਰ 'ਤੇ ਕਣਕ ਦੇ ਬੀਜ 'ਤੇ ਸਬਸਿਡੀ ਰਾਸ਼ੀ ਜਾਰੀ ਕਰਨ ਦੀ ਅਪੀਲ ਕੀਤੀ ਜੋ ਫ਼ੌਰੀ ਮਨਜ਼ੂਰ ਹੋ ਗਈ ਜਦੋਂ ਕਿ ਬਾਕੀ ਕਿਸੇ ਸੂਬੇ ਨੂੰ ਕਣਕ ਦੇ ਬੀਜ 'ਤੇ ਸਬਸਿਡੀ ਰਾਸ਼ੀ ਜਾਰੀ ਨਹੀਂ ਹੋਈ ਹੈ।

ਦੱਸਣਯੋਗ ਹੈ ਕਿ ਪੰਜਾਬ 'ਚ ਢਾਈ ਲੱਖ ਕਣਕ ਦੇ ਪ੍ਰਮਾਣਿਤ ਬੀਜ ਦੀ ਵੰਡ ਸਬਸਿਡੀ 'ਤੇ ਕੀਤੀ ਜਾਣੀ ਹੈ। ਇਸੇ ਤਰ੍ਹਾਂ ਕ੍ਰਿਸ਼ੀ ਉੱਨਤੀ ਸਕੀਮ ਦੀ ਰੁਕੀ ਹੋਈ ਦੂਜੀ ਕਿਸ਼ਤ ਵੀ ਕੇਂਦਰ ਨੇ ਜਾਰੀ ਕਰ ਦਿੱਤੀ ਹੈ ਜੋ ਕਿ 43.12 ਕਰੋੜ ਰੁਪਏ ਬਣਦੀ ਹੈ। ਇਸੇ ਤਰ੍ਹਾਂ ਕੁੱਝ ਫੁਟਕਲ ਕੰਮਾਂ ਲਈ ਵੀ ਰਾਸ਼ੀ ਪ੍ਰਵਾਨ ਹੋਈ ਹੈ। ਪੰਜਾਬ ਲਈ ਕਰੀਬ 100 ਕਰੋੜ ਰੁਪਏ ਦੇ ਕੇਂਦਰੀ ਫ਼ੰਡ ਮਨਜ਼ੂਰ ਹੋ ਗਏ ਹਨ।

## ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਨੂੰ ਅਰਪਿਤ ਕੀਤੀ ਪੁਸ਼ਪਾਂਜਲੀ



**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਲੋਕ ਭਵਨ ਵਿੱਚ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੀ ਜਯੰਤੀ ਸ਼ਰਧਾ ਅਤੇ ਮਾਣ ਨਾਲ ਮਨਾਈ ਗਈ। ਇਸ ਮੌਕੇ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਅਤੇ ਪਹਿਲੀ ਮਹਿਲਾ ਸ਼੍ਰੀਮਤੀ ਮਿਤ੍ਰਾ ਘੋਸ਼ ਨੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਪੂਰਬੀ ਪ੍ਰਧਾਨ ਮੰਤਰੀ ਸ੍ਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਯੰਤੀ 'ਤੇ ਪੁਸ਼ਪਾਂਜਲੀ ਭੇਟ ਕਰਕੇ ਸ਼ਰਧਾਂਜਲੀ ਦਿੱਤੀ।

ਇਸ ਮੌਕੇ ਲੋਕ ਭਵਨ ਵਿੱਚ ਸਰਬ-ਧਰਮ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਸਭਾ ਵਿੱਚ ਰਾਮਧੁਨ ਦਾ ਗਾਇਨ ਕੀਤਾ ਗਿਆ ਅਤੇ ਮਹਾਤਮਾ ਗਾਂਧੀ ਦੇ ਪਸੰਦੀਦਾ ਭਜਨਾਂ ਦੀ ਪੇਸ਼ਕਾਰੀ ਦਿੱਤੀ ਗਈ।

ਪ੍ਰਾਰਥਨਾ ਸਭਾ ਵਿੱਚ ਹਿੰਦੂ, ਮੁਸਲਮਾਨ, ਇਸਾਈ ਅਤੇ ਸਿੱਖ ਧਰਮਾਂ ਦੇ ਧਰਮ ਗੁਰੂਆਂ ਨੇ ਆਪਣੇ ਪ੍ਰਵਚਨਾਂ ਅਤੇ ਭਜਨਾਂ ਰਾਹੀਂ ਸ਼ਾਂਤੀ, ਆਪਸੀ ਭਾਈਚਾਰੇ, ਫ਼ਿਰਕੂ ਸਦਭਾਵਨਾ, ਰਾਸ਼ਟਰੀ ਏਕਤਾ ਅਤੇ ਅਖੰਡਤਾ ਦਾ ਸੰਦੇਸ਼ ਦਿੱਤਾ।

ਇਸ ਮੌਕੇ ਮਹਾਤਮਾ ਗਾਂਧੀ ਅਤੇ ਸ੍ਰੀ ਲਾਲ ਬਹਾਦੁਰ ਸ਼ਾਸਤਰੀ ਦੇ ਆਦਰਸ਼ਾਂ, ਸਾਦਗੀ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਨਮਨ ਕਰਦਿਆਂ ਦੇਸ਼ ਦੇ ਨਿਰਮਾਣ ਵਿੱਚ ਉਨ੍ਹਾਂ ਦੇ ਅਨਮੋਲ ਯੋਗਦਾਨ ਨੂੰ ਯਾਦ ਕੀਤਾ ਗਿਆ।

ਇਸ ਮੌਕੇ ਪੁਲਿਸ ਮਹਾਨਿਦੇਸ਼ਕ ਸ੍ਰੀ ਅਜੇ ਸਿੰਘਲ, ਵਧੀਕ ਮੁੱਖ ਸਕੱਤਰ (ਸਮਾਜਿਕ ਨਿਆਂ, ਅਧਿਕਾਰਿਤਾ, ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਭਲਾਈ ਅਤੇ ਅੰਤੋਦਿਆ ਵਿਭਾਗ) ਸ਼੍ਰੀਮਤੀ ਜੀ. ਅਨੁਪਮਾ, ਕਮਿਸ਼ਨਰ ਅਤੇ ਸਕੱਤਰ ਵਿੱਤ ਵਿਭਾਗ ਸ੍ਰੀ ਸੀ.ਜੀ. ਰਜਨੀ ਕਾਂਤਨ, ਕਮਿਸ਼ਨਰ ਅਤੇ ਸਕੱਤਰ ਤੇ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਸ੍ਰੀ ਕੇ.ਐਮ. ਪਾਂਡੁਰੰਗ, ਰਾਜਪਾਲ ਦੇ ਸਕੱਤਰ ਸ੍ਰੀ ਵਿਜੇਕੁਮਾਰ ਭਾਵਿਕੱਟੀ, ਰਾਜਪਾਲ ਦੇ ਏ.ਡੀ.ਸੀ. ਸ੍ਰੀ ਧੀਰਜ ਕੁਮਾਰ ਸੇਤੀਆ ਅਤੇ ਹਰਿਆਣਾ ਪੁਲਿਸ ਸ਼ਿਕਾਇਤ ਅਥਾਰਟੀ ਦੇ ਚੇਅਰਮੈਨ ਡਾ. ਆਰ.ਸੀ. ਮਿਸ਼ਰਾ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

## ਫਰੀਦਕੋਟ ਸੈਂਟਰਲ ਜੇਲ੍ਹ 'ਚ ਤਲਾਸ਼ੀ ਦੌਰਾਨ 20 ਮੋਬਾਈਲ ਬਰਾਮਦ, 10 ਹਵਾਲਾਤੀਆਂ ਵਿਰੁੱਧ ਕੇਸ ਦਰਜ

**ਫਰੀਦਕੋਟ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਰੀਦਕੋਟ ਦੀ ਕੇਂਦਰੀ ਮਾਡਰਨ ਜੇਲ੍ਹ ਵਿੱਚ ਸੁਰੱਖਿਆ ਇੰਤਜ਼ਾਮਾਂ 'ਤੇ ਇੱਕ ਵਾਰ ਫਿਰ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਜੇਲ੍ਹ ਪ੍ਰਸ਼ਾਸਨ ਵੱਲੋਂ ਵੱਖ-ਵੱਖ ਬੈਰਕਾਂ ਵਿੱਚ ਚਲਾਈ ਗਈ ਅਚਾਨਕ ਤਲਾਸ਼ੀ ਮੁਹਿੰਮ ਦੌਰਾਨ 20 ਮੋਬਾਈਲ ਫੋਨ ਬਰਾਮਦ ਕੀਤੇ ਗਏ ਹਨ। ਇਹ ਕਾਰਵਾਈ ਫਰੀਦਕੋਟ ਕੇਂਦਰੀ ਜੇਲ੍ਹ ਦੇ ਸਹਾਇਕ ਸੁਪਰਡੈਂਟ ਜਸਵੰਤ ਸਿੰਘ ਵੱਲੋਂ ਦਿੱਤੀ ਗਈ ਅਧਿਕਾਰਤ ਸ਼ਿਕਾਇਤ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ। ਜੇਲ੍ਹ ਪ੍ਰਸ਼ਾਸਨ ਦੀ ਸ਼ਿਕਾਇਤ ਦੇ ਆਧਾਰ 'ਤੇ ਸਥਾਨਕ ਪੁਲੀਸ ਨੇ ਕਾਰਵਾਈ ਕਰਦਿਆਂ ਜੇਲ੍ਹ ਅੰਦਰ ਗੈਰ-ਕਾਨੂੰਨੀ ਸੰਚਾਰ ਸਾਧਨ ਰੱਖਣ ਅਤੇ ਤਸਕਰੀ ਕਰਨ ਦੇ ਦੋਸ਼ ਹੇਠ 10 ਹਵਾਲਾਤੀਆਂ ਵਿਰੁੱਧ ਰਸਮੀ ਮਾਮਲਾ ਦਰਜ ਕਰ ਲਿਆ ਹੈ।

ਨਾਮਜ਼ਦ ਕੀਤੇ ਗਏ ਮੁਲਜ਼ਮਾਂ ਵਿੱਚ ਗੁਰਭੇਜਾ ਸਿੰਘ (ਸੰਜੇ ਨਗਰ, ਫਰੀਦਕੋਟ), ਮੰਗਲਦੀਪ ਸਿੰਘ (ਅਰਨੀਵਾਲਾ, ਫਾਜ਼ਿਲਕਾ), ਲਵਪ੍ਰੀਤ ਸਿੰਘ ਉਰਫ਼ ਕਰਨ (ਗੋਨਿਆਣਾ ਰੋਡ, ਮੁਕਤਸਰ), ਜਸਵਿੰਦਰ ਸਿੰਘ (ਸ਼ੇਰਪੁਰ ਤਾਇਬਾ, ਦੱਖਣੀ ਮੋਗਾ), ਅਮਨਦੀਪ ਸਿੰਘ (ਸੋਹਣਗੜ੍ਹ, ਫਾਜ਼ਿਲਕਾ), ਗੋਲਡੀ ਉਰਫ਼ ਗੋਵਿੰਦ (ਫੱਕਰਸਰ ਝੁੱਗੇ, ਫਾਜ਼ਿਲਕਾ), ਤੀਰਥ ਸਿੰਘ ਉਰਫ਼ ਗੁਰੂ (ਅੰਗੜ੍ਹ-ਮੁਬਾਰਕਪੁਰ, ਦੱਖਣੀ ਮੋਗਾ), ਹਰਮਿੰਦਰ ਹਿੰਦ ਸਿੰਘ (ਜੈ ਸਿੰਘ ਵਾਲਾ, ਮੋਗਾ), ਜਸਕਰਨ ਸਿੰਘ (ਬਾਬਾ ਪਾਲਾ ਸਿੰਘ ਰੋਡ, ਧਰਮਕੋਟ, ਮੋਗਾ) ਅਤੇ ਪ੍ਰੀਤਪਾਲ ਸਿੰਘ (ਅਰਨੀਵਾਲਾ, ਫਾਜ਼ਿਲਕਾ) ਸ਼ਾਮਲ ਹਨ।

ਫਿਲਹਾਲ ਇਹਨਾਂ ਨਵੇਂ ਦਰਜ ਮਾਮਲਿਆਂ ਦੇ ਸਬੰਧ ਵਿੱਚ ਅਜੇ ਕੋਈ ਰਸਮੀ ਗ੍ਰਿਫ਼ਤਾਰੀ ਨਹੀਂ ਪਾਈ ਗਈ ਹੈ। ਮਾਮਲੇ ਦੀ ਪੁਸ਼ਟੀ ਕਰਦਿਆਂ ਡਿਪਟੀ ਸੁਪਰਡੈਂਟ ਆਫ਼ ਪੁਲੀਸ (ਡੀ.ਐਸ.ਪੀ.) ਗੁਰਚਰਨ ਸਿੰਘ ਨੇ ਦੱਸਿਆ ਕਿ ਪੱਕੀ ਇਤਲਾਹ ਦੇ ਆਧਾਰ 'ਤੇ ਜੇਲ੍ਹ ਦੀਆਂ ਬੈਰਕਾਂ 'ਚ ਤਲਾਸ਼ੀ ਮੁਹਿੰਮ ਚਲਾਈ ਗਈ ਸੀ। ਪੁਲੀਸ ਨੇ ਹੁਣ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ ਕਿ ਸਖ਼ਤ ਪਹਿਰੇਦਾਰੀ ਵਾਲੀ ਜੇਲ੍ਹ ਅੰਦਰ ਇਹ ਨਿਸ਼ੇਧ ਵਸਤੂਆਂ ਕਿਸ ਮਾਧਿਅਮ ਰਾਹੀਂ ਅਤੇ ਕਿਸ ਦੀ ਮਦਦ ਨਾਲ ਪਹੁੰਚਾਈਆਂ ਜਾ ਰਹੀਆਂ ਸਨ।

## ਨਾਇਬ ਸਿੰਘ ਸੈਣੀ 4 ਤੋਂ 6 ਅਕਤੂਬਰ ਤੱਕ ਸਿੰਗਾਪੁਰ ਦੌਰੇ 'ਤੇ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ 4 ਤੋਂ 6 ਅਕਤੂਬਰ ਤੱਕ ਸਿੰਗਾਪੁਰ ਦੇ ਤਿੰਨ ਦਿਨਾਂ ਮਹੱਤਵਪੂਰਨ ਦੌਰੇ 'ਤੇ ਰਹਿਣਗੇ। ਇਸ ਦੌਰੇ ਦਾ ਉਦੇਸ਼ ਹਰਿਆਣਾ ਅਤੇ ਸਿੰਗਾਪੁਰ ਵਿਚਕਾਰ ਨਿਵੇਸ਼, ਉਦਯੋਗਿਕ ਸਹਿਯੋਗ, ਤਕਨੀਕੀ ਭਾਈਵਾਲੀ ਅਤੇ ਹੁਨਰ ਵਿਕਾਸ ਦੇ ਨਵੇਂ ਮੌਕਿਆਂ ਨੂੰ ਤਲਾਸ਼ਣਾ ਅਤੇ ਉਨ੍ਹਾਂ ਨੂੰ ਠੋਸ ਰੂਪ ਦੇਣਾ ਹੈ। ਮੁੱਖ ਮੰਤਰੀ ਆਪਣੇ ਦੌਰੇ ਦੌਰਾਨ ਲੌਜਿਸਟਿਕਸ, ਸੈਮੀਕੰਡਕਟਰ, ਅਤਿ-ਆਧੁਨਿਕ ਨਿਰਮਾਣ, ਐਗਰੋ ਅਤੇ ਖਾਧ ਪ੍ਰੋਸੈਸਿੰਗ, ਗਲੋਬਲ ਕੈਪੇਬਿਲਟੀ ਸੈਂਟਰ (ਜੀ.ਸੀ.ਸੀ.), ਵਿਮਾਨਨ ਅਤੇ ਸਿੱਖਿਆ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਆਪਸੀ ਸਹਿਯੋਗ ਅਤੇ ਨਿਵੇਸ਼ ਦੀਆਂ ਸੰਭਾਵਨਾਵਾਂ 'ਤੇ ਚਰਚਾ ਕਰਨਗੇ। ਰਾਜ ਸਰਕਾਰ ਦਾ ਟੀਚਾ ਹਰਿਆਣਾ ਨੂੰ ਵਿਸ਼ਵਕ ਨਿਵੇਸ਼ਕਾਂ ਲਈ ਹੋਰ ਜ਼ਿਆਦਾ ਅਨੁਕੂਲ, ਪ੍ਰਤੀਯੋਗੀ ਅਤੇ ਨਵੀਨਤਾ-ਆਧੁਨਿਕ ਉਦਯੋਗਿਕ ਟਿਕਾਣੇ ਵਜੋਂ ਸਥਾਪਿਤ ਕਰਨਾ ਹੈ।

ਸਿੰਗਾਪੁਰ ਦੌਰੇ ਦੌਰਾਨ ਮੁੱਖ ਮੰਤਰੀ ਵੱਖ-ਵੱਖ ਪ੍ਰਤਿਸ਼ਠਿਤ ਉਦਯੋਗ ਸਮੂਹਾਂ, ਨਿਵੇਸ਼ਕਾਂ, ਕਾਰਪੋਰੇਟ ਪ੍ਰਤੀਨਿਧੀਆਂ ਅਤੇ ਖੇਤਰ-ਵਿਸ਼ੇਸ਼ ਦੇ ਮਾਹਰਾਂ ਨਾਲ ਰਾਊਂਡ ਟੇਬਲ ਕਾਨਫਰੰਸ ਵਿੱਚ ਹਿੱਸਾ ਲੈਣਗੇ। ਇਨ੍ਹਾਂ ਮੀਟਿੰਗਾਂ ਵਿੱਚ ਹਰਿਆਣਾ ਦੀ ਉਦਯੋਗਿਕ ਨੀਤੀ, ਨਿਵੇਸ਼-ਅਨੁਕੂਲ ਮਾਹੌਲ, ਮਜ਼ਬੂਤ ਬੁਨਿਆਦੀ ਢਾਂਚੇ, ਬਿਹਤਰ ਕਨੈਕਟੀਵਿਟੀ, ਕੁਸ਼ਲ ਮਨੁੱਖੀ ਸਰੋਤ ਅਤੇ ਤੇਜ਼ੀ ਨਾਲ ਵਿਕਸਤ ਹੋ ਰਹੇ ਉਦਯੋਗਿਕ ਕੋਰੀਡੋਰਾਂ ਦੀਆਂ ਸੰਭਾਵਨਾਵਾਂ ਨੂੰ ਪੇਸ਼ ਕੀਤਾ ਜਾਵੇਗਾ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਿਵੇਸ਼ਕਾਂ ਨਾਲ ਵਨ-ਟੂ-ਵਨ ਮੀਟਿੰਗਾਂ ਵੀ ਕਰਨਗੇ। ਇਨ੍ਹਾਂ ਮੀਟਿੰਗਾਂ ਵਿੱਚ ਸਿੰਗਾਪੁਰ ਦੀਆਂ ਕੰਪਨੀਆਂ ਨੂੰ ਹਰਿਆਣਾ ਵਿੱਚ ਨਿਰਮਾਣ ਇਕਾਈਆਂ ਸਥਾਪਿਤ ਕਰਨ, ਖੋਜ ਅਤੇ ਵਿਕਾਸ ਕੇਂਦਰ ਬਣਾਉਣ, ਲੌਜਿਸਟਿਕਸ ਅਤੇ ਵੇਅਰਹਾਊਸਿੰਗ ਸਹੂਲਤਾਂ ਵਿੱਚ ਨਿਵੇਸ਼ ਕਰਨ, ਖਾਧ ਪ੍ਰੋਸੈਸਿੰਗ ਖੇਤਰ ਦਾ ਵਿਸਥਾਰ ਕਰਨ ਅਤੇ ਉੱਚ ਤਕਨੀਕ ਆਧੁਨਿਕ ਉਦਯੋਗਾਂ ਵਿੱਚ ਭਾਈਵਾਲੀ ਲਈ ਸੱਦਾ ਦਿੱਤਾ ਜਾਵੇਗਾ। ਰਾਜ ਸਰਕਾਰ ਖਾਸ ਤੌਰ 'ਤੇ ਸੈਮੀਕੰਡਕਟਰ ਅਤੇ ਉੱਨਤ ਨਿਰਮਾਣ ਜਿਹੇ ਭਵਿੱਖ-ਕੇਂਦ੍ਰਿਤ ਖੇਤਰਾਂ ਵਿੱਚ ਨਿਵੇਸ਼ ਆਕਰਸ਼ਿਤ ਕਰਨ 'ਤੇ ਜ਼ੋਰ ਦੇ ਰਹੀ ਹੈ। ਇਸ ਦੇ ਨਾਲ ਹੀ ਗਲੋਬਲ ਕੈਪੇਬਿਲਟੀ ਸੈਂਟਰ ਖੇਤਰ ਵਿੱਚ ਹਰਿਆਣਾ ਦੀ ਸਮਰੱਥਾ, ਆਈ.ਟੀ. ਅਤੇ ਤਕਨੀਕੀ ਪ੍ਰਤਿਭਾ, ਰਾਸ਼ਟਰੀ ਰਾਜਧਾਨੀ ਖੇਤਰ ਨਾਲ ਨੇੜਤਾ ਅਤੇ ਵਿਸ਼ਵ ਪੱਧਰੀ ਸ਼ਹਿਰੀ ਢਾਂਚੇ ਨੂੰ ਨਿਵੇਸ਼ਕਾਂ ਦੇ ਸਾਹਮਣੇ ਪ੍ਰਮੁੱਖਤਾ ਨਾਲ ਰੱਖਿਆ ਜਾਵੇਗਾ।

ਖੇਤੀ ਪ੍ਰਧਾਨ ਰਾਜ ਹੋਣ ਦੇ ਨਾਤੇ ਹਰਿਆਣਾ ਐਗਰੋ ਅਤੇ ਖਾਧ ਪ੍ਰੋਸੈਸਿੰਗ ਦੇ ਖੇਤਰ ਵਿੱਚ ਵੀ ਵਿਆਪਕ ਸੰਭਾਵਨਾਵਾਂ ਰੱਖਦਾ ਹੈ। ਮੁੱਖ ਮੰਤਰੀ ਸਿੰਗਾਪੁਰ ਦੇ ਨਿਵੇਸ਼ਕਾਂ ਅਤੇ ਖਾਧ ਉਦਯੋਗ ਨਾਲ ਜੁੜੇ ਪ੍ਰਤੀਨਿਧੀਆਂ ਨਾਲ ਆਧੁਨਿਕ ਫੂਡ ਪ੍ਰੋਸੈਸਿੰਗ, ਕੋਲਡ-ਚੇਨ, ਵੈਲਿਊ ਐਡੀਸ਼ਨ, ਨਿਰਯਾਤ-ਮੁਖੀ ਉਤਪਾਦਨ ਅਤੇ ਖੇਤੀ ਉਤਪਾਦਾਂ ਲਈ ਵਿਸ਼ਵਕ ਬਾਜ਼ਾਰ ਉਪਲਬਧ ਕਰਾਉਣ ਵਰਗੇ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕਰਨਗੇ। ਵਿਮਾਨਨ, ਲੌਜਿਸਟਿਕਸ ਅਤੇ ਸਪਲਾਈ-ਚੇਨ ਪ੍ਰਬੰਧਨ ਦੇ ਖੇਤਰਾਂ ਵਿੱਚ ਵੀ ਸਿੰਗਾਪੁਰ ਦੀ ਮਾਹਰਤਾ ਦਾ ਲਾਭ ਹਰਿਆਣਾ ਨੂੰ ਮਿਲ ਸਕਦਾ ਹੈ। ਦੌਰੇ ਦੌਰਾਨ ਇਨ੍ਹਾਂ ਖੇਤਰਾਂ ਵਿੱਚ ਆਧੁਨਿਕ ਤਕਨੀਕ, ਦੱਖ ਪ੍ਰਬੰਧਨ, ਵੇਅਰਹਾਊਸਿੰਗ, ਮਲਟੀਮੋਡਲ ਕਨੈਕਟੀਵਿਟੀ ਅਤੇ ਉਦਯੋਗਿਕ ਢੋਆ-ਢੁਆਈ ਪ੍ਰਣਾਲੀ ਨਾਲ ਸਬੰਧਤ ਭਾਈਵਾਲੀ ਦੀਆਂ ਸੰਭਾਵਨਾਵਾਂ 'ਤੇ ਚਰਚਾ ਕੀਤੀ ਜਾਵੇਗੀ।

## ਚਿਤਕਾਰਾ ਯੂਨੀਵਰਸਿਟੀ 'ਚ ਹੰਗਾਮੇ ਦੀ ਘਟਨਾ ਸਬੰਧੀ ਦੋ ਗ੍ਰਿਫ਼ਤਾਰ

**ਬਨੂੜ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਪੁਰਾ ਸਥਿਤ ਚਿਤਕਾਰਾ ਯੂਨੀਵਰਸਿਟੀ ਵਿੱਚ 25-26 ਸਤੰਬਰ 2026 ਦੀ ਦਰਮਿਆਨੀ ਰਾਤ ਨੂੰ ਹੋਈ ਵਿਦਿਆਰਥੀ ਹੰਗਾਮੇ ਦੀ ਘਟਨਾ ਦੇ ਸਬੰਧ ਵਿੱਚ ਪਟਿਆਲਾ ਪੁਲੀਸ ਨੇ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ 'ਤੇ ਸੋਸ਼ਲ ਮੀਡੀਆ ਰਾਹੀਂ ਗੁੰਮਰਾਹਕੁੰਨ ਅਫਵਾਹਾਂ ਫੈਲਾਅ ਕੇ ਵਿਦਿਆਰਥੀਆਂ ਨੂੰ ਭੜਕਾਉਣ ਦੇ ਦੋਸ਼ ਹਨ। ਤੱਥਾਂ ਦਾ ਖੁਲਾਸਾ ਕਰਦਿਆਂ ਪਟਿਆਲਾ ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਪਛਾਣ ਨੰਗਲ ਦੇ ਰਹਿਣ ਵਾਲੇ ਹਿਮਾਂਸ਼ੂ ਅਤੇ ਅੰਬਾਲਾ ਦੇ ਆਰੀਅਨ ਵਜੋਂ ਹੋਈ ਹੈ।

ਘਟਨਾ ਤੋਂ ਬਾਅਦ ਘਟਨਾ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ, ਥਾਣਾ ਬਨੂੜ ਵਿਖੇ ਐੱਫ.ਆਈ.ਆਰ. ਦਰਜ ਕੀਤੀ ਗਈ ਸੀ ਅਤੇ ਵੱਡੇ ਪੱਧਰ 'ਤੇ ਜਾਂਚ ਸ਼ੁਰੂ ਕੀਤੀ ਗਈ ਸੀ। ਪੁਲੀਸ ਨੇ ਦੱਸਿਆ ਕਿ ਜਾਂਚ ਦੇ ਹਿੱਸੇ ਵਜੋਂ, ਵਿਦਿਆਰਥੀਆਂ ਅਤੇ ਹੋਰ ਅਸਮਾਜਿਕ ਵਿਅਕਤੀਆਂ ਵੱਲੋਂ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਫੈਲਾਏ ਗਏ ਸੋਸ਼ਲ ਮੀਡੀਆ ਗਤੀਵਿਧੀਆਂ ਅਤੇ ਫ਼ਰਜ਼ੀ ਸੁਨੇਹਿਆਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਗਈ।

ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਦੋਸ਼ੀਆਂ ਨੇ ਵੱਖ-ਵੱਖ ਸੋਸ਼ਲ ਮੀਡੀਆ ਗਰੁੱਪਾਂ ਰਾਹੀਂ ਗੁੰਮਰਾਹਕੁੰਨ ਸੁਨੇਹੇ ਫੈਲਾਅ ਕੇ ਅਤੇ ਪ੍ਰਚਾਰ ਕੇ ਵਿਦਿਆਰਥੀਆਂ ਨੂੰ ਭੜਕਾਇਆ ਅਤੇ ਉਕਸਾਇਆ। ਜਿਸ ਨਾਲ ਯੂਨੀਵਰਸਿਟੀ ਕੈਂਪਸ ਵਿੱਚ ਸਥਿਤੀ ਨੂੰ ਤਣਾਅਪੂਰਨ ਬਣਾਉਣ ਵਿੱਚ ਯੋਗਦਾਨ ਪਿਆ।

ਹੁਣ ਤੱਕ ਇਸ ਮਾਮਲੇ ਵਿੱਚ ਦੋ ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ ਹਨ ਅਤੇ 10 ਹੋਰਾਂ ਨੂੰ ਐੱਫ.ਆਈ.ਆਰ. ਵਿੱਚ ਨਾਮਜ਼ਦ ਕੀਤਾ ਗਿਆ ਹੈ। ਬਾਕੀ ਦੋਸ਼ੀਆਂ ਨੂੰ ਫੜਨ ਲਈ ਪੁਲੀਸ ਟੀਮਾਂ ਵੱਖ-ਵੱਖ ਥਾਵਾਂ 'ਤੇ ਵੀ ਭੇਜ ਦਿੱਤੀਆਂ ਗਈਆਂ ਹਨ।

ਅਧਿਕਾਰੀਆਂ ਨੇ ਕਿਹਾ ਕਿ ਗ਼ਲਤ ਸੂਚਨਾ ਫੈਲਾਉਣ, ਵਿਦਿਆਰਥੀਆਂ ਨੂੰ ਉਕਸਾਉਣ, ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਅਤੇ ਡਿਊਟੀ ਵਿੱਚ ਵਿਘਨ ਪਾਉਣ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀਆਂ ਸਬੰਧਤ ਭੂਮਿਕਾਵਾਂ ਦਾ ਪਤਾ ਲਗਾਉਣ ਲਈ ਅੱਗੇ ਦੀ ਜਾਂਚ ਜਾਰੀ ਹੈ।

## ਚੰਡੀਗੜ੍ਹ ਪ੍ਰਸ਼ਾਸਨ ਨੇ ਐੱਨਐੱਸਡੀਸੀ ਨਾਲ ਰਣਨੀਤਕ ਸਹਿਮਤੀ ਪੱਤਰ 'ਤੇ ਹਸਤਾਖਰ ਕੀਤੇ; ਪੀਐੱਮਕੇਵੀਵਾਈ 4.0 ਦੇ ਤਹਿਤ 'ਕੇਅਰਗਿਵਿੰਗ' ਸਕਿੱਲ ਪਹਿਲ ਦੀ ਸ਼ੁਰੂਆਤ ਕੀਤੀ



**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਵੋਕੇਸ਼ਨਲ ਟ੍ਰੇਨਿੰਗ ਦੇ ਅਵਸਰਾਂ ਦਾ ਵਿਸਤਾਰ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ, ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ (ਸੀਐੱਸਡੀਐੱਮ) ਨੇ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਨਾਲ ਇੱਕ ਸਹਿਮਤੀ ਪੱਤਰ 'ਤੇ ਹਸਤਾਖਰ ਕੀਤੇ।

ਇਸ ਅਵਸਰ 'ਤੇ ਪੰਜਾਬ ਦੇ ਲੋਕ ਭਵਨ ਵਿਖੇ ਪੀਐੱਮਕੇਵੀਵਾਈ 4.0 ਦੇ ਤਹਿਤ ਵਿਸ਼ੇਸ਼ 'ਕੇਅਰਗਿਵਿੰਗ' ਸਕਿੱਲ ਡਿਵੈਲਪਮੈਂਟ ਪਹਿਲ ਦੀ ਵੀ ਸ਼ੁਰੂਆਤ ਕੀਤੀ ਗਈ।

ਇਸ ਪ੍ਰੋਗਰਾਮ ਦੀ ਸ਼ੁਰੂਆਤ ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਦੇ ਸੀਈਓ, ਸ਼੍ਰੀ ਅਰੁਣ ਪਿੱਲਈ ਦੀ ਸੰਖੇਪ ਪ੍ਰਸਤੁਤੀ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਸਮਾਗਮ ਦੇ ਉਦੇਸ਼ ਅਤੇ ਪਿਛੋਕੜ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਐੱਨਐੱਸਡੀਸੀ ਨੇ ਰਣਨੀਤਕ ਸਹਿਯੋਗ ਦੀ ਪਰਿਕਲਪਨਾ, ਉਦੇਸ਼ਾਂ ਅਤੇ ਵਿਆਪਕ ਸਰੂਪ 'ਤੇ ਪ੍ਰਸਤੁਤੀ ਦਿੱਤੀ।

ਸਮਾਗਮ ਦੀਆਂ ਮੁੱਖ ਵਿਸ਼ੇਸ਼ਤਾਵਾਂ:

* ਸੀਐੱਸਡੀਐੱਮ ਅਤੇ ਐੱਨਐੱਸਡੀਸੀ ਨੇ ਹਸਤਾਖਰ ਕੀਤੇ ਸਹਿਮਤੀ ਪੱਤਰ ਦਾ ਰਸਮੀ ਅਦਾਨ-ਪ੍ਰਦਾਨ ਕੀਤਾ। ਇਸ ਨਾਲ ਸਕਿੱਲ ਡਿਵੈਲਪਮੈਂਟ ਅਤੇ ਉਦਯੋਗ ਅਧਾਰਿਤ ਟ੍ਰੇਨਿੰਗ ਲਈ ਇੱਕ ਸਹਿਯੋਗਾਤਮਕ ਢਾਂਚਾ ਸਥਾਪਿਤ ਹੋਵੇਗਾ।
* ਮਾਣਯੋਗ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੀਐੱਮਕੇਵੀਵਾਈ 4.0 ਦੇ ਤਹਿਤ 'ਕੇਅਰਗਿਵਿੰਗ' ਸਕਿੱਲ ਡਿਵੈਲਪਮੈਂਟ ਪਹਿਲ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ।
* ਆਪਣੇ ਸੰਬੋਧਨ ਵਿੱਚ ਮਾਣਯੋਗ ਪ੍ਰਸ਼ਾਸਕ ਨੇ ਮੰਗ-ਅਧਾਰਿਤ ਸਕਿੱਲ ਡਿਵੈਲਪਮੈਂਟ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਇਹ ਰਣਨੀਤਕ ਸਾਂਝੇਦਾਰੀ ਚੰਡੀਗੜ੍ਹ ਦੇ ਨੌਜਵਾਨਾਂ ਨੂੰ ਬਦਲਦੀਆਂ ਉਦਯੋਗਿਕ ਜ਼ਰੂਰਤਾਂ ਅਤੇ ਆਲਮੀ ਰੋਜ਼ਗਾਰ ਦੇ ਅਵਸਰਾਂ ਦੇ ਅਨੁਰੂਪ ਸਕਿੱਲ ਪ੍ਰਦਾਨ ਕਰਕੇ ਉਨ੍ਹਾਂ ਲਈ ਨਵੇਂ ਅਵਸਰ ਖੋਲ੍ਹੇਗੀ।

ਇਹ ਸਮਾਗਮ ਸੰਸਥਾਗਤ ਸਾਂਝੇਦਾਰੀਆਂ, ਉਦਯੋਗਾਂ ਦੀਆਂ ਜ਼ਰੂਰਤਾਂ ਦੇ ਅਨੁਰੂਪ ਟ੍ਰੇਨਿੰਗ ਅਤੇ ਰੋਜ਼ਗਾਰ ਦੇ ਵਿਸਤ੍ਰਿਤ ਅਵਸਰਾਂ ਦੇ ਜ਼ਰੀਏ ਚੰਡੀਗੜ੍ਹ ਦੇ ਸਕਿੱਲ ਡਿਵੈਲਪਮੈਂਟ ਈਕੋ-ਸਿਸਟਮ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਰਿਹਾ। ਇਸ ਵਿੱਚ ਉੱਭਰਦੀ ਗਲੋਬਲ 'ਕੇਅਰ ਇਕੌਨਮੀ' ਵਿੱਚ ਉਪਲਬਧ ਅਵਸਰ ਵੀ ਸ਼ਾਮਲ ਹਨ।

## ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਜਨਮ ਦਿਵਸ 'ਤੇ ਨਿੱਘੀ ਸ਼ਰਧਾਂਜਲੀ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਨ ਮੌਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ।

ਆਪਣੇ ਸੰਦੇਸ਼ ਵਿੱਚ ਸਪੀਕਰ ਸੰਧਵਾਂ ਨੇ ਸੂਬੇ ਦੇ ਲੋਕਾਂ ਨੂੰ ਮਹਾਤਮਾ ਗਾਂਧੀ ਵੱਲੋਂ ਦਰਸਾਏ ਸੱਚ, ਅਹਿੰਸਾ ਅਤੇ ਆਪਸੀ ਸਦਭਾਵਨਾ ਦੇ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਉਨ੍ਹਾਂ ਮਹਾਤਮਾ ਗਾਂਧੀ ਨੂੰ ਇੱਕ ਵਿਲੱਖਣ ਸ਼ਖ਼ਸੀਅਤ ਦੱਸਦਿਆਂ ਕਿਹਾ ਕਿ ਉਨ੍ਹਾਂ ਦੀ ਦੂਰਅੰਦੇਸ਼ ਅਗਵਾਈ ਸਦਕਾ ਹੀ ਭਾਰਤ ਨੂੰ ਆਜ਼ਾਦੀ ਮਿਲੀ ਅਤੇ ਉਨ੍ਹਾਂ ਦੇ ਵੱਖ-ਵੱਖ ਸੰਘਰਸ਼ਮਈ ਅੰਦੋਲਨਾਂ ਨੇ ਬਰਤਾਨਵੀ ਬਸਤੀਵਾਦੀ ਹਕੂਮਤ ਦੀਆਂ ਨੀਹਾਂ ਹਿਲਾ ਦਿੱਤੀਆਂ।

ਸ. ਸੰਧਵਾਂ ਨੇ ਕਿਹਾ ਕਿ ਮਹਾਤਮਾ ਗਾਂਧੀ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਸਦਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਗਾਂਧੀ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਫ਼ਲਸਫ਼ੇ ਤੋਂ ਪ੍ਰੇਰਨਾ ਲੈਂਦੀਆਂ ਰਹਿਣਗੀਆਂ।

## ਖੇਡਾਂ ਵਤਨ ਪੰਜਾਬ ਦੀਆਂ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ 'ਚ ਵੱਖ-ਵੱਖ ਵਰਗਾਂ ਦੇ ਖਿਡਾਰੀਆਂ ਨੇ ਦਿਖਾਏ ਜੌਹਰ

**ਪਟਿਆਲਾ, 3 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ ਪਟਿਆਲਾ ਨੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਕਰਵਾਈਆਂ। ਇਸ ਦੌਰਾਨ ਹਾਕੀ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਵਾਲੀਬਾਲ ਸਮੈਸ਼ਿੰਗ, ਸਾਫਟਬਾਲ, ਨੈੱਟਬਾਲ, ਬਾਸਕਟਬਾਲ, ਪਾਵਰ ਲਿਫਟਿੰਗ, ਕੁਸ਼ਤੀ, ਬਾਕਸਿੰਗ, ਸ਼ੂਟਿੰਗ, ਜੂਡੋ ਅਤੇ ਫੈਨਸਿੰਗ ਵਿੱਚ ਵੱਖ-ਵੱਖ ਉਮਰ ਵਰਗ ਦੇ ਖਿਡਾਰੀਆਂ ਨੇ ਵੱਖ-ਵੱਖ ਸਥਾਨਾਂ 'ਤੇ ਆਪਣੇ ਜੌਹਰ ਦਿਖਾਏ।

ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਗੁਰਮੁਖ ਸਿੰਘ ਪਹਿਲਵਾਨ (ਮਹਾਰਾਜਾ ਰਣਜੀਤ ਸਿੰਘ ਐਵਾਰਡੀ, ਏਸ਼ੀਅਨ ਗੇਮਜ ਮੈਡਲਿਸਟ), ਕੁਲਵਿੰਦਰ ਕੌਰ ਸੀਨੀਅਰ ਚੀਫ ਕੋਚ ਜੂਡੋ ਐਨ.ਐਸ.ਐਨ.ਆਈ.ਐਸ. ਪਟਿਆਲਾ, ਰਣਧੀਰ ਸਿੰਘ ਇੰਟਰਨੈਸ਼ਨਲ ਪਹਿਲਵਾਨ, ਮਹਿੰਦਰ ਸਿੰਘ ਸੈਕਟਰੀ ਰੈਸਲਿੰਗ ਫੈਡਰੈਸ਼ਨ ਆਫ ਪਟਿਆਲਾ, ਚਰਨਜੀਤ ਸਿੰਘ ਭੁੱਲਰ ਜੂਡੋ ਸਟੇਟ ਐਸੋਸੀਏਸ਼ਨ ਵਾਈਸ ਪ੍ਰੈਜੀਡੈਂਟ ਅਤੇ ਲੈਕਚਰਾਰ ਐਜੂਕੇਸ਼ਨ ਵਿਭਾਗ, ਸ਼ਾਮ ਭੁੜਕੀ ਚੀਫ ਕੋਚ ਰੈਸਲਿੰਗ ਐਨ.ਐਸ.ਐਨ.ਆਈ.ਐਸ ਪਟਿਆਲਾ ਨੇ ਵੀ ਸ਼ਿਰਕਤ ਕੀਤੀ। ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕੀਆਂ ਵਿੱਚ ਨਾਭਾ ਦੀ ਟੀਮ ਨੇ ਪਹਿਲਾ ਸਥਾਨ, ਪਟਿਆਲਾ ਅਰਬਨ ਏ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਰੂਰਲ ਦੀ ਟੀਮ ਨੇ ਤੀਸਰਾ ਸਥਾਨ ਅਤੇ ਪਾਤੜਾਂ ਦੀ ਟੀਮ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਲੜਕੀਆਂ ਵਿੱਚ ਪਟਿਆਲਾ ਅਰਬਨ ਏ ਦੀ ਟੀਮ ਨੇ ਪਹਿਲਾ ਸਥਾਨ, ਨਾਭਾ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਅਰਬਨ ਬੀ ਦੀ ਟੀਮ ਨੇ ਤੀਸਰਾ ਸਥਾਨ ਅਤੇ ਪਟਿਆਲਾ ਰੂਰਲ ਦੀ ਟੀਮ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਬਾਸ ਕਟਬਾਲ ਲੜਕੀਆਂ ਅੰਡਰ-21 ਐਸ.ਟੀ. ਮੈਰੀ ਸਕੂਲ ਨੇ ਗੁਰੂਕੁਲ ਸਕੂਲ ਨੂੰ ਹਰਾਇਆ। ਪੰਜਾਬੀ ਯੂਨੀਵਰਸਿਟੀ ਦੀ ਟੀਮ ਨੂੰ ਪੋਲੋ ਗਰਾਊਂਡ ਦੀ ਟੀਮ ਨੇ 37-18 ਦੇ ਫਰਕ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਅੰਡਰ-14 ਲੜਕੀਆਂ ਵਿੱਚ ਪੋਲੋ ਏ ਦੀ ਟੀਮ ਨੇ ਪੋਲੋ ਬੀ ਦੀ ਟੀਮ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ। ਅੰਡਰ-14 ਲੜਕਿਆਂ ਵਿੱਚ ਪੋਲੋ ਏ ਦੀ ਟੀਮ ਆਰ.ਆਰ. ਕੋਚਿੰਗ ਸੈਂਟਰ ਮਲਟੀ ਏ ਦੀ ਟੀਮ ਨੂੰ 37-21 ਦੇ ਫਰਕ ਨਾਲ ਹਰਾ ਕੇ ਜੇਤੂ ਰਹੀ। ਅੰਡਰ-17 ਲੜਕੀਆਂ ਵਿੱਚ ਪੋਲੋ ਬੀ ਦੀ ਟੀਮ ਨੂੰ ਪੋਲੋ ਏ ਦੀ ਟੀਮ ਨੇ 16-26 ਦੇ ਫਰਕ ਨਾਲ ਹਰਾਇਆ। ਫੁੱਟਬਾਲ ਅੰਡਰ-17 ਲੜਕਿਆਂ ਵਿੱਚ ਆਰਮੀ ਫੁੱਟਬਾਲ ਕਲੱਬ ਦੀ ਟੀਮ ਨੇ ਤਲਵੰਡੀ ਮਲਿਕ ਦੀ ਟੀਮ ਨੂੰ 4-0 ਨਾਲ ਹਰਾਇਆ। ਪੋਲੋ ਬੀ ਦੀ ਟੀਮ ਨੇ ਮਾਈ ਭਾਗੋ ਬਣਵਾਲਾ ਦੀ ਟੀਮ ਨੂੰ 3-1 ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਨਾਭਾ ਦੀ ਟੀਮ ਨੇ ਸੈਫਦੀਪੁਰ ਦੀ ਟੀਮ ਨੂੰ ਹਰਾਇਆ। ਹਰੀ ਕ੍ਰਿਸ਼ਨ ਪਬਲਿਕ ਸਕੂਲ ਦੀ ਟੀਮ ਨੇ ਅਕਾਲ ਅਕੈਡਮੀ ਸਕੂਲ ਸਿਊਨਾ ਦੀ ਟੀਮ ਨੂੰ ਹਰਾਇਆ। ਫੁੱਟਬਾਲ ਅੰਡਰ-14 ਲੜਕੀਆਂ ਵਿੱਚ ਐਫ.ਸੀ. ਬਹਾਦਰਗੜ੍ਹ ਸੈਂਟਰ ਦੀ ਟੀਮ ਨੇ ਨਾਨਕਸਰ ਅਕੈਡਮੀ ਪਾਤੜਾਂ ਨੂੰ 4-0 ਨਾਲ ਹਰਾਇਆ।

# ਸਰਕਾਰੀ ਮੁਲਾਜ਼ਮਾਂ ਲਈ ਹਾਈਕੋਰਟ ਦਾ ਵੱਡਾ ਫ਼ੈਸਲਾ, ਅਧਿਆਪਕਾ ਨੇ 32 ਸਾਲਾਂ ਬਾਅਦ ਜਿੱਤੀ ਲੜਾਈ

ਕੌਮੀ ਪਤ੍ਰਿਕਾ

ਚੰਡੀਗੜ੍ਹ 3 ਅਕਤੂਬਰ। ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਮਹੱਤਵਪੂਰਨ ਫ਼ੈਸਲਾ ਸੁਣਾਉਂਦਿਆਂ ਕਿਹਾ ਕਿ ਜੇਕਰ ਕਿਸੇ ਸਰਕਾਰੀ ਮੁਲਾਜ਼ਮ ਦਾ ਅਸਤੀਫ਼ਾ ਸਮਰੱਥ ਅਧਿਕਾਰੀ ਵਲੋਂ ਸਵੀਕਾਰ ਹੀ ਨਹੀਂ ਕੀਤਾ ਗਿਆ ਹੋਵੇ ਤਾਂ ਉਸ ਨੂੰ ਸੇਵਾਮੁਕਤ ਨਹੀਂ ਮੰਨਿਆ ਜਾ ਸਕਦਾ। ਜਸਟਿਸ ਹਰਕੇਸ਼ ਮਨੂਜਾ ਦੀ ਬੈਂਚ ਨੇ 82 ਸਾਲਾ ਸੁਰੇਖਾ ਕੁਮਾਰੀ ਦੀ 32 ਸਾਲ ਪੁਰਾਣੀ ਅਪੀਲ ਸਵੀਕਾਰ ਕਰਦਿਆਂ ਉਨ੍ਹਾਂ ਦੀ ਸੀਨੀਆਰਤਾ ਅਤੇ ਨਤੀਜੇ ਵਜੋਂ ਸੇਵਾ ਲਾਭਾਂ ਨੂੰ ਤੈਅ ਕਰਨ ਲਈ ਸ਼ੁਰੂਆਤੀ ਸੇਵਾ ਮਿਆਦ ਨੂੰ ਜਾਇਜ਼ ਮੰਨਿਆ ਹੈ। ਸੁਰੇਖਾ ਕੁਮਾਰੀ ਦੀ ਨਿਯਮਤ ਦੂਜੀ ਅਪੀਲ 1994 ਤੋਂ ਹਾਈਕੋਰਟ ’ਚ ਲਟਕੀ ਹੋਈ ਸੀ। ਪਟੀਸ਼ਨਕਰਤਾ ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਸੁਰੇਖਾ ਕੁਮਾਰੀ ਨੂੰ 22 ਫਰਵਰੀ, 1967 ਦੇ ਨਿਯੁਕਤੀ ਪੱਤਰ ਤਹਿਤ ਸਮਾਜਿਕ ਅਧਿਐਨ ਅਧਿਆਪਕ ਵਜੋਂ ਨਿਯੁਕਤ ਕੀਤਾ ਗਿਆ ਸੀ। ਉਨ੍ਹਾਂ ਨੇ 18 ਮਾਰਚ, 1967 ਨੂੰ ਸਰਕਾਰੀ ਹਾਈ ਸਕੂਲ, ਜਲਾਲਾਬਾਦ (ਪੱਛਮੀ) ’ਚ ਕਾਰਜਭਾਰ ਸੰਭਾਲਿਆ। ਬਾਅਦ ’ਚ ਉਨ੍ਹਾਂ ਦਾ ਤਬਾਦਲਾ ਸਰਕਾਰੀ ਗਰਲਜ਼ ਹਾਇਰ ਸੈਕੰਡਰੀ ਸਕੂਲ, ਫ਼ਾਜ਼ਿਲਕਾ ’ਚ ਕਰ ਦਿੱਤਾ ਗਿਆ। ਕੁਮਾਰੀ ਨੇ 12 ਸਤੰਬਰ, 1970 ਨੂੰ ਇਕ ਮਹੀਨੇ ਦੇ ਨੋਟਿਸ ਦੇ ਨਾਲ ਅਸਤੀਫ਼ਾ ਦਿੱਤਾ ਅਤੇ 5 ਨਵੰਬਰ, 1970 ਨੂੰ ਉਨ੍ਹਾਂ ਨੂੰ ਸੇਵਾ




ਤੋਂ ਮੁਕਤ ਕਰ ਦਿੱਤਾ ਗਿਆ। ਇਸ ਤੋਂ ਬਾਅਦ ਉਨ੍ਹਾਂ ਦੇ ਅਸਤੀਫ਼ੇ ਨੂੰ ਵਾਪਸ ਲੈਣ ਦੀ ਬੇਨਤੀ ਨੂੰ ਸਵੀਕਾਰ ਕਰ ਲਿਆ ਗਿਆ। ਸਮਰੱਥ ਅਧਿਕਾਰੀ ਵਲੋਂ ਉਨ੍ਹਾਂ ਦਾ ਅਸਤੀਫ਼ਾ ਕਦੇ ਵੀ ਸਵੀਕਾਰ ਨਹੀਂ ਕੀਤਾ ਗਿਆ ਅਤੇ ਮਾਮਲਾ ਸਿੱਖਿਆ ਵਿਭਾਗ ਕੋਲ ਵਿਚਾਰ ਅਧੀਨ ਰਿਹਾ। ਬਾਅਦ ’ਚ ਉਨ੍ਹਾਂ ਨੂੰ ਉਸੇ ਅਹੁਦੇ ’ਤੇ ਸਰਕਾਰੀ ਹਾਈ ਸਕੂਲ, ਜਲਾਲਾਬਾਦ (ਪੱਛਮੀ) ’ਚ ਦੁਬਾਰਾ ਕਾਰਜਭਾਰ ਸੰਭਾਲਣ ਦੀ ਇਜਾਜ਼ਤ ਦਿੱਤੀ ਗਈ, ਜਿੱਥੇ ਉਨ੍ਹਾਂ ਨੇ 30 ਜੁਲਾਈ, 1971 ਨੂੰ ਜੁਆਇਨ ਕੀਤਾ। ਪਟੀਸ਼ਨਕਰਤਾ ਦਾ ਦਾਅਵਾ ਸੀ ਕਿ ਸੀਨੀਅਰਤਾ, ਸੇਵਾ ਅਵਧੀ, ਗ੍ਰੈਚੁਟੀ, ਪੀ. ਐੱਫ. ਅਤੇ ਹੋਰ ਸੇਵਾ ਲਾਭਾਂ ਲਈ ਉਨ੍ਹਾਂ ਦੀ ਕਾਰਜਭਾਰ ਸੰਭਾਲਣ ਦੀ ਅਸਲ ਤਾਰੀਖ਼ 18 ਮਾਰਚ, 1967 ਹੀ ਮੰਨੀ ਜਾਣੀ ਚਾਹੀਦੀ ਹੈ ਨਾ ਕਿ 30 ਜੁਲਾਈ, 1971 ਮੰਨੀ ਜਾਵੇ। ਸੀਨੀਆਰਤਾ ਸੂਚੀ ’ਚ ਵੀ ਉਨ੍ਹਾਂ ਦੀ ਜੁਆਇਨਿੰਗ ਦੀ ਮਿਤੀ 18 ਮਾਰਚ, 1967 ਦਰਜ ਸੀ ਪਰ ਉਨ੍ਹਾਂ ਮੁਤਾਬਕ ਵਿਭਾਗ ਸੇਵਾ ’ਚ ਦਾਖ਼ਲੇ ਦੀ ਮਿਤੀ 30 ਜੁਲਾਈ, 1971 ਮੰਨ ਰਿਹਾ ਸੀ। ਹਾਈਕੋਰਟ ਨੇ ਦੇਖਿਆ ਕਿ ਮੁਲਾਜ਼ਮ ਨੇ ਅਸਤੀਫ਼ਾ ਦਿੱਤਾ ਸੀ ਅਤੇ ਬਾਅਦ ’ਚ ਉਸ ਨੂੰ ਸੇਵਾਮੁਕਤ ਵੀ ਕੀਤਾ ਗਿਆ ਪਰ ਰਿਕਾਰਡ ’ਚ ਅਜਿਹਾ ਕੋਈ ਖ਼ਾਸ ਹੁਕਮ ਜਾਂ ਹੋਰ ਸਮੱਗਰੀ ਮੁਹੱਈਆ ਨਹੀਂ ਹੈ, ਜਿਸ ਨਾਲ ਸਾਬਤ ਹੋਵੇ ਕਿ ਅਸਤੀਫ਼ਾ ਨਿਰਧਾਰਤ ਅਥਾਰਟੀ ਨੇ ਸਵੀਕਾਰ ਜਾਂ ਸਿਫ਼ਾਰਸ਼ ਕੀਤਾ ਗਿਆ ਸੀ। ਜਸਟਿਸ ਮਨੂਜਾ ਨੇ 28 ਜੁਲਾਈ, 1971 ਦੇ ਫ਼?ਰੋਜ਼ਪੁਰ ਜ਼ਿਲ੍ਹਾ ਸਿੱਖਿਆ ਅਧਿਕਾਰੀ ਵੱਲੋਂ ਜਲੰਧਰ ਮੰਡਲ ਸਿੱਖਿਆ ਅਧਿਕਾਰੀ ਨੂੰ ਭੇਜੇ ਪੱਤਰ ਦਾ ਵੀ ਜ਼ਿਕਰ ਕੀਤਾ, ਜਿਸ ’ਚ ਦਰਜ ਸੀ ਕਿ ਅਪੀਲ ਕਰਤਾ ਵੱਲੋਂ ਦਿੱਤਾ ਗਿਆ ਅਸਤੀਫ਼ਾ ਕਦੇ ਸਵੀਕਾਰ ਨਹੀਂ ਸੀ ਕੀਤਾ ਗਿਆ। ਅਦਾਲਤ ਨੇ ਕਿਹਾ ਕਿ 12 ਸਤੰਬਰ, 1970 ਨੂੰ ਦਿੱਤਾ ਗਿਆ ਅਸਤੀਫ਼ਾ ਸਮਰੱਥ ਅਧਿਕਾਰੀ ਵੱਲੋਂ ਕਦੇ ਵੀ ਸਵੀਕਾਰ ਨਹੀਂ ਕੀਤਾ ਗਿਆ। ਅਜਿਹੀ ਸਥਿਤੀ ’ਚ ਮੁਲਾਜ਼ਮ ਤੇ ਮਾਲਕ ਵਿਚਕਾਰ ਸਬੰਧ ਜਾਰੀ ਰਿਹਾ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਸਮਰੱਥ ਅਧਿਕਾਰੀ ਵੱਲੋਂ ਅਸਤੀਫ਼ਾ ਸਵੀਕਾਰ ਕੀਤੇ ਜਾਣ ਤੋਂ ਪਹਿਲਾਂ ਮੁਲਾਜ਼ਮ ਉਸ ਨੂੰ ਅਸਤੀਫ਼ਾ ਵਾਪਸ ਲੈਣ ਦਾ ਹੱਕਦਾਰ ਹੁੰਦਾ ਹੈ। ਅਦਾਲਤ ਨੇ ਨਿਰਦੇਸ਼ ਦਿੱਤਾ ਕਿ 18 ਮਾਰਚ, 1967 ਨੂੰ ਸ਼ੁਰੂਆਤੀ ਨਿਯੁਕਤੀ ਤੋਂ ਲੈ ਕੇ 30 ਜੁਲਾਈ, 1971 ਨੂੰ ਮੁੜ ਕਾਰਜਭਾਰ ਸੰਭਾਲਣ ਤੱਕ ਦੀ ਸਮਾਂਸੀਮਾ ਨੂੰ ਸੀਨੀਆਰਤਾ, ਤਨਖ਼ਾਹ ਦੇ ਪੁਨਰ ਨਿਰਧਾਰਣ, ਪੈਨਸ਼ਨ ਤੇ ਹੋਰ ਸਾਰੇ ਸੇਵਾ ਲਾਭਾਂ ਲਈ ਗਿਣਿਆ ਜਾਵੇ। ਹਾਲਾਂਕਿ ਅਦਾਲਤ ਨੇ ਸਪੱਸ਼ਟ ਕੀਤਾ ਕਿ ਡਿਊਟੀ ਤੋਂ ਗ਼ੈਰ-ਹਾਜ਼ਰੀ ਸਮਾਂ ਸੀਮਾ ਦਾ ਤਨਖ਼ਾਹ ਦਾ ਬਕਾਇਆ ਨਹੀਂ ਮਿਲੇਗਾ। ਅਪੀਲ ਸਵੀਕਾਰ ਕਰਦਿਆਂ ਹਾਈਕੋਰਟ ਨੇ ਪਹਿਲੀ ਅਪੀਲੀ ਅਦਾਲਤ ਦੇ ਫ਼ੈਸਲੇ ਅਤੇ ਹੁਕਮ ਨੂੰ ਰੱਦ ਕਰ ਦਿੱਤਾ। ਨਾਲ ਹੀ ਸਬੰਧਿਤ ਲਾਭ 7 ਫ਼ੀਸਦੀ ਸਲਾਨਾ ਵਿਆਜ ਸਮੇਤ ਹੁਕਮ ਦੀ ਪ੍ਰਾਪਤੀ ਦੀ ਤਾਰੀਖ਼ ਤੋਂ ਭੁਗਤਾਨ ਕੀਤੇ ਜਾਣ ਦਾ ਨਿਰਦੇਸ਼ ਦਿੱਤਾ।

# ਬਹਿਰੀਨ ਵਾਲੀ ਬੀਬੀ ਦੇ ਮਾਮਲੇ ’ਚ ਹਰਜਿੰਦਰ ਸਿੰਘ ਧਾਮੀ ਨੇ ਤੋੜੀ ਚੁੱਪ, ਆਇਆ ਵੱਡਾ ਬਿਆਨ

ਅੰਮ੍ਰਿਤਸਰ 3 ਅਕਤੂਬਰ। ਸ਼?ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਬਹਿਰੀਨ ਵਾਲੀ ਬੀਬੀ ਨਾਲ ਜਬਰ-ਜ਼ਨਾਹ ਵਾਲੇ ਮਾਮਲੇ ’ਤੇ ਚੁੱਪੀ ਤੋੜਦਿਆਂ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਨੂੰ ਇਸ ਮਾਮਲੇ ਬਾਰੇ ਕੋਈ ਜਾਣਕਾਰੀ ਨਹੀਂ ਸੀ। ਧਾਮੀ ਨੇ ਕਿਹਾ ਕਿ ਮੇਰੇ ਉਪਰ ਤਰ੍ਹਾਂ ਤਰ੍ਹਾਂ ਦੇ ਸਵਾਲ ਚੁੱਕੇ ਜਾ ਰਹੇ ਹਨ, ਜਦੋਂ ਇਹ ਮਾਮਲਾ ਮੇਰੇ ਧਿਆਨ ਵਿਚ ਆਇਆ ਮੈਂ ਤੁਰੰਤ ਪ੍ਰਭਾਵ ਨਾਲ ਵਿਭਾਗੀ ਕਾਰਵਾਈ ਸ਼ੁਰੂ ਕਰਵਾਈ, ਜੋ ਹੁਣ ਵੀ ਜਾਰੀ ਹੈ। ਇਸ ਦੀ ਜਾਂਚ ਲਈ ਚਾਰ ਮੈਂਬਰੀ ਕਮੇਟੀ ਬਣਾਈ ਗਈ ਹੈ। ਬਲਦੇਵ ਸਿੰਘ ਕਾਇਮਪੁਰੀ, ਗੁਰਮੀਤ ਸਿੰਘ, ਬੀਬੀ ਗੁਰਿੰਦਰ



ਕੌਰ ਤੇ ਗੁਰਬਖਸ਼ ਸਿੰਘ ਖਾਲਸਾ ਨੂੰ ਇਸ ਕਮੇਟੀ ਵਿਚ ਸ਼ਾਮਲ ਕੀਤਾ ਗਿਆ ਹੈ ਅਤੇ ਬਲਵਿੰਦਰ ਸਿੰਘ ਕਾਲਵਾਂ ਨੂੰ ਕੁਆਰਡੀਨੇਟਰ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਪ੍ਰਧਾਨ ਧਾਮੀ ਨੇ ਇਹ ਵੀ ਦੱਸਿਆ ਕਿ ਇਸ ਮਾਮਲੇ ਵਿਚ ਅਮਰਜੀਤ ਸਿੰਘ ਚਾਵਲਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਦਿੱਤਾ ਅਸਤੀਫਾ ਪ੍ਰਵਾਨ ਕਰ ਲਿਆ ਗਿਆ ਹੈ ਅਤੇ ਮਲਕੀਤ ਸਿੰਘ ਨੂੰ ਸ਼੍ਰੋਮਣੀ ਕਮੇਟੀ ਦੀ ਸਰਵਿਸ ਤੋਂ ਲਾਂਭੇ ਕਰਦਿਆਂ ਉਸ ਦੀ ਪੱਕੀ ਛੁੱਟੀ ਕਰ ਦਿੱਤੀ ਗਈ ਹੈ। ਇਸ ਦੌਰਾਨ ਉਨ੍ਹਾਂ ਸਾਫ ਕੀਤਾ ਕਿ ਇਕ ਦੋ ਵਾਰ ਉਹ ਉਕਤ ਬੀਬੀ ਨੂੰ ਜ਼ਰੂਰ ਮਿਲੇ ਸਨ ਪਰ ਉਹ ਸਾਫ ਕਰਦੇ ਹਨ ਕਿ ਬੀਬੀ ਕਿੱਥੋਂ ਆਈ, ਕੌਣ ਇਸ ਨੂੰ ਲੈ ਕੇ ਆਇਆ ਇਸ ਦੀ ਜਾਣਕਾਰੀ ਉਨ੍ਹਾਂ ਨੂੰ ਮੁੱਢੋਂ ਨਹੀਂ ਸੀ। ਭਾਵੇਂ ਇਕ ਦੋ ਵਾਰ ਬੀਬੀ ਉਨ੍ਹਾਂ ਨੂੰ ਮਿਲੀ ਸੀ ਪਰ ਉਸ ਨੇ ਕਦੇ ਵੀ ਧੱਕੇਸ਼ਾਹੀ ਦੀ ਕੋਈ ਗੱਲ ਨਹੀਂ ਕੀਤੀ। ਜੇ ਬੀਬੀ ਮੇਰੇ ਕੋਲ ਆ ਕੇ ਕਹਿੰਦੀ ਕਿ ਮੇਰੇ ਨਾਲ ਗਲਤ ਕੰਮ ਹੋਇਆ ਹੈ ਤਾਂ ਹਰਜਿੰਦਰ ਸਿੰਘ ਧਾਮੀ ਕਦੇ ਵੀ ਚੁੱਪ ਰਹਿ ਕੇ ਬਰਦਾਸ਼ਤ ਨਹੀਂ ਸੀ ਕਰ ਸਕਦਾ। ਬੀਬੀ ਨੇ ਅਜਿਹੀ ਕੋਈ ਗੱਲ ਮੇਰੇ ਨਾਲ ਨਹੀਂ ਕੀਤੀ। ਬਾਕੀ ਸਾਰੇ ਮਾਮਲੇ ਦੀ ਜਾਂਚ ਕਮੇਟੀ ਵੱਲੋ ਕੀਤੀ ਜਾ ਰਹੀ ਹੈ, 15 ਦਿਨਾਂ ਦੇ ਅੰਦਰ-ਅੰਦਰ ਕਮੇਟੀ ਜਾਂਚ ਰਿਪੋਰਟ ਦੇਵੇਗੀ, ਜਿਸ ਮਗਰੋਂ ਹੋਰ ਸਵਾਲਾਂ ਦਾ ਜਵਾਬ ਦਿੱਤੇ ਜਾਣਗੇ।

## 10 ਰੁਪਏ ਦੇ ਨੋਟ ਦੀ ਪਾਈਪ ਬਣਾ ਕੇ ਹੈਰੋਇਨ ਪੀ ਰਿਹਾ ਨੌਜਵਾਨ ਫੜਿਆ

ਜਲੰਧਰ 3 ਅਕਤੂਬਰ। ਲੈਦਰ ਕੰਪਲੈਕਸ ਰੋਡ ’ਤੇ ਸੜਕ ਕਿਨਾਰੇ ਬੈਠ ਕੇ ਲਾਈਟਰ ਜਲਾ ਕੇ 10 ਰੁਪਏ ਦੇ ਨੋਟ ਦੀ ਪਾਈਪ ਬਣਾ ਕੇ ਹੈਰੋਇਨ ਪੀ ਰਹੇ ਨੌਜਵਾਨ ਨੂੰ ਥਾਣਾ ਬਸਤੀ ਬਾਵਾ ਖੇਲ ਦੀ ਪੁਲਸ ਨੇ ਕਾਬੂ ਕੀਤਾ ਹੈ। ਲੈਦਰ ਕੰਪਲੈਕਸ ਰੋਡ ’ਤੇ ਗਸ਼ਤ ਦੇ ਸਿਲਸਿਲੇ ਵਿਚ ਪੁਲਸ ਪਾਰਟੀ ਸਮੇਤ ਜਾ ਰਹੀ ਐੱਸ. ਆਈ. ਯੁਕਤਾ ਸਹੋਤਾ ਵੱਲੋਂ ਕਾਬੂ ਕੀਤੇ ਗਏ ਉਕਤ ਨੌਜਵਾਨ ਦੀ ਪਛਾਣ ਕਿਰਨ ਕੁਮਾਰ ਬੁੱਗਾ ਪੁੱਤਰ ਰਮੇਸ਼ ਲਾਲ ਵਾਸੀ ਪਿੰਡ ਖੁਰਲਾ ਕਿੰਗਰਾ ਥਾਣਾ ਡਿਵੀਜ਼ਨ ਨੰ. 7 ਜਲੰਧਰ ਵਜੋਂ ਹੋਈ। ਬਸਤੀਆਂ ਇਲਾਕੇ ਵਿਚ ਨਸ਼ਾ ਕਰਨ ਅਤੇ ਵੇਚਣ ਵਾਲਿਆਂ ’ਤੇ ਸਖ਼ਤ ਸ਼ਿਕੰਜਾ ਕੱਸਣ ਵਾਲੇ ਥਾਣਾ ਮੁਖੀ ਐੱਸ. ਐੱਚ. ਓ. ਗੁਰਦੀਪ ਚੰਦ ਨੇ ਦੱਸਿਆ ਕਿ ਪੁਲਸ ਨੇ ਹੈਰੋਇਨ ਪੀਣ ਲਈ ਬੁੱਗਾ ਵਲੋਂ ਵਰਤੇ ਗਏ ਸਾਮਾਨ ਨੂੰ ਵੀ ਆਪਣੇ ਕਬਜ਼ੇ ਵਿਚ ਲੈ ਲਿਆ ਹੈ।

# ਟੀਨ ਸ਼ੈੱਡ ਬਣਿਆ ਜਾਨ ਦਾ ਦੁਸ਼ਮਣ ! ਹਾਈਟੈਂਸ਼ਨ ਤਾਰ ਨਾਲ ਟਕਰਾਉਂਦੇ ਹੀ ਪਿਉ-ਪੁੱਤਰ ਸਮੇਤ 3 ਝੁਲਸੇ, ਕੱਟਣਾ ਪਿਆ ਇੱਕ ਦਾ ਹੱਥ

ਜੌਨਪੁਰ 3 ਅਕਤੂਬਰ। ਜਗਦੀਸ਼ਪੁਰ ਚੌਰਾਹੇ ’ਤੇ ਸਿੰਘ ਕੋਲਡ ਸਟੋਰ ਦੇ ਨੇੜੇ ਬਣੀ ਕਾਲੋਨੀ ਦੇ ਵਿਚਕਾਰੋਂ ਲੰਘ ਰਹੀ 33 ਹਜ਼ਾਰ ਵੋਲਟ ਦੀ



ਹਾਈਟੈਂਸ਼ਨ ਲਾਈਨ ਹਾਦਸੇ ਦਾ ਕਾਰਨ ਬਣ ਗਈ। ਟੀਨ ਸ਼ੈੱਡ ਲਗਾਉਂਦੇ ਸਮੇਂ ਸੀਮੈਂਟ ਵਾਲਾ ਟੀਨ ਸ਼ੈੱਡ ਬਿਜਲੀ ਦੀ ਤਾਰ ਨਾਲ ਛੂਹ ਗਿਆ। ਇਸ ਕਾਰਨ ਤਿਲਕਧਾਰੀ ਵਿਧੀ ਮਹਾਵਿਦਿਆਲਯ ਦੇ ਪ੍ਰਵਕਤਾ ਗਿਆਨ ਪ੍ਰਕਾਸ਼ ਸਿੰਘ, ਉਨ੍ਹਾਂ ਦੇ ਪੁੱਤਰ ਪ੍ਰਾਂਜਲ ਸਿੰਘ ਤੇ ਮਿਸਤਰੀ ਮਹਿੰਦਰ ਕੁਮਾਰ ਗੰਭੀਰ ਰੂਪ ’ਚ ਝੁਲਸ ਗਏ। ਗਿਆਨ ਪ੍ਰਕਾਸ਼ ਦਾ ਇੱਕ ਹੱਥ ਕੱਟਣਾ ਪਿਆ। ਕਾਲੋਨੀ ਵਾਸੀਆਂ ’ਚ ਬਿਜਲੀ ਵਿਭਾਗ ਪ੍ਰਤੀ ਗੁੱਸਾ ਹੈ। ਕਾਲੋਨੀ ’ਚ ਕਰੀਬ 25 ਮਕਾਨ ਹਨ। ਹਾਈਟੈਂਸ਼ਨ ਲਾਈਨ ਨੂੰ ਅੰਡਰਗ੍ਰਾਊਂਡ ਕਰਵਾਉਣ ਜਾਂ ਆਬਾਦੀ ਤੋਂ ਬਾਹਰ ਤਬਦੀਲ ਕਰਨ ਲਈ ਕਈ ਵਾਰ ਬਿਜਲੀ ਵਿਭਾਗ ਨੂੰ ਲਿਖਤੀ ਤੇ ਮੌਖਿਕ ਸ਼ਿਕਾਇਤਾਂ ਕੀਤੀਆਂ ਗਈਆਂ, ਪਰ ਕੋਈ ਕਾਰਵਾਈ ਨਹੀਂ ਹੋਈ। ਗਿਆਨ ਪ੍ਰਕਾਸ਼ ਸਿੰਘ ਆਪਣੇ ਘਰ ਦੇ ਸਾਹਮਣੇ ਟੀਨ ਸ਼ੈੱਡ ਲਗਵਾ ਰਹੇ ਸਨ। ਉਨ੍ਹਾਂ ਦਾ ਪੁੱਤਰ ਪ੍ਰਾਂਜਲ ਤੇ ਮਿਸਤਰੀ ਮਹਿੰਦਰ ਵੀ ਕੰਮ ’ਚ ਲੱਗੇ ਹੋਏ ਸਨ। ਸਿੰਗਰਾਮਊ ਦੇ ਹਰਿਹਰਪੁਰ ਪਿੰਡ ’ਚ ਸ਼ੁੱਕਰਵਾਰ ਨੂੰ ਮੀਂਹ ਦੌਰਾਨ ਬਿਜਲੀ ਦੇ ਖੰਭੇ ਦੇ ਸਟੇ ਤਾਰ ’ਚ ਕਰੰਟ ਆਉਣ ਕਾਰਨ 60 ਸਾਲਾ ਰਾਜਮਣੀ ਮਿਸ਼ਰਾ ਦੀ ਮੌਤ ਹੋ ਗਈ। ਮੀਂਹ ਕਾਰਨ ਬਿਜਲੀ ਦੇ ਖੰਭੇ ਦੇ ਸਟੇ ਤਾਰ ’ਚ ਕਰੰਟ ਆ ਰਿਹਾ ਸੀ। ਇਸੇ ਦੌਰਾਨ ਰਾਜਮਣੀ ਮਿਸ਼ਰਾ ਉਸ ਦੀ ਲਪੇਟ ’ਚ ਆ ਗਏ। ਕਰੰਟ ਲੱਗਣ ਕਾਰਨ ਉਹ ਗੰਭੀਰ ਰੂਪ ’ਚ ਝੁਲਸ ਗਏ। ਨੇੜੇ ਮੌਜੂਦ ਲੋਕਾਂ ਨੇ ਕਿਸੇ ਤਰ੍ਹਾਂ ਉਨ੍ਹਾਂ ਨੂੰ ਤਾਰ ਤੋਂ ਵੱਖ ਕੀਤਾ। ਇਸ ਤੋਂ ਬਾਅਦ ਪਰਿਵਾਰਕ ਮੈਂਬਰ ਉਨ੍ਹਾਂ ਨੂੰ ਤੁਰੰਤ ਕਮਿਊਨਿਟੀ ਹੈਲਥ ਸੈਂਟਰ, ਬਦਲਾਪੁਰ ਲੈ ਗਏ, ਜਿੱਥੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਘਟਨਾ ਨੂੰ ਲੈ ਕੇ ਪਿੰਡ ਵਾਸੀਆਂ ’ਚ ਵੀ ਬਿਜਲੀ ਵਿਭਾਗ ਪ੍ਰਤੀ ਨਾਰਾਜ਼ਗੀ ਹੈ।

# ਨਾ ਘਰ ਟੁੱਟਣਗੇ, ਨਾ ਸੀਵਰੇਜ ਦਾ ਝੰਝਟ ! ਡਰੇਨ ’ਚ ਬੈਕਟੀਰੀਆ ਪਾ ਕੇ ਸਾਫ਼ ਹੋਵੇਗਾ ਸੀਵਰੇਜ

ਕੌਮੀ ਪਤ੍ਰਿਕਾ

ਚੰਡੀਗੜ੍ਹ 3 ਅਕਤੂਬਰ। ਚੰਡੀਗੜ੍ਹ ਦੇ ਫੈਦਾਂ ਪਿੰਡ ’ਚੋਂ ਲੰਘ ਰਹੇ ਗੰਦੇ ਨਾਲੇ (ਡ?ਰੇਨ) ’ਚ ਵਿਸ਼ੇਸ਼ ਬੈਕਟੀਰੀਆ (ਮਾਈਕ੍ਰੋਬੀਅਲ ਕਨਸੋਰਟੀਅਮ) ਪਾ ਕੇ ਹੀ ਸੀਵਰੇਜ ਨੂੰ ਸਾਫ਼ ਕੀਤਾ ਜਾਵੇਗਾ। ਇਹ ਤਕਨੀਕ ਪਿੰਡ ਦੇ ਕਰੀਬ 300 ਪਰਿਵਾਰਾਂ ਲਈ ਸੰਕਟਮੋਚਕ ਸਾਬਤ ਹੋਈ ਹੈ, ਕਿਉਂਕਿ ਹੁਣ ਉਨ੍ਹਾਂ ਦੇ ਸਿਰ ਤੋਂ ਆਪਣਾ ਆਸ਼ਿਆਨਾ ਖੋਹੇ ਜਾਣ ਦਾ ਡਰ ਖਤਮ ਹੋ ਗਿਆ ਹੈ। ਰਾਸ਼ਟਰੀ ਹਰਾ ਅਧਿਕਰਣ (ਐਨਜੀਟੀ) ਦੇ ਸਖ਼ਤ ਰੁਖ ਤੋਂ ਬਾਅਦ ਜਿਨ੍ਹਾਂ ਮਕਾਨਾਂ ’ਤੇ ਡਿਮੋਲਿਸ਼ਨ ਦੀ ਤਲਵਾਰ ਲਟਕ ਰਹੀ ਸੀ, ਉਨ੍ਹਾਂ ਨੂੰ ਨਗਰ ਨਿਗਮ ਦੀ ਇੱਕ ਆਧੁਨਿਕ ਵਿਗਿਆਨਕ ਪਹਿਲ ਨੇ ਬਚਾ ਲਿਆ ਹੈ। ਨਿਗਮ ਹੁਣ ਮੁੰਬਈ ਦੀ ਤਰਜ਼ ’ਤੇ ‘ਇਨ-ਸੀਟੂ’ ਵੇਸਟਵਾਟਰ ਟ?ਰੀਟਮੈਂਟ ਤਕਨੀਕ ਲਾਗੂ ਕਰਨ ਜਾ ਰਿਹਾ ਹੈ। ਇਸ ਪ੍ਰਬੰਧ ਤੋਂ ਬਾਅਦ ਨਾ ਤਾਂ ਪਿੰਡ ’ਚ ਵੱਡੇ ਸੀਵਰੇਜ ਟ?ਰੀਟਮੈਂਟ ਪਲਾਂਟ (ਐਸਟੀਪੀ) ਦੀ ਲੋੜ ਪਵੇਗੀ ਤੇ ਨਾ ਹੀ ਕਿਸੇ ਪਿੰਡ ਵਾਸੀ ਦਾ ਮਕਾਨ ਟੁੱਟੇਗਾ। ਫੈਦਾਂ ਪਿੰਡ ਦੇ ਲਗਭਗ 300 ਘਰਾਂ ਦਾ ਸੀਵਰੇਜ ਸਿੱਧਾ ਖੁੱਲ੍ਹੇ



ਨਾਲੇ (ਡ?ਰੇਨ) ’ਚ ਡਿੱਗ ਰਿਹਾ ਸੀ। ਐਨਜੀਟੀ ਦੀ ਸਖ਼ਤੀ ਤੋਂ ਬਾਅਦ ਪ੍ਰਸ਼ਾਸਨ ਨੇ ਪਿੰਡ ਵਾਸੀਆਂ ਨੂੰ ਅਲਟੀਮੇਟਮ ਦਿੱਤਾ ਸੀ ਕਿ ਉਹ ਜਾਂ ਤਾਂ ਲੱਖਾਂ ਰੁਪਏ ਖਰਚ ਕਰਕੇ ਐਸਟੀਪੀ ਤੱਕ ਪਾਈਪਲਾਈਨ ਵਿਛਾਉਣ ਜਾਂ ਘਰਾਂ ’ਚ ਸੋਖਤਾ ਖੱਡਾ (ਪਿੱਟ) ਬਣਾਉਣ। ਅਜਿਹਾ ਨਾ ਕਰਨ ’ਤੇ ਨਿਗਮ ਨੇ ਘਰਾਂ ਨੂੰ ਤੋੜਨ ਦੇ ਨੋਟਿਸ ਜਾਰੀ ਕਰ ਦਿੱਤੇ ਸਨ। ਇਲਾਕੇ ਦੇ ਕੌਂਸਲਰ ਜਸਬੀਰ ਸਿੰਘ ਲਾਡੀ ਦੇ ਮੁਤਾਬਕ, ਇਸ ਨਵੀਂ ਬਾਇਓ-ਟੈਕਨਾਲੋਜੀ ਦੇ ਆਉਣ ਨਾਲ ਹੁਣ ਗਰੀਬ ਪਰਿਵਾਰਾਂ ਦੇ ਘਰ ਸੁਰੱਖਿਅਤ ਹੋ ਗਏ ਹਨ। ਮੁੰਬਈ ’ਚ ਲੱਗੀ ਪ੍ਰਦਰਸ਼ਨੀ ਦੌਰਾਨ ਇਸ ਸਫਲ ਮਾਡਲ ਨੂੰ ਦੇਖਣ ਤੋਂ ਬਾਅਦ ਨਗਰ ਨਿਗਮ ਕਮਿਸ਼ਨਰ ਅਮਿਤ ਕੁਮਾਰ ਤੇ ਚੀਫ਼ ਇੰਜੀਨੀਅਰ ਸੰਜੇ ਅਰੋੜਾ ਨੇ ਸ਼ਹਿਰ ’ਚ ਇਸ ਨੂੰ ਲਾਗੂ ਕਰਨ ਲਈ ਰਿਕਵੈਸਟ ਫਾਰ ਪ੍ਰੋਪੋਜ਼ਲ (ਆਰਐਫਪੀ) ਤਿਆਰ ਕਰ ਲਿਆ ਹੈ। ਸਿੱਧਾ ਨਾਲੇ ’ਚ ਬੈਕਟੀਰੀਆ ਦੀ ਡੋਜ਼: ਵਗਦੇ ਗੰਦੇ ਪਾਣੀ ’ਚ ਵਿਸ਼ੇਸ਼ ਸੂਖਮ ਜੀਵਾਂ ਦਾ ਮਿਸ਼ਰਣ ਪਾਇਆ ਜਾਵੇਗਾ, ਜੋ ਜੈਵਿਕ ਤਰੀਕੇ ਨਾਲ ਗੰਦਗੀ ਤੇ ਪ੍ਰਦੂਸ਼ਕਾਂ (ਬਾਇਓਲੌਜੀਕਲ ਪਾਲਿਊਟੈਂਟਸ) ਨੂੰ ਖਤਮ ਕਰਨਗੇ। ਡਿਜੀਟਲ ਨਿਗਰਾਨੀ: ਨਾਲੇ ’ਤੇ ਫਲੋ ਮੀਟਰ, 33“੍ ਕੈਮਰੇ ਤੇ ਡਾਟਾ ਲਾਗਰ ਲਗਾਏ ਜਾਣਗੇ। ਪਾਣੀ ਦੀ ਗੁਣਵੱਤਾ ਦੀ ਜਾਂਚ ਲਈ ਨਿਯਮਿਤ ਤੌਰ ’ਤੇ ਲੈਬ ਟੈਸਟਿੰਗ ਕੀਤੀ ਜਾਵੇਗੀ। ‘ਕੰਮ ਦਿਖਾਓ, ਭੁਗਤਾਨ ਪਾਓ’ ਮਾਡਲ ’ਤੇ ਟੈਂਡਰ: ਨਿਗਮ ਨੇ ਇਸ ਪ੍ਰਾਜੈਕਟ ’ਚ ਸਰਕਾਰੀ ਪੈਸੇ ਦੇ ਜੋਖਮ ਨੂੰ ਜ਼ੀਰੋ ਰੱਖਣ ਲਈ ‘ਪਰਫਾਰਮੈਂਸ ਬੇਸਡ ਕਾਂਟ?ਰੈਕਟ’ ਦੀ ਸ਼ਰਤ ਰੱਖੀ ਹੈ। ਨਿਗਮ ਕਮਿਸ਼ਨਰ ਅਮਿਤ ਕੁਮਾਰ ਨੇ ਸਪੱਸ਼ਟ ਕੀਤਾ ਕਿ ਜਦੋਂ ਕੰਪਨੀ ਮੌਕੇ ’ਤੇ ਤਕਨੀਕ ਦੀ ਸਮਰੱਥਾ ਸਾਬਤ ਕਰ ਦੇਵੇਗੀ ਤੇ ਪਾਣੀ ਐਨਜੀਟੀ ਵੱਲੋਂ ਤੈਅ ਮਾਪਦੰਡਾਂ ਅਨੁਸਾਰ ਸਾਫ਼ ਮਿਲੇਗਾ, ਤਾਂ ਹੀ ਭੁਗਤਾਨ ਕੀਤਾ ਜਾਵੇਗਾ। ਫੈਦਾਂ ਡ?ਰੇਨ ਤੋਂ ਹਰ ਰੋਜ਼ 50 ਤੋਂ 70 ਐਮਐਲਡੀ ਸੀਵਰੇਜ ਨਿਕਲਦਾ ਹੈ। ਨਵੀਂ ਤਕਨੀਕ ਨਾਲ ਪ੍ਰਦੂਸ਼ਣ ਦੇ ਪੱਧਰ ਨੂੰ ਵੱਡੀ ਮਾਤਰਾ ’ਚ ਘਟਾਉਣ ਦਾ ਟੀਚਾ ਰੱਖਿਆ ਗਿਆ ਹੈ। ਫੈਦਾਂ ਡ?ਰੇਨ ਤੋਂ ਹਰ ਰੋਜ਼ 50 ਤੋਂ 70 ਐਮਐਲਡੀ ਸੀਵਰੇਜ ਨਿਕਲਦਾ ਹੈ। ਨਵੀਂ ਤਕਨੀਕ ਨਾਲ ਪ੍ਰਦੂਸ਼ਣ ਦੇ ਪੱਧਰ ਨੂੰ ਵੱਡੀ ਮਾਤਰਾ ਵਿੱਚ ਘਟਾਉਣ ਦਾ ਟੀਚਾ ਰੱਖਿਆ ਗਿਆ ਹੈ।

# ਮੀਰੀ ਪੀਰੀ ਖਾਲਸਾ ਮਾਰਚ ਨੇ ਨੌਜਵਾਨੀ ਨੂੰ ਦਿੱਤਾ ਗੁਰਸਿੱਖੀ ਤੇ ਚੜ੍ਹਦੀ ਕਲਾ ਦਾ ਸੁਨੇਹਾ- ਜਥੇਦਾਰ ਗੜਗੱਜ

ਕੌਮੀ ਪਤ੍ਰਿਕਾ

ਅੰਮ੍ਰਿਤਸਰ 3 ਅਕਤੂਬਰ। ਮੀਰੀ-ਪੀਰੀ ਖ਼ਾਲਸਾ ਮਾਰਚ ਤੀਜੇ ਪੜਾਅ ਤਹਿਤ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਤੋਂ ਖ਼ਾਲਸਈ ਜਾਹੋਜਲਾਲ ਨਾਲ ਆਪਣੇ ਅਗਲੇ ਪੜਾਅ ਗੁਰਦੁਆਰਾ ਪਾਤਸ਼ਾਹੀ ਪੰਜਵੀਂ ਓਠੀਆਂ (ਬਟਾਲਾ) ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਜੇ ਧਾਰਮਿਕ ਦੀਵਾਨ ਸਮੇਂ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਪ੍ਰੇਰਣਾ ਕੀਤੀ। ਇਸੇ ਦੌਰਾਨ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ-ਪੀਰੀ ਦੇ ਸਿਧਾਂਤ ਨੂੰ ਅਮਲੀ ਰੂਪ ਦਿੰਦਿਆਂ ਦੋ ਸ੍ਰੀ ਸਾਹਿਬਾਂ ਧਾਰਨ ਕਰਕੇ ਦੁਨੀਆਂ ਨੂੰ ਸੰਤ-ਸਿਪਾਹੀ ਦਾ ਲਾਸਾਨੀ ਸੰਕਲਪ ਦਿੱਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿਰਜਣਾ ਰਾਹੀਂ ਸਿੱਖ ਨੂੰ ਅਨਿਆਂ ਅਤੇ ਜ਼ੁਲਮ ਦੇ ਵਿਰੁੱਧ ਖੜ੍ਹਨ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦਾ ਫ਼ਲਸਫ਼ਾ ‘ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ’ ਮਨੁੱਖ ਨੂੰ ਸੱਚੀ ਆਤਮਿਕਤਾ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਜ਼ੁਲਮ ਵਿਰੁੱਧ ਲੰਮਾ ਸੰਘਰਸ਼ ਕੀਤਾ ਅਤੇ ਅਨੇਕਾਂ ਸ਼ਹਾਦਤਾਂ ਦੇ ਕੇ ਗੁਰੂ ਦੇ ਸਿਧਾਂਤ ਨੂੰ ਹਮੇਸ਼ਾ ਉੱਚਾ ਰੱਖਿਆ। ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਇਹੀ ਸੁਨੇਹਾ ਹੈ ਕਿ ਸਿੱਖ ਗੁਰੂ ਦੇ ਸਿਧਾਂਤ ਨਾਲ ਜੁੜ ਕੇ ਨਾਮ, ਬਾਣੀ, ਸੇਵਾ ਅਤੇ ਸੰਗਤ ਦੇ ਮਾਰਗ ’ਤੇ ਚੱਲੇ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਉਨ੍ਹਾਂ ਨੂੰ ਗੁਰਬਾਣੀ, ਗੁਰਸਿੱਖੀ ਤੇ ਖੇਡਾਂ ਨਾਲ ਜੋੜਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ੇ ਦੀ



ਦਲਦਲ ਵਿਚ ਧੱਕਣ ਵਾਲੀਆਂ ਤਾਕਤਾਂ ਵਿਰੁੱਧ ਇਕਜੁੱਟ ਹੋਣਾ ਸਮੇਂ ਦੀ ਲੋੜ ਹੈ। ਇਸ ਮੌਕੇ ਜਥੇਦਾਰ ਗੜਗੱਜ ਤੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਨਿਭਾਈ। ਖ਼ਾਲਸਾ ਮਾਰਚ ਦੌਰਾਨ ਜਿਥੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ। ਇਸ ਮੌਕੇ ਸ਼?ਰੋਮਣੀ ਕਮੇਟੀ ਦੇ ਮੈਂਬਰ ਗੁਰਿੰਦਰਪਾਲ ਸਿੰਘ ਗੋਰਾ, ਬੀਬੀ ਜਸਬੀਰ ਕੌਰ ਜ਼ਫ਼ਰਵਾਲ, ਅਕਾਲੀ ਆਗੂ ਸੁੱਚਾ ਸਿੰਘ ਲੰਗਾਹ, ਕੰਵਲਪ੍ਰੀਤ ਸਿੰਘ ਕਾਕੀ, ਕੁਲਬੀਰ ਸਿੰਘ ਰਿਆੜ, ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਇੰਚਾਰਜ ਰਾਜਵਿੰਦਰ ਸਿੰਘ ਜੋਗਾ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਗੁਰਤਿੰਦਰਪਾਲ ਸਿੰਘ ਕਾਦੀਆਂ, ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਦੇ ਮੈਨੇਜਰ ਸਤਨਾਮ ਸਿੰਘ ਗੋਸਲ, ਰਣਜੀਤ ਸਿੰਘ ਕਲਿਆਣ, ਬਾਬਾ ਨੱਥਾ ਸਿੰਘ, ਪ੍ਰਿੰਸੀਪਲ ਸੁਰਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਗਿਆਨੀ ਬਲਦੇਵ ਸਿੰਘ ਮੁਹਾਲੀ, ਭੁਪਿੰਦਰ ਸਿੰਘ ਬੁੱਟਰ, ਮੋਹਨਦੀਪ ਸਿੰਘ ਅਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

# ਜਲੰਧਰ ’ਚ ਪੁਰਾਣੀ ਰੰਜਿਸ਼ ਨੇ ਧਾਰਿਆ ਖ਼ੂਨੀ ਰੂਪ, ਨੌਜਵਾਨ ਨੂੰ ਘੇਰ ਕੇ ਕਿਰਪਾਨਾਂ ਨਾਲ ਹਮਲਾ

ਜਲੰਧਰ 3 ਅਕਤੂਬਰ। ਗੜ੍ਹਾ ਦੇ ਵਾਲਮੀਕੀ ਮੁਹੱਲੇ ’ਚ ਪੁਰਾਣੀ ਰੰਜਿਸ਼ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਖ਼ੂਨੀ ਝੜਪ ਹੋ ਗਈ। ਇਸ ਦੌਰਾਨ ਕੁਝ ਨੌਜਵਾਨਾਂ ਨੇ ਈਦਗਾਹ ਮੁਹੱਲਾ ਵਾਸੀ ਮਿੰਟੂ ’ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲੇ ’ਚ ਮਿੰਟੂ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ’ਚ ਦਾਖ਼ਲ ਕਰਵਾਇਆ ਗਿਆ ਹੈ। ਪੂਰੀ ਘਟਨਾ ਮੌਕੇ ’ਤੇ ਲੱਗੇ 33“੍ ਕੈਮਰੇ ’ਚ ਕੈਦ ਹੋ ਗਈ, ਜਿਸ ’ਚ ਹਮਲਾਵਰ ਨੌਜਵਾਨ ’ਤੇ ਕਿਰਪਾਨ ਨਾਲ ਵਾਰ ਕਰਦੇ ਦਿਖਾਈ ਦੇ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਮਿੰਟੂ ਤੇ ਮੁਲਜ਼ਮ ਧਿਰ ਵਿਚਾਲੇ ਪਹਿਲਾਂ ਤੋਂ ਹੀ ਰੰਜਿਸ਼ ਚੱਲ ਰਹੀ ਸੀ। ਇਸੇ ਰੰਜਿਸ਼ ਦੇ ਚਲਦਿਆਂ ਦੋਵੇਂ ਧਿਰਾਂ ਆਹਮੋ-ਸਾਹਮਣੇ ਆ ਗਈਆਂ। ਦੇਖਦੇ ਹੀ ਦੇਖਦੇ ਵਿਵਾਦ ਖ਼ੂਨੀ ਝੜਪ ’ਚ ਬਦਲ ਗਿਆ। 33“੍ ਫੁਟੇਜ ’ਚ ਦਿਖਾਈ ਦੇ ਰਿਹਾ ਹੈ ਕਿ ਕੁਝ ਨੌਜਵਾਨ ਮਿੰਟੂ ਨੂੰ ਘੇਰ ਕੇ ਉਸ ’ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਰਹੇ ਹਨ। ਨੌਜਵਾਨ ਆਪਣੇ ਆਪ ਨੂੰ ਬਚਾਉਣ ਦੀ ਕੋਸ਼ਿਸ਼ ਕਰਦਾ ਹੈ, ਪਰ ਹਮਲਾਵਰ ਲਗਾਤਾਰ ਉਸ ’ਤੇ ਵਾਰ ਕਰਦੇ ਨਜ਼ਰ ਆ ਰਹੇ ਹਨ। ਘਟਨਾ ਦੌਰਾਨ ਇੱਕ ਕੁੱਤਾ ਵੀ ਜ਼ਖਮੀ ਨੌਜਵਾਨ ਦੇ ਕੋਲ ਪਹੁੰਚ ਗਿਆ। ਫੁਟੇਜ ’ਚ ਦਿਖਾਈ ਦਿੰਦਾ ਹੈ ਕਿ ਕੁੱਤਾ ਹਮਲਾਵਰਾਂ ਵੱਲ ਵਧਦਾ ਹੈ, ਜਿਸ ਤੋਂ ਬਾਅਦ ਕੁਝ ਸਮੇਂ ਲਈ ਉਹ ਪਿੱਛੇ ਹਟ ਜਾਂਦੇ ਹਨ। ਇਸ ਤੋਂ ਬਾਅਦ ਹਮਲਾਵਰ ਮੁੜ ਮੌਕੇ ’ਤੇ ਆਉਂਦੇ ਹਨ ਤੇ ਜ਼ਖਮੀ ਨੌਜਵਾਨ ਨਾਲ ਕੁੱਟਮਾਰ ਸ਼ੁਰੂ ਕਰ ਦਿੰਦੇ ਹਨ। ਇਸ ਦੌਰਾਨ ਇੱਕ ਨੌਜਵਾਨ ਹੱਥ ’ਚ ਕਿਰਪਾਨ ਲੈ ਕੇ ਉਸ ਨੂੰ ਲਹਿਰਾਉਂਦਾ ਹੋਇਆ ਦਿਖਾਈ ਦਿੰਦਾ ਹੈ। ਘਟਨਾ ਤੋਂ ਬਾਅਦ ਆਸ-ਪਾਸ ਦੇ ਲੋਕਾਂ ’ਚ ਦਹਿਸ਼ਤ ਦਾ ਮਾਹੌਲ ਬਣ ਗਿਆ। ਜ਼ਖਮੀ ਮਿੰਟੂ ਨੂੰ ਪਰਿਵਾਰਕ ਮੈਂਬਰਾਂ ਤੇ ਲੋਕਾਂ ਦੀ ਮਦਦ ਨਾਲ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਨੇ ਇਸ ਮਾਮਲੇ ’ਚ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਮੁਤਾਬਕ ਗ੍ਰਿਫ਼ਤਾਰ ਮੁਲਜ਼ਮਾਂ ’ਚ ਚੇਤਨ ਉਰਫ਼ ਚੇਲੂ, ਉਸ ਦਾ ਭਰਾ ਲਵਿਸ਼ ਤੇ ਉਨ੍ਹਾਂ ਦਾ ਇੱਕ ਸਾਥੀ ਸ਼ਾਮਲ ਹੈ। ਪੁਲਿਸ ਨੇ 33“੍ ਫੁਟੇਜ ਨੂੰ ਵੀ ਜਾਂਚ ਦਾ ਹਿੱਸਾ ਬਣਾਇਆ ਹੈ। ਪੁਲਿਸ ਦਾ ਕਹਿਣਾ ਹੈ ਕਿ ਮੁੱਢਲੀ ਜਾਂਚ ’ਚ ਮਾਮਲਾ ਪੁਰਾਣੀ ਰੰਜਿਸ਼ ਨਾਲ ਜੁੜਿਆ ਸਾਹਮਣੇ ਆਇਆ ਹੈ। ਮੁਲਜ਼ਮਾਂ ਤੋਂ ਪੁੱਛਗਿੱਛ ਕਰਕੇ ਘਟਨਾ ’ਚ ਵਰਤੇ ਗਏ ਹਥਿਆਰਾਂ ਤੇ ਵਿਵਾਦ ਦੇ ਹੋਰ ਕਾਰਨਾਂ ਬਾਰੇ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

## ਤਿਉਹਾਰਾਂ ਦੇ ਸੀਜ਼ਨ ’ਚ ਖੰਡ ਦੀ ਜਮਹਾਂਖੋਰੀ ਨੂੰ ਰੋਕਣ ਲਈ ਸਰਕਾਰ ਦੀ ਸਖ਼ਤੀ

ਬਿਜ਼ਨੈੱਸ ਡੈਸਕ 3 ਅਕਤੂਬਰ। ਸਰਕਾਰ ਨੇ ਖੰਡ ਬਾਜ਼ਾਰ ਦੇ ਉਛਾਲ ਦੇ ਠੰਡਾ ਹੋਣ ਦੇ ਬਾਵਜੂਦ ਤਿਉਹਾਰਾਂ ਦੇ ਸੀਜ਼ਨ ਦੌਰਾਨ ਜਮ?ਹਾਂਖੋਰੀ ਵਰਗੀਆਂ ਗਤੀਵਿਧੀਆਂ ਵਿਰੁੱਧ ਚੌਕਸੀ ਵਧਾ ਦਿੱਤੀ ਹੈ ਅਤੇ ਸਟਾਕ ਨਿਯਮਾਂ ਨੂੰ ਸਖ਼ਤ ਕਰ ਦਿੱਤਾ ਹੈ। ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਵੱਲੋਂ ਵੀਰਵਾਰ ਨੂੰ ਜਾਰੀ ਇੱਕ ਰਿਲੀਜ਼ ਵਿੱਚ, ਸਰਕਾਰ ਨੇ ਖੰਡ ਵਪਾਰੀਆਂ ਲਈ ਸਟਾਕ ਰੱਖਣ ਦੀ ਮਿਆਦ 15 ਦਿਨ ਘਟਾ ਦਿੱਤੀ ਹੈ ਅਤੇ 1,000 ਕੁਇੰਟਲ ਦੀ ਸਟਾਕ ਸੀਮਾ ਨਿਰਧਾਰਤ ਕੀਤੀ ਹੈ। ਇਹ ਹੁਕਮ 15 ਅਕਤੂਬਰ ਤੋਂ 30 ਨਵੰਬਰ ਤੱਕ ਲਾਗੂ ਰਹੇਗਾ। ਇਹ ਹੁਕਮ ਕੋਲਕਾਤਾ, ਇਸਦੇ ਉਪਨਗਰਾਂ ਅਤੇ ਅਸਾਮ ਰਾਜ ’ਤੇ ਲਾਗੂ ਨਹੀਂ ਹੋਵੇਗਾ। ਪ੍ਰਚੂਨ ਖੰਡ ਦੀਆਂ ਕੀਮਤਾਂ ਵਿੱਚ ਹਾਲ ਹੀ ਵਿੱਚ 15 ਪ੍ਰਤੀਸ਼ਤ ਅਤੇ ਮਿੱਲ ਗੇਟ ਦੀਆਂ ਕੀਮਤਾਂ ਵਿੱਚ ਲਗਭਗ 28 ਪ੍ਰਤੀਸ਼ਤ ਦੀ ਗਿਰਾਵਟ ਆਈ ਹੈ। ਸੋਧੇ ਹੋਏ ਖੰਡ ਬਾਜ਼ਾਰ ਨਿਯਮਾਂ ਤਹਿਤ, ਖੰਡ ਵਪਾਰੀਆਂ ਨੂੰ ਪ੍ਰਾਪਤੀ ਦੀ ਮਿਤੀ ਤੋਂ 15 ਦਿਨਾਂ ਤੋਂ ਵੱਧ ਸਮੇਂ ਲਈ ਖੰਡ ਰੱਖਣ ਦੀ ਆਗਿਆ ਨਹੀਂ ਹੋਵੇਗੀ। ਉਹ ਦੇਸ਼ ਭਰ ਵਿੱਚ ਕਿਸੇ ਵੀ ਸਮੇਂ ਜਾਂ ਜਗ?ਹਾ ’ਤੇ 1,000 ਕੁਇੰਟਲ ਤੋਂ ਵੱਧ ਦਾ ਸਟਾਕ ਨਹੀਂ ਕਰ ਸਕਣਗੇ। ਖਾਸ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਕੋਲਕਾਤਾ ਅਤੇ ਇਸਦੇ ਉਪਨਗਰਾਂ ਅਤੇ ਅਸਾਮ ਰਾਜ ਲਈ 2,000 ਕੁਇੰਟਲ ਦੀ ਸਟਾਕ ਸੀਮਾ ਨਿਰਧਾਰਤ ਕੀਤੀ ਗਈ ਹੈ। ਕੋਲਕਾਤਾ ਉੱਤਰ ਪ੍ਰਦੇਸ਼, ਮਹਾਰਾਸ਼ਟਰ ਅਤੇ ਕਰਨਾਟਕ ਤੋਂ ਖੰਡ ਖਰੀਦਦਾ ਹੈ ਅਤੇ ਇਸਨੂੰ ਉੱਤਰ-ਪੂਰਬ ਸਮੇਤ ਦੇਸ਼ ਦੇ ਪੂਰਬੀ ਹਿੱਸੇ ਵਿੱਚ ਸਪਲਾਈ ਕਰਦਾ ਹੈ।

# ਇਨ੍ਹਾਂ ਸਕੂਲਾਂ ’ਤੇ ਹੋ ਗਈ ਕਾਰਵਾਈ, ਜਾਰੀ ਕੀਤੇ ਗਏ ਨੋਟਿਸ

ਕੌਮੀ ਪਤ੍ਰਿਕਾ

ਅੰਮ੍ਰਿਤਸਰ 3 ਅਕਤੂਬਰ। ਸ਼ਹਿਰ ਦੇ ਨਾਮਵਰ ਪ੍ਰਾਈਵੇਟ ਸਕੂਲਾਂ ਵਿਚ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਖਾਣ-ਪੀਣ ਦੇ ਸਮਾਨ ਦੀ ਗੁਣਵੱਤਾ ਅਤੇ ਕੰਟੀਨਾਂ ਦੀ ਸਫਾਈ ਨੂੰ ਲੈ ਕੇ ਫੂਡ ਸੇਫਟੀ ਵਿਭਾਗ ਨੇ ਬੁੱਧਵਾਰ ਨੂੰ ਵੱਡੀ ਕਾਰਵਾਈ ਕੀਤੀ। ਫੂਡ ਸੇਫਟੀ ਟੀਮਾਂ ਵੱਲੋਂ ਇੱਕੋ ਦਿਨ ਵਿਚ ਕੁੱਲ 5 ਨਾਮਵਰ ਪ੍ਰਾਈਵੇਟ ਸਕੂਲਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਇਕ ਸਕੂਲ ਦੀ ਕੰਟੀਨ ਵਿਚ ਗੰਦਗੀ ਭਰੇ ਹਾਲਾਤ ਅਤੇ ਫੂਡ ਸੇਫਟੀ ਲਾਇਸੰਸ ਨਾ ਹੋਣ ਦਾ ਮਾਮਲਾ ਸਾਹਮਣੇ ਆਉਣ ’ਤੇ ਕੰਟੀਨ ਨੂੰ ਸੀਲ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਲਗਭਗ 10 ਕਿਲੋ ਰੰਗਦਾਰ ਸਨੈਕਸ ਅਤੇ 8 ਕਿਲੋ ਸ਼ੱਕੀ ਸਾਸ ਮੌਕੇ ’ਤੇ ਹੀ ਨਸ਼ਟ ਕਰ ਦਿੱਤੀ ਗਈ। ਇਕ ਹੋਰ ਸਕੂਲ ਦੀ ਕੰਟੀਨ ਨੂੰ ਸਫਾਈ ਦੇ ਮਾਪਦੰਡਾਂ ਦੀ ਪਾਲਣਾ ਨਾ ਕਰਨ ’ਤੇ ਚਲਾਨ ਜਾਰੀ ਕੀਤਾ ਗਿਆ। ਜਾਣਕਾਰੀ ਅਨੁਸਾਰ 3 ਸੀ. ਐੱਫ. ਡੀ. ਏ. ਮੈਡਮ ਆਈ. ਏ. ਐੱਸ. ਕੰਵਲਪ੍ਰੀਤ ਕੌਰ ਬਰਾੜ, ਡਿਪਟੀ ਕਮਿਸ਼ਨਰ ਅਤੇ ਸਿਵਲ ਸਰਜਨ ਦੇ ਹੁਕਮਾਂ ਅਨੁਸਾਰ ਅੰਮ੍ਰਿਤਸਰ ਵਿਚ ਫੂਡ ਸੇਫਟੀ ਟੀਮਾਂ ਵੱਲੋਂ ਪ੍ਰਾਈਵੇਟ ਸਕੂਲਾਂ ਦੀਆਂ ਕੰਟੀਨਾਂ ਅਤੇ ਉੱਥੇ ਵਿਕਣ ਵਾਲੇ ਖਾਣ-ਪੀਣ ਦੇ ਸਮਾਨ ਦੀ ਜਾਂਚ ਕੀਤੀ ਗਈ। ਡੈਜ਼ੀਗਨੇਟਿਡ ਅਫਸਰ-ਕਮ-ਡੀ. ਐੱਚ. ਓ. ਅੰਮ੍ਰਿਤਸਰ ਮਨਜੀਤ ਸਿੰਘ ਰਟੌਲ ਅਤੇ ਫੂਡ ਸੇਫਟੀ ਅਫਸਰ ਸਤਨਾਮ ਸਿੰਘ ਦੀ ਟੀਮ ਵੱਲੋਂ ਦੋ ਸਕੂਲਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਦੋਵਾਂ ਸਕੂਲਾਂ ਨੂੰ ਸੁਧਾਰ ਲਈ ਨੋਟਿਸ



ਜਾਰੀ ਕੀਤੇ ਗਏ। ਡਾ. ਰਟੌਲ ਅਨੁਸਾਰ ਜਾਂਚ ਦੌਰਾਨ ਇਕ ਸਕੂਲ ਦੀ ਕੰਟੀਨ ਵਿਚ ਸਫਾਈ ਦੇ ਮਾਪਦੰਡਾਂ ਦੀ ਉਲੰਘਣਾ ਪਾਈ ਗਈ। ਇਸ ਦੇ ਨਾਲ ਹੀ ਕੰਟੀਨ ਕੋਲ ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ ਇੰਡੀਆ ਦਾ ਲਾਇਸੰਸ ਵੀ ਮੌਜੂਦ ਨਹੀਂ ਸੀ। ਵਿਭਾਗ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਕੰਟੀਨ ਨੂੰ ਸੀਲ ਕਰ ਦਿੱਤਾ ਗਿਆ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਸਕੂਲਾਂ ਵਿਚ ਬੱਚਿਆਂ ਨੂੰ ਖਾਣ-ਪੀਣ ਦੀਆਂ ਵਸਤੂਆਂ ਮੁਹੱਈਆ ਕਰਵਾਉਣ ਵਾਲੀਆਂ ਕੰਟੀਨਾਂ ਲਈ ਸਫਾਈ ਅਤੇ ਲਾਇਸੈਸ ਸਬੰਧੀ ਨਿਯਮਾਂ ਦੀ ਪਾਲਣਾ ਕਰਨਾ ਲਾਜ਼ਮੀ ਹੈ। ਇਸ ਦੌਰਾਨ ਫੂਡ ਸੇਫਟੀ ਅਫਸਰ ਸਿਮਰਨਜੀਤ ਸਿੰਘ ਅਤੇ ਅਮਨਦੀਪ ਸਿੰਘ ’ਤੇ ਅਧਾਰਤ ਦੂਜੀ ਫੂਡ ਸੇਫਟੀ ਟੀਮ ਵੱਲੋਂ ਵੀ ਤਿੰਨ ਸਕੂਲਾਂ ਦੀ ਜਾਂਚ ਕੀਤੀ ਗਈ। ਇਸ ਤਰ੍ਹਾਂ ਦੋਵਾਂ ਟੀਮਾਂ ਨੇ ਮਿਲ ਕੇ ਕੁੱਲ 5 ਸਕੂਲਾਂ ਦੀਆਂ ਕੰਟੀਨਾਂ ਅਤੇ ਉੱਥੇ ਮੌਜੂਦ ਖਾਣ-ਪੀਣ ਦੀਆਂ ਵਸਤੂਆਂ ਦੀ ਜਾਂਚ ਕੀਤੀ। ਡਾ. ਮਨਜੀਤ ਸਿੰਘ ਨੇ ਦੱਸਿਆ ਕਿ ਜਾਂਚ ਦੌਰਾਨ ਟੀਮਾਂ ਵੱਲੋਂ ਲਗਭਗ 10 ਕਿਲੋ ਰੰਗਦਾਰ ਸਨੈਕਸ ਅਤੇ ਕਰੀਬ 8 ਕਿਲੋ ਸ਼ੱਕੀ ਸੋਸ ਬਰਾਮਦ ਕਰਕੇ ਨਸ਼ਟ ਕਰ ਦਿੱਤੀ ਗਈ। ਅਧਿਕਾਰੀਆਂ ਵੱਲੋਂ ਸਕੂਲ ਕੰਟੀਨਾਂ ਦੇ ਸੰਚਾਲਕਾਂ ਅਤੇ ਫੂਡ ਬਿਜ਼ਨਸ ਆਪਰੇਟਰਾਂ ਨੂੰ ਸਖ਼ਤ ਹਦਾਇਤ ਕੀਤੀ ਗਈ ਕਿ ਬੱਚਿਆਂ ਨੂੰ ਵੇਚੇ ਜਾਣ ਵਾਲੇ ਖਾਣ-ਪੀਣ ਦੇ ਸਮਾਨ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਾ ਕੀਤਾ ਜਾਵੇ। ਕੰਟੀਨਾਂ ਵਿੱਚ ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ, ਖਾਣ-ਪੀਣ ਦੀਆਂ ਵਸਤਾਂ ਨੂੰ ਸਹੀ ਢੰਗ ਨਾਲ ਸਟੋਰ ਕਰਨ ਅਤੇ ਸਾਰੇ ਲਾਜ਼ਮੀ ਨਿਯਮਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ। ਸਫਾਈ ਵਾਲੇ ਹਾਲਾਤ ਕਾਰਨ ਚਲਾਨ ਵੀ ਜਾਰੀ ਕੀਤਾ ਗਿਆ। ਵਿਭਾਗ ਨੇ ਸਪੱਸ਼ਟ ਕੀਤਾ ਕਿ ਸਕੂਲਾਂ ਵਿਚ ਵਿਦਿਆਰਥੀਆਂ ਦੀ ਸਿਹਤ ਨੂੰ ਧਿਆਨ ਵਿਚ ਰੱਖਦਿਆਂ ਕੰਟੀਨਾਂ ਦੀ ਸਫਾਈ ਅਤੇ ਖਾਣ-ਪੀਣ ਦੇ ਸਮਾਨ ਦੀ ਗੁਣਵੱਤਾ ਦੀ ਜਾਂਚ ਅੱਗੇ ਵੀ ਜਾਰੀ ਰਹੇਗੀ। ਫੂਡ ਬਿਜ਼ਨਸ ਆਪਰੇਟਰਾਂ ਨੂੰ ਚਿਤਾਵਨੀ ਦਿੱਤੀ ਗਈ ਕਿ ਨਿਯਮਾਂ ਦੀ ਉਲੰਘਣਾ ਮਿਲਣ ’ਤੇ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।